ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 13 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੨੮ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਡੀ. ਜੀ. ਪੀ. ਦੀ ਵੱਡੀ ਕਾਰਵਾਈ, ਪੰਜਾਬ 'ਚ ਉੱਚ-ਪੱਧਰੀ ਨਾਕੇ ਲਗਾਉਣ ਦੇ ਨਿਰਦੇਸ਼



**ਚੰਡੀਗੜ੍ਹ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਗਏ ਹੁਕਮਾਂ ਅਨੁਸਾਰ ਸੁਤੰਤਰਤਾ ਦਿਵਸ-2025 ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਪੁਲਸ ਬਲ ਨੂੰ ਮੌਜੂਦਾ ਸੁਰੱਖਿਆ ਵਿਵਸਥਾ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਅੱਤਵਾਦ ਵਿਰੋਧੀ ਰਣਨੀਤੀਆਂ ਦੀ ਸਮੀਖਿਆ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਸਰਹੱਦੀ ਸੂਬੇ ਵਿਚ ਕਿਸੇ ਵੀ ਕਾਨੂੰਨ ਵਿਵਸਥਾ ਦੀ ਉਲੰਘਣਾ ਨੂੰ ਰੋਕਣ ਲਈ ਅੰਤਰ-ਜ਼ਿਲ੍ਹਾ ਤਾਲਮੇਲ, ਉੱਚ-ਪੱਧਰੀ ਨਾਕਿਆਂ ਅਤੇ ਹਰ ਸਮੇਂ ਨਿਗਰਾਨੀ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਡੀਜੀਪੀ ਅੰਮ੍ਰਿਤਸਰ, ਜਲੰਧਰ ਅਤੇ ਲੁਧਿਆਣਾ ਦੇ ਕਮਿਸ਼ਨਰਾਂ ਅਤੇ ਪੁਲਸ ਰੇਂਜਾਂ - ਸਰਹੱਦੀ, ਜਲੰਧਰ, ਲੁਧਿਆਣਾ ਅਤੇ ਰੋਪੜ ਦੇ ਅਧਿਕਾਰੀਆਂ ਨਾਲ ਕਾਨੂੰਨ-ਵਿਵਸਥਾ ਸਬੰਧੀ ਸਮੀਖਿਆ ਮੀਟਿੰਗਾਂ ਅਤੇ ਆਊਟਰੀਚ ਸੈਸ਼ਨਾਂ ਦੀ ਪ੍ਰਧਾਨਗੀ ਕਰਨ ਲਈ ਦੌਰੇ 'ਤੇ ਸਨ।

## ਪਾਣੀ ਦੀ ਮਾਰ ਹੇਠ ਆਏ ਕਈ ਪਿੰਡ

# ਪੰਜਾਬ ਭਾਰੀ ਹੜ੍ਹਾਂ ਦਾ ਸ਼ਿਕਾਰ

**ਚੰਡੀਗੜ੍ਹ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਾਨਸੂਨ ਕਾਰਨ ਪੰਜਾਬ ਦੇ ਕਈ ਇਲਾਕਿਆਂ 'ਚ ਹੜ੍ਹਾਂ ਦੀ ਸਥਿਤੀ ਬਣੀ ਹੋਈ ਹੈ। ਕਿਸਾਨਾਂ ਦੀਆਂ ਹਜ਼ਾਰਾਂ ਏਕੜ ਫਸਲ ਤਬਾਹ ਹੋ ਗਈ ਹੈ ਪਰ ਪੰਜਾਬ ਸਰਕਾਰ ਹੜ੍ਹ ਪ੍ਰਬੰਧਨ ਤੇ ਕਿਸਾਨਾਂ ਦੀ ਦੇਖਭਾਲ 'ਚ ਬੁਰੀ ਤਰ੍ਹਾਂ ਅਸਫਲ ਸਾਬਤ ਹੋਈ ਹੈ। ਇਹ ਦੋਸ਼ ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ ਨੇ ਪੰਜਾਬ ਸਰਕਾਰ ਤੇ ਲਗਾਇਆ ਹੈ। ਇਸ ਮੌਕੇ ਪਰਗਟ ਸਿੰਘ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਪੰਜਾਬ ਭਾਰੀ ਹੜ੍ਹਾਂ ਦਾ ਸ਼ਿਕਾਰ ਹੈ – ਸੁਲਤਾਨਪੁਰ ਲੋਧੀ ਤੇ ਕਪੂਰਥਲਾ ਦੇ 17 ਪਿੰਡ ਬੰਨ੍ਹ ਟੁੱਟਣ ਕਾਰਨ ਪਾਣੀ ਦੀ ਮਾਰ ਹੇਠ ਆ ਗਏ ਹਨ, ਫ਼ਸਲਾਂ, ਘਰ ਤੇ ਰੋਜ਼ੀ-ਰੋਟੀ ਤਬਾਹ ਹੋ ਗਈ ਹੈ। ਇਹ ਸਿਰਫ਼ ਕੁਦਰਤੀ ਆਫ਼ਤ ਨਹੀਂ, ਸਗੋਂ ਪ੍ਰਸ਼ਾਸਨਿਕ ਲਾਪਰਵਾਹੀ ਦਾ ਨਤੀਜ਼ਾ ਹੈ। 2023 ਤੋਂ ਲੈ ਕੇ ਅੱਜ ਤੱਕ ਕੁਝ ਨਹੀਂ ਬਦਲਿਆ, ਸਰਕਾਰ ਨੇ ਕੋਈ ਸਬਕ ਨਹੀਂ ਸਿੱਖਿਆ – ਉਹੀ ਫੇਲ੍ਹ ਹੜ੍ਹ ਪ੍ਰਬੰਧਨ, ਉਹੀ ਬੰਨ੍ਹਾਂ ਦੀ ਮੁਰੰਮਤ ਅਤੇ ਨਿਗਰਾਨੀ 'ਚ ਨਾਕਾਮੀ। ਭਗਵੰਤ ਮਾਨ ਜੀ, ਪੰਜਾਬ ਨੂੰ ਬਹਾਨਿਆਂ ਦੀ ਨਹੀਂ, ਤੁਰੰਤ ਰਾਹਤ, ਰੈਸਕਿਊ ਅਤੇ ਲੰਬੇ ਸਮੇਂ ਲਈ ਹੜ੍ਹ ਕੰਟਰੋਲ ਯੋਜਨਾਵਾਂ ਦੀ ਲੋੜ ਹੈ। ਇਸ ਮੌਕੇ ਪਰਗਟ ਸਿੰਘ ਨੇ ਮੰਗ ਕੀਤੀ ਹੈ ਕਿ ਇਸ ਮਾਮਲੇ 'ਚ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਜਾਵੇ ਤੇ ਪੰਜਾਬ ਹੜ੍ਹ ਪ੍ਰਬੰਧਨ ਐਕਟ ਪਾਸ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ ਉਨ੍ਹਾਂ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਕਿਸਾਨਾਂ ਦੀਆਂ ਤਬਾਹ ਹੋਈਆਂ ਫਸਲਾਂ ਦੀ ਗਿਰਦਾਵਰੀ ਕਰਵਾਉਣੀ ਚਾਹੀਦੀ ਹੈ ਤੇ ਜਲਦੀ ਤੋਂ ਜਲਦੀ ਮੁਆਵਜ਼ੇ ਦਾ ਐਲਾਨ ਕਰਨਾ ਚਾਹੀਦਾ ਹੈ। ਪਰਗਟ ਸਿੰਘ ਨੇ ਕਿਹਾ ਕਿ ਕਪੂਰਥਲਾ, ਮੁਕੇਰੀਆ, ਸੁਲਤਾਨਪੁਰ ਲੋਧੀ, ਤਰਨਤਾਰਨ, ਪਠਾਨਕੋਟ, ਫਾਜ਼ਿਲਕਾ ਤੇ ਹੋਰ ਖੇਤਰਾਂ 'ਚ ਸਥਿਤੀ ਕਾਬੂ ਤੋਂ ਬਾਹਰ ਹੈ। ਇਹ ਸਥਿਤੀ ਸਿਰਫ ਮੌਸਮ ਕਾਰਨ ਹੀ ਨਹੀਂ ਹੈ, ਸਗੋਂ ਗੰਭੀਰ ਪ੍ਰਸ਼ਾਸਨਿਕ ਲਾਪਰਵਾਹੀ ਦਾ ਨਤੀਜਾ ਹੈ ਪਹਾੜੀ ਇਲਾਕਿਆਂ 'ਚ ਭਾਰੀ ਬਾਰਿਸ਼ ਤੇ ਡੈਮਾਂ ਤੋਂ ਵਾਧੂ ਪਾਣੀ ਛੱਡਣਾ ਹਰ ਸਾਲ ਇਕ ਨਿਸ਼ਚਿਤ ਪ੍ਰਕਿਰਿਆ ਹੈ, ਫਿਰ ਵੀ ਸਤਲੁਜ, ਬਿਆਸ ਤੇ ਰਾਵੀ ਦੇ ਕੰਢਿਆਂ ਤੇ ਬੰਨ੍ਹਾਂ ਦੀ ਮੁਰੰਮਤ ਨਹੀਂ ਕੀਤੀ ਗਈ, ਨਾਲੀਆਂ ਦੀ ਸਫਾਈ ਨਹੀਂ ਕੀਤੀ ਗਈ ਤੇ ਸੰਵੇਦਨਸ਼ੀਲ ਥਾਵਾਂ ਤੇ ਨਿਗਰਾਨੀ ਨਹੀਂ ਰੱਖੀ ਗਈ।



## ਸਤਲੁਜ ਦੇ ਵਹਾਅ 'ਚ ਵਹੇ 50 ਲੋਕ, ਡੈਮਾਂ 'ਚ ਵਧਿਆ ਪਾਣੀ ਦਾ ਪੱਧਰ, ਤਿੰਨ ਦਿਨ ਭਾਰੀ ਮੀਂਹ ਦਾ ਅਲਰਟ

**ਫਿਰੋਜ਼ਪੁਰ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਮੌਸਮ ਵਿਭਾਗ ਨੇ ਪੰਜਾਬ ਵਿੱਚ ਕੋਈ ਅਲਰਟ ਜਾਰੀ ਨਹੀਂ ਕੀਤਾ ਹੈ, ਪਰ ਕੁਝ ਜ਼ਿਲ੍ਹਿਆਂ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਅੰਮ੍ਰਿਤਸਰ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਸਵੇਰੇ ਹਲਕੀ ਬਾਰਿਸ਼ ਨਾਲ ਗਰਮੀ ਤੋਂ ਰਾਹਤ ਮਿਲੀ, ਜਦੋਂ ਕਿ ਹਿਮਾਚਲ ਪ੍ਰਦੇਸ਼ ਵਿੱਚ ਲਗਾਤਾਰ ਬਾਰਿਸ਼ ਕਾਰਨ ਨਦੀਆਂ ਦੇ ਪਾਣੀ ਦਾ ਪੱਧਰ ਵਧ ਗਿਆ ਹੈ। ਇੱਥੇ ਫਿਰੋਜ਼ਪੁਰ ਦੇ ਸਰਹੱਦੀ ਕਸਬਾ ਮਮਦੋਟ ਦੇ ਗਜ਼ਨੀ ਵਾਲਾ ਪਿੰਡ ਨੇੜੇ ਸਤਲੁਜ ਦਰਿਆ ਦੇ ਪਾਰ ਖੇਤੀ ਕਰਨ ਗਏ ਔਰਤਾਂ ਸਮੇਤ ਲਗਭਗ 50 ਲੋਕ ਪਾਣੀ ਦੇ ਤੇਜ਼ ਵਹਾਅ ਵਿੱਚ ਫਸ ਗਏ। ਵਾਪਸ ਆਉਂਦੇ ਸਮੇਂ ਉਨ੍ਹਾਂ ਦੀ ਕਿਸ਼ਤੀ ਪਾਕਿਸਤਾਨ ਵੱਲ ਵਧਣ ਲੱਗੀ ਅਤੇ ਪਲਟਣ ਵਾਲੀ ਸੀ। ਸਥਿਤੀ ਨੂੰ ਗੰਭੀਰ ਹੁੰਦੇ ਦੇਖ ਕੇ ਪਿੰਡ ਦੇ ਕੁਝ ਨੌਜਵਾਨ ਦੂਜੀ ਕਿਸ਼ਤੀ ਵਿੱਚ ਪਹੁੰਚੇ ਅਤੇ ਸਾਰਿਆਂ ਨੂੰ ਸੁਰੱਖਿਅਤ ਕਿਨਾਰੇ 'ਤੇ ਪਹੁੰਚਾਇਆ। ਪਿੰਡ ਵਾਸੀਆਂ ਅਨੁਸਾਰ ਗਜ਼ਨੀ ਵਾਲਾ ਪਿੰਡ ਦਰਿਆ ਦੇ ਪਾਰ ਸਥਿਤ ਹੈ ਤੇ ਲੋਕ ਹਰ ਰੋਜ਼ ਕਿਸ਼ਤੀ ਰਾਹੀਂ ਖੇਤੀ ਕਰਨ ਜਾਂਦੇ ਹਨ, ਪਰ ਇਹ ਹਾਦਸਾ ਪਾਣੀ ਦੇ ਪੱਧਰ ਵਿੱਚ ਵਾਧੇ ਅਤੇ ਤੇਜ਼ ਵਹਾਅ ਕਾਰਨ ਵਾਪਰਿਆ। ਤੁਹਾਨੂੰ ਦੱਸ ਦੇਈਏ ਕਿ ਸੂਬੇ ਵਿੱਚ ਅਗਲੇ ਤਿੰਨ ਦਿਨਾਂ ਵਿੱਚ ਚੰਗਾ ਅਤੇ ਆਮ ਨਾਲੋਂ ਵੱਧ ਮੀਂਹ ਪੈ ਸਕਦਾ ਹੈ। ਪਿਛਲੇ ਦਿਨ ਕੁਝ ਜ਼ਿਲ੍ਹਿਆਂ ਵਿੱਚ ਵੀ ਮੀਂਹ ਦਰਜ ਕੀਤਾ ਗਿਆ। ਲੁਧਿਆਣਾ ਵਿੱਚ 0.2 ਮਿਲੀਮੀਟਰ, ਪਟਿਆਲਾ ਵਿੱਚ 1.4 ਮਿਲੀਮੀਟਰ, ਮੋਹਾਲੀ ਵਿੱਚ 3 ਮਿਲੀਮੀਟਰ ਅਤੇ ਰੂਪਨਗਰ ਵਿੱਚ 10 ਮਿਲੀਮੀਟਰ ਦਰਜ ਕੀਤਾ ਗਿਆ ਹੈ। ਇਸ ਨਾਲ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 2.7 ਡਿਗਰੀ ਸੈਲਸੀਅਸ ਦੀ ਗਿਰਾਵਟ ਆਈ ਅਤੇ ਹੁਣ ਤਾਪਮਾਨ ਲਗਭਗ ਆਮ ਹੋ ਗਿਆ ਹੈ। ਅੰਮ੍ਰਿਤਸਰ ਵਿੱਚ ਸਭ ਤੋਂ ਵੱਧ ਤਾਪਮਾਨ 36.3 ਡਿਗਰੀ ਸੈਲਸੀਅਸ ਸੀ, ਜੋ ਕਿ ਆਮ ਨਾਲੋਂ 2.2 ਡਿਗਰੀ ਸੈਲਸੀਅਸ ਵੱਧ ਸੀ, ਪਰ ਸਵੇਰ ਦੀ ਬਾਰਿਸ਼ ਨੇ ਰਾਹਤ ਦਿੱਤੀ। ਲੁਧਿਆਣਾ ਵਿੱਚ ਵੱਧ ਤੋਂ ਵੱਧ ਤਾਪਮਾਨ 32.9 ਡਿਗਰੀ ਸੈਲਸੀਅਸ, ਪਟਿਆਲਾ ਵਿੱਚ 31.5 ਡਿਗਰੀ ਸੈਲਸੀਅਸ ਅਤੇ ਬਠਿੰਡਾ ਵਿੱਚ 35 ਡਿਗਰੀ ਸੈਲਸੀਅਸ ਰਿਹਾ।

## ਸ਼੍ਰੋਮਣੀ ਅਕਾਲੀ ਦਲ ਨੇ 55 ਸੀਨੀਅਰ ਆਗੂਆਂ ਨੂੰ ਉਪ ਪ੍ਰਧਾਨ ਵੱਜੋਂ ਕੀਤਾ ਨਿਯੁਕਤ

**ਚੰਡੀਗੜ੍ਹ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਲਗਾਤਾਰ ਪਾਰਟੀ ਦਾ ਵਿਸਤਾਰ ਕੀਤਾ ਜਾ ਰਿਹਾ ਹੈ, ਜਿਸ ਤਹਿਤ ਵੱਖ-ਵੱਖ ਯੋਗ ਆਗੂਆਂ ਨੂੰ ਨਿਯੁਕਤੀਆਂ ਦੇ ਕੇ ਸਨਮਾਨਤ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਮੰਗਲਵਾਰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ 55 ਸੀਨੀਅਰ ਆਗੂਆਂ ਨੂੰ ਵੱਡੀ ਜ਼ਿੰਮੇਵਾਰ ਨਾਲ ਨਿਵਾਜਿਆ ਅਤੇ ਉਪ ਪ੍ਰਧਾਨ ਵੱਜੋਂ ਨਿਯੁਕਤ ਕੀਤਾ। ਸੁਖਬੀਰ ਸਿੰਘ ਬਾਦਲ ਵੱਲੋਂ ਜਿਨ੍ਹਾਂ ਆਗੂਆਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਉਨ੍ਹਾਂ ਵਿੱਚ ਜਗਦੇਵ ਸਿੰਘ ਬੋਪਾਰਾਏ, ਸੰਜੀਵ ਤਲਵਾਰ, ਸੰਜੀਵ ਕੁਮਾਰ ਸ਼ੋਰੀ, ਜੋਧ ਸਿੰਘ ਸਮਰਾ, ਬਲਜੀਤ ਸਿੰਘ ਜਲਾਲਉਸਮਾ, ਗੁਰਿੰਦਰਪਾਲ ਸਿੰਘ ਲਾਲੀ ਰਣੀਕੇ, ਹਰਿੰਦਰ ਸਿੰਘ ਮਹਿਰਾਜ, ਇਕਬਾਲ ਸਿੰਘ ਬਬਲੀ ਢਿੱਲੋਂ, ਮੋਹਨ ਸਿੰਘ ਬੰਗੀ, ਕੁਲਵੰਤ ਸਿੰਘ ਕੀਤੂ, ਰੋਹਿਤ ਕੁਮਾਰ ਮੋਂਟੂ ਵੋਹਰਾ, ਗੁਰਤੇਜ ਸਿੰਘ ਘੁੜਿਆਣਾ, ਸਤਿੰਦਰਜੀਤ ਸਿੰਘ ਮੰਟਾ, ਜਗਸੀਰ ਸਿੰਘ ਬੱਬੂ ਜੈਮਲਵਾਲਾ, ਅਸ਼ੋਕ ਅਨੇਜਾ, ਪ੍ਰੇਮ ਵਲੇਚਾ, ਨਰੇਸ਼ ਮਹਾਜਨ, ਪਰਮਜੀਤ ਸਿੰਘ ਪੰਮਾ, ਨਿਸ਼ਾਨ ਸਿੰਘ, ਸੁਰਜੀਤ ਸਿੰਘ ਰਾਏਪੁਰ, ਪ੍ਰੀਤਇੰਦਰ ਸਿੰਘ ਸੰਮੇਵਾਲੀ, ਮਨਜਿੰਦਰ ਸਿੰਘ ਬਿੱਟੂ, ਨਵਤੇਜ ਸਿੰਘ ਕਾਉਂਣੀ, ਰਾਜਵਿੰਦਰ ਸਿੰਘ ਧਰਮਕੋਟ, ਚਰਨਜੀਤ ਸਿੰਘ ਕਾਲੇਵਾਲ, ਅਮਰਿੰਦਰ ਸਿੰਘ ਬਜਾਜ, ਜਸਪਾਲ ਸਿੰਘ ਬਿੱਟੂ ਚੱਠਾ, ਮੱਖਣ ਸਿੰਘ ਲਾਲਕਾ, ਅਜਮੇਰ ਸਿੰਘ ਖੇੜਾ ਅਤੇ ਜਰਨੈਲ ਸਿੰਘ ਔਲਖ ਸ਼ਾਮਲ ਹਨ। ਇਨ੍ਹਾਂ ਨਾਂਵਾਂ ਤੋਂ ਇਲਾਵਾ ਰਵਿੰਦਰ ਸਿੰਘ ਬ੍ਰਹਮਪੁਰਾ, ਡਾ: ਰਾਜ ਸਿੰਘ ਡਿੱਬੀਪੁਰਾ, ਓਮ ਪ੍ਰਕਾਸ਼ ਕੰਬੋਜ ਜੰਡਵਾਲਾ ਭੀਮੇਸ਼ਾਹ, ਬਲਕਾਰ ਸਿੰਘ ਬਰਾੜ, ਲਖਵਿੰਦਰ ਸਿੰਘ ਰੋਹੀਵਾਲਾ, ਬਲਜੀਤ ਸਿੰਘ ਭੁੱਟਾ, ਕਮਲਜੀਤ ਚਾਵਲਾ, ਜਰਨੈਲ ਸਿੰਘ ਡੋਗਰਾਂਵਾਲਾ, ਪ੍ਰੇਮ ਕੁਮਾਰ ਅਰੋੜਾ, ਸੰਜੀਤ ਸਿੰਘ ਸੰਨੀ ਗਿੱਲ, ਗੁਲਜ਼ਾਰ ਸਿੰਘ ਮੂਨਕ, ਗੁਰਇਕਬਾਲ ਸਿੰਘ ਮਾਹਲ, ਐਚ.ਐਸ. ਵਾਲੀਆ, ਪਰਉਪਕਾਰ ਸਿੰਘ ਘੁੰਮਣ, ਰਮਨਦੀਪ ਸਿੰਘ ਸੰਧੂ, ਮਹਿੰਦਰ ਸਿੰਘ ਲਾਲਵਾ, ਲਖਵੀਰ ਸਿੰਘ ਲਾਠ, ਪਰਮਜੀਤ ਸਿੰਘ ਪੰਮਾ, ਰਵਿੰਦਰ ਸਿੰਘ ਚੀਮਾ, ਰਾਜਵਿੰਦਰ ਸਿੰਘ ਸਿੱਧੂ ਐਡ, ਬਿਕਰਮਜੀਤ ਖਾਲਸਾ, ਇਕਬਾਲ ਸਿੰਘ ਪੁਨੀਆ, ਗੁਰਦੇਵ ਸਿੰਘ ਆਲਮਕੇ, ਸੁਰਿੰਦਰ ਸ਼ਿੰਦੀ ਅਤੇ ਗੁਰਪ੍ਰੀਤ ਸਿੰਘ ਲਾਪਰਾਂ ਨੂੰ ਉਪਰੋਕਤ ਜ਼ਿੰਮੇਵਾਰੀ ਸੌਂਪੀ ਗਈ ਹੈ।



## ਸ਼ਰਮਨਾਕ !ਅਮਰੀਕਾ ਵਿੱਚ 70 ਸਾਲਾ ਸਿੱਖ ਬਜ਼ੁਰਗ 'ਤੇ ਹਮਲਾ, ਕੁੱਟ-ਕੁੱਟ ਕੇ ਕੀਤਾ ਲਹੂ ਲੁਹਾਣ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ

**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਭਾਰਤੀ ਕ੍ਰਿਕਟਰ ਅਤੇ ਆਮ ਆਦਮੀ ਪਾਰਟੀ (ਆਪ) ਦੇ ਰਾਜ ਸਭਾ ਮੈਂਬਰ ਹਰਭਜਨ ਸਿੰਘ ਨੇ ਅਮਰੀਕਾ ਦੇ ਉੱਤਰੀ ਹਾਲੀਵੁੱਡ ਵਿੱਚ 70 ਸਾਲਾ ਸਿੱਖ ਬਜ਼ੁਰਗ ਹਰਪਾਲ ਸਿੰਘ 'ਤੇ ਹੋਏ ਵਹਿਸ਼ੀ ਹਮਲੇ 'ਤੇ ਡੂੰਘੀ ਚਿੰਤਾ ਅਤੇ ਗੁੱਸਾ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਹਮਲਾ ਸਿਰਫ਼ ਪੀੜਤ 'ਤੇ ਨਹੀਂ ਹੈ, ਸਗੋਂ ਮਨੁੱਖਤਾ, ਵਿਭਿੰਨਤਾ ਅਤੇ ਆਪਸੀ ਸਤਿਕਾਰ ਵਰਗੀਆਂ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਹੈ। ਹਰਭਜਨ ਸਿੰਘ ਨੇ ਇਸ ਦੋ ਦਿਨ ਪੁਰਾਣੀ ਘਟਨਾ ਦਾ ਵੀਡੀਓ ਸਾਂਝਾ ਕੀਤਾ ਹੈ, ਜਿਸ ਵਿੱਚ ਸਿੱਖ ਬਜ਼ੁਰਗ ਖੂਨ ਨਾਲ ਲੱਥਪੱਥ ਜ਼ਮੀਨ 'ਤੇ ਬੈਠਾ ਦਿਖਾਈ ਦੇ ਰਿਹਾ ਹੈ ਅਤੇ ਉਨ੍ਹਾਂ ਦਾ ਪੂਰਾ ਸਰੀਰ ਖੂਨ ਨਾਲ ਲੱਥਪੱਥ ਹੈ। ਉਨ੍ਹਾਂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਨਿਗਰਾਨੀ ਹੇਠ ਰੱਖਿਆ ਹੈ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਹਮਲਾ ਨਸਲੀ ਅਤੇ ਨਫ਼ਰਤ ਭਰੀਆਂ ਭਾਵਨਾਵਾਂ ਨਾਲ ਕੀਤਾ ਗਿਆ ਸੀ, ਜਿਸ ਵਿੱਚ ਉਨ੍ਹਾਂ ਦੇ ਵਿਸ਼ਵਾਸ, ਨਸਲੀ ਪਛਾਣ ਅਤੇ ਦਿੱਖ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਹਰਭਜਨ ਸਿੰਘ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇੱਕ ਪੋਸਟ ਜਾਰੀ ਕੀਤੀ। ਜਿਸ ਵਿੱਚ ਉਨ੍ਹਾਂ ਕਿਹਾ- ਮੈਂ ਉੱਤਰੀ ਹਾਲੀਵੁੱਡ ਵਿੱਚ ਹੋਏ ਇਸ ਭਿਆਨਕ ਨਫ਼ਰਤ ਭਰੇ ਅਪਰਾਧ ਤੋਂ ਬਹੁਤ ਹੈਰਾਨ ਅਤੇ ਗੁੱਸੇ ਵਿੱਚ ਹਾਂ, ਜਿਸ ਵਿੱਚ 70 ਸਾਲਾ ਸਿੱਖ ਬਜ਼ੁਰਗ ਹਰਪਾਲ ਸਿੰਘ 'ਤੇ ਬੇਰਹਿਮੀ ਨਾਲ ਹਮਲਾ ਕੀਤਾ ਗਿਆ ਸੀ। ਹਰਪਾਲ ਸਿੰਘ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਅਧੀਨ ਹੈ। ਕਿਸੇ ਨੂੰ ਉਸ ਦੇ ਵਿਸ਼ਵਾਸ, ਨਸਲੀ ਪਛਾਣ ਜਾਂ ਦਿੱਖ ਕਾਰਨ ਨਿਸ਼ਾਨਾ ਬਣਾਉਣਾ ਇੱਕ ਕਾਇਰਤਾਪੂਰਨ ਅਤੇ ਘਿਣਾਉਣਾ ਕੰਮ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਹਮਲਾ ਸਿਰਫ਼ ਇੱਕ ਵਿਅਕਤੀ 'ਤੇ ਨਹੀਂ, ਸਗੋਂ ਸਮਾਜ ਨੂੰ ਇਕੱਠੇ ਰੱਖਣ ਵਾਲੀਆਂ ਕਦਰਾਂ-ਕੀਮਤਾਂ 'ਤੇ ਹੈ। ਹਰਭਜਨ ਨੇ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਇਸ ਮਾਮਲੇ ਵਿੱਚ ਦੋਸ਼ੀਆਂ ਵਿਰੁੱਧ ਸਖ਼ਤ ਤੇ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ। ਅੱਗੇ ਹਰਭਜਨ ਸਿੰਘ ਨੇ ਕਿਹਾ- ਮੈਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਅਤੇ ਅਮਰੀਕੀ ਅਧਿਕਾਰੀਆਂ ਨੂੰ ਅਪੀਲ ਕਰਦਾ ਹਾਂ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਨਿਆਂ ਹੋਣਾ ਹੀ ਨਹੀਂ ਸਗੋਂ ਹੁੰਦਾ ਵੀ ਦਿਖਾਈ ਦੇਣਾ ਚਾਹੀਦਾ ਹੈ।



## "ਤੈਅ ਸਮੇਂ ਦੀ ਸਜ਼ਾ ਪੂਰੀ ਕਰ ਚੁੱਕੇ ਦੋਸ਼ੀਆਂ ਨੂੰ ਰਿਹਾਅ ਕੀਤਾ ਜਾਣਾ ਚਾਹੀਦੈ", ਉਮਰ ਕੈਦ 'ਤੇ ਸੁਪਰੀਮ ਕੋਰਟ ਦਾ ਵੱਡਾ ਫੈਸਲਾ

**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਿਹਾ ਕਿ ਇੱਕ ਨਿਸ਼ਚਿਤ ਮਿਆਦ ਲਈ ਉਮਰ ਕੈਦ ਦੀ ਸਜ਼ਾ ਪ੍ਰਾਪਤ ਦੋਸ਼ੀ ਨੂੰ ਨਿਰਧਾਰਤ ਸਮਾਂ ਪੂਰਾ ਹੋਣ ਤੋਂ ਬਾਅਦ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਅਦਾਲਤ ਨੇ ਇਹ ਵੀ ਕਿਹਾ ਕਿ ਉਨ੍ਹਾਂ ਮਾਮਲਿਆਂ ਵਿੱਚ ਛੋਟ ਦੇ ਹੁਕਮ ਦੀ ਕੋਈ ਲੋੜ ਨਹੀਂ ਹੈ ਜਿੱਥੇ ਦੋਸ਼ੀਆਂ ਨੂੰ ਆਪਣੀ ਪੂਰੀ ਜ਼ਿੰਦਗੀ ਜੇਲ੍ਹ ਵਿੱਚ ਬਿਤਾਉਣ ਦੀ ਸਜ਼ਾ ਸੁਣਾਈ ਗਈ ਹੈ। ਸੁਪਰੀਮ ਕੋਰਟ ਨੇ ਇਹ ਟਿੱਪਣੀ 2002 ਦੇ ਨਿਤੀਸ਼ ਕਟਾਰਾ ਕਤਲ ਕੇਸ ਵਿੱਚ ਦੋਸ਼ੀ ਸੁਖਦੇਵ ਪਹਿਲਵਾਨ ਦੀ ਰਿਹਾਈ ਦਾ ਹੁਕਮ ਦਿੰਦੇ ਹੋਏ ਕੀਤੀ। ਅਦਾਲਤ ਨੇ ਕਿਹਾ ਕਿ ਉਸਨੂੰ ਜੇਲ੍ਹ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਉਸਨੇ ਆਪਣੀ 20 ਸਾਲ ਦੀ ਸਜ਼ਾ ਪੂਰੀ ਕਰ ਲਈ ਹੈ। ਸੁਪਰੀਮ ਕੋਰਟ ਨੇ ਮੰਗਲਵਾਰ ਸਵੇਰੇ ਕਿਹਾ ਕਿ 2002 ਦੇ ਨਿਤੀਸ਼ ਕਟਾਰਾ ਕਤਲ ਕੇਸ ਵਿੱਚ ਦੋਸ਼ੀ ਸੁਖਦੇਵ ਪਹਿਲਵਾਨ ਨੂੰ ਜੇਲ੍ਹ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਉਸਨੇ ਆਪਣੀ 20 ਸਾਲ ਦੀ ਸਜ਼ਾ ਪੂਰੀ ਕਰ ਲਈ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਪਹਿਲਵਾਨ ਵਰਗੇ ਦੋਸ਼ੀ ਨੂੰ ਇੱਕ ਨਿਸ਼ਚਿਤ ਮਿਆਦ ਲਈ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ, ਪਰ ਉਸਨੂੰ ਨਿਸ਼ਚਿਤ ਸਜ਼ਾ ਪੂਰੀ ਹੋਣ ਤੋਂ ਬਾਅਦ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਅਦਾਲਤ ਨੇ ਇਹ ਵੀ ਕਿਹਾ ਕਿ ਮੁਆਫ਼ੀ ਦੇ ਹੁਕਮ ਦੀ ਕੋਈ ਲੋੜ ਨਹੀਂ ਹੈ, ਜਿਵੇਂ ਕਿ ਉਨ੍ਹਾਂ ਦੋਸ਼ੀਆਂ ਦੇ ਮਾਮਲਿਆਂ ਵਿੱਚ ਲੋੜੀਂਦਾ ਹੈ ਜਿਨ੍ਹਾਂ ਨੂੰ ਸਜ਼ਾ ਸੁਣਾਈ ਗਈ ਹੈ ਅਤੇ ਆਪਣੀ ਪੂਰੀ ਜ਼ਿੰਦਗੀ ਜੇਲ੍ਹ ਵਿੱਚ ਬਿਤਾਉਣੀ ਪੈਂਦੀ ਹੈ। ਅਦਾਲਤ ਨੇ ਉਨ੍ਹਾਂ ਹੋਰਾਂ ਬਾਰੇ ਵੀ ਚਿੰਤਾ ਪ੍ਰਗਟ ਕੀਤੀ, ਜੋ ਆਪਣੀ ਸਜ਼ਾ ਪੂਰੀ ਕਰਨ ਦੇ ਬਾਵਜੂਦ ਵੀ ਜੇਲ੍ਹ ਵਿੱਚ ਹੋ ਸਕਦੇ ਹਨ, ਅਤੇ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਨੇ ਆਪਣੀ ਸਜ਼ਾ ਪੂਰੀ ਕਰ ਲਈ ਹੈ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਪਹਿਲਵਾਨ ਨੂੰ ਜੇਲ੍ਹ ਵਿੱਚ ਰੱਖਣ ਦੇ ਫੈਸਲੇ 'ਤੇ ਸਵਾਲ ਉਠਾਉਂਦੇ ਹੋਏ, ਜਸਟਿਸ ਬੀ.ਵੀ. ਨਾਗਰਥਨਾ ਅਤੇ ਕੇ.ਵੀ. ਵਿਸ਼ਵਨਾਥਨ ਦੇ ਬੈਂਚ ਨੇ ਕਿਹਾ, "ਜੇ ਇਹ ਰਵੱਈਆ ਜਾਰੀ ਰਿਹਾ, ਤਾਂ ਹਰ ਦੋਸ਼ੀ ਜੇਲ੍ਹ ਵਿੱਚ ਮਰ ਜਾਵੇਗਾ।" ਦਰਅਸਲ, 29 ਜੁਲਾਈ ਨੂੰ, ਅਦਾਲਤ ਨੇ ਸੁਖਦੇਵ ਪਹਿਲਵਾਨ ਦੀ ਰਿਹਾਈ ਦਾ ਹੁਕਮ ਦਿੱਤਾ ਸੀ, ਜਿਸਦਾ ਅਸਲ ਨਾਮ ਸੁਖਦੇਵ ਯਾਦਵ ਹੈ। ਪਰ ਸਜ਼ਾ ਸਮੀਖਿਆ ਬੋਰਡ ਨੇ ਉਸਦੇ ਆਚਰਣ ਦਾ ਹਵਾਲਾ ਦਿੰਦੇ ਹੋਏ ਉਸਦੀ ਰਿਹਾਈ 'ਤੇ ਰੋਕ ਲਗਾ ਦਿੱਤੀ ਸੀ।



ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161





CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ
AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਆਵਾਜ਼ਿ ਕੌਮ AWAZE QAUM
International Newspaper & WEB TV



ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
"ਨੌਂਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ"
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2025 ਦਿਨ ਸ਼ੁੱਕਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ
ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਬੁੱਧਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ੁੱਕਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਸੁਖਬੀਰ ਸਿੰਘ ਗੁਰੂ ਨਾਨਕ ਦਲ ਮੜੀਆਂ ਵਾਲੇ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਘੁੰਮਣਾ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ
ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਡਬਲ-ਐੱਸ
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ⋆ ਗੁਰੂ ਪੰਥ ਦੇ ਦਾਸਰੇ ⋆

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਵਾਹਿਗੁਰੂ ਜੀ ਕਾ ਖਾਲਸਾ।

**ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ**
**ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ**

ਵਾਹਿਗੁਰੂ ਜੀ ਕੀ ਫ਼ਤਹਿ॥

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖ਼ਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

✶ ਸਲਾਹ ✶
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
## ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--✶ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ✶--

**RAGHBIR SINGH**
+44 7458 381111, +44 7976 210161

**PARAMJIT SHERGILL**
+44 7858 198159

**INDERJIT KAUR**
+44 7883 635835

**KULWINDER MANN**
+44 7900 982906

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**
**Request to all Sangat to have own travel Insurance individualy!**

**Program is subject to change without Prior Notice.**

## JOURNEY OF A LIFE TIME

## PANJ TAKHAT YATRA

**5 TAKHAT YATRA - 10 NIGHTS / 11 DAYS**

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

**( FROM 15th FEB 2026 TO 25th FEB 2026 )**

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

**RAGHBIR SINGH**
(CALL + 44 7458 381111, + 44 7976 210161)

PARAMJIT SHERGILL +44 7858 198159

INDERJIT KAUR +44 7883 635835

KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

### ਪੰਜ ਮੈਂਬਰੀ ਕਮੇਟੀ ਨੇ ਭਰਤੀ ਪ੍ਰਕਿਰਿਆ ਤੋਂ ਬਾਦ ਗਿਆਨੀ ਹਰਪ੍ਰੀਤ ਸਿੰਘ ਨੂੰ ਨਵੇਂ ਅਕਾਲੀ ਦਲ ਦਾ ਪ੍ਰਧਾਨ ਤੇ ਬੀਬੀ ਸਤਵੰਤ ਕੌਰ ਨੂੰ

# ਪੰਥਕ ਕੌਂਸਲ ਦੀ ਚੇਅਰਪਰਸਨ ਨਿਯੁਕਤ ਕਰ ਵਧੀਆ ਫੈਸਲਾ ਲਿਆ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ )**-ਦੋ ਦਸੰਬਰ ਦੇ ਹੁਕਮਾਂ ਉਪਰੰਤ ਪੰਜ ਮੈਂਬਰੀ ਕਮੇਟੀ ਨੇ ਭਰਤੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਨਵੇਂ ਅਕਾਲੀ ਦਲ ਦਾ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੂੰ ਬਣਾਇਆ ਅਤੇ ਪੰਥਕ ਕੌਂਸਲ ਦੀ ਚੇਅਰਪਰਸਨ ਬੀਬੀ ਸਤਵੰਤ ਕੌਰ ਨੂੰ ਬਣਾ ਕੇ ਵਧੀਆ ਤੇ ਸ਼ਲਾਘਾਯੋਗ ਕਦਮ ਪੁੱਟਿਆ ਹੈ ਅਤੇ ਹੁਣ ਅਸਲੀ ਤੇ ਨਕਲੀ ਅਕਾਲੀ ਦਲ ਦਾ ਮੁਕਾਬਲਾ ਹੋਵੇਗਾ ਅਤੇ ਜਿਹੜਾ ਚੰਗੀ ਤਰ੍ਹਾਂ ਭਾਜਪਾ ਦੀ ਝੋਲੀ ਪੈ ਗਿਆ, ਭਵਿੱਖ ਵਿੱਚ ਉਹ ਸਰਕਾਰ ਬਣਾਉਣ 'ਚ ਕਾਮਯਾਬ ਹੋ ਸਕਦੇ ਹਨ ਅਤੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੇ ਅਕਾਲੀ ਦਲ ਤੋਂ ਹੁਣ ਤੱਕੜੀ ਨਿਸ਼ਾਨ ਵੀ ਖੋਇਆ ਜਾ ਸਕਦਾ ਹੈ ਅਤੇ ਦੂਸਰਾ ਪੱਖ ਹੈ ਕਿ ਸੁਖਬੀਰ ਬਾਦਲ ਦੋ ਦਸੰਬਰ ਵਾਲੇ ਅਕਾਲ ਤਖ਼ਤ ਦੇ ਫੈਸਲੇ ਸਾਰੇ ਚੌਂਕਾ ਚੁੱਲਾ ਸਮੇਟ ਇੱਕ ਹੋਵੋ ਅਨੁਸਾਰ ਅਕਾਲੀ ਦਲ 'ਚ ਰੋਲਾਵਾਂ ਕਰਨ ਦੀ ਕੋਸ਼ਿਸ਼ ਕਰਦੇ ਹਨ ਤਾਂ ਨਵੇਂ ਅਕਾਲੀ ਦਲ ਦੀ ਕੋਈ ਹੋਂਦ ਨਹੀਂ ਰਹੇਗੀ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਨਵੇਂ ਅਕਾਲੀ ਦਲ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਪੰਥਕ ਕੌਂਸਲ ਦੀ ਚੇਅਰਪਰਸਨ ਬੀਬੀ ਸਤਵੰਤ ਕੌਰ ਅਤੇ ਪੰਜ ਮੈਂਬਰੀ ਕਮੇਟੀ ਦੇ ਮੈਂਬਰਾਂ ਨੂੰ ਬੇਨਤੀ ਕਰਦੀ ਹੈ ਕਿ ਆਪਣੇ ਸਟੈਂਡ ਤੇ ਖੜੇ ਰਹੇ ਤਾਂ ਹੀ ਸਿੱਖ ਪੰਥ ਦਾ ਭਲਾ ਹੋ ਸਕਦਾ ਤੇ ਕੌਮ ਨੂੰ ਜਬਰੀ ਜੱਫ਼ਾ ਮਾਰੀ ਬੈਠੇ ਬਾਦਲਾਂ ਨੂੰ ਪੰਥਕ ਰਾਜਨੀਤੀ ਤੋਂ ਥੱਲੇ ਸੁੱਟਿਆ ਜਾ ਸਕਦਾ ਹੈ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਕੇ ਸਮੂਹ ਗੁਰੂ ਘਰ ਦੇ ਇਤਿਹਾਸਕ ਗੁਰਦੁਆਰਿਆਂ 'ਚ ਧੱਕੇ ਮਾਰ ਮਾਰ ਕੇ ਬਾਹਰ ਭਜਾਇਆ ਜਾ ਸਕਦਾ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਨਵੇਂ ਅਕਾਲੀ ਦਲ ਦੇ ਬਣੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਵਧਾਈ ਅਤੇ ਸਮੂਹ ਅਹੁਦੇਦਾਰਾਂ ਨੂੰ ਆਪਣੇ ਸਟੈਂਡ ਤੇ ਖੜੇ ਰਹਿਣ ਦੀ ਅਪੀਲ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਨਕਲੀ ਤੇ ਅਸਲੀ ਦੋਹੇ ਅਕਾਲੀ ਦਲਾਂ ਦੀ ਪ੍ਰੀਖਿਆ ਦਾ ਸਮਾਂ ਆ ਗਿਆ ਹੈ ਕਿਉਂਕਿ ਜੇਹੜਾ ਅਕਾਲੀ ਦਲ ਭਾਜਪਾ ਦਾ ਸੰਯੋਗ ਪ੍ਰਾਪਤ ਕਰਨ ਵਿੱਚ ਕਾਮਯਾਬ ਹੋ ਗਿਆ ਉਹ ਹੀ ਪੰਜਾਬ ਦੀ ਸਤਾ ਹਾਸਲ ਕਰ ਸਕਦਾ ਹੈ ਭਾਈ ਖਾਲਸਾ ਨੇ ਸਪੱਸ਼ਟ ਕੀਤਾ ਇਹਦੇ ਵਿਚ ਦੋ ਰਾਵਾਂ ਨਹੀਂ ? ਬਾਦਲਕੇ ਅਜੇ ਤੱਕ ਭਾਜਪਾਈਆਂ ਦੇ ਸਹਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਬਜ਼ਾ ਕਰੀ ਬੈਠੀ ਹੈ ਤੇ ਚੋਣਾਂ ਨਹੀਂ ਹੋਣ ਦਿੰਦੇ, ਭਾਈ ਖਾਲਸਾ ਨੇ ਕਿਹਾ ਦੂਜੇ ਪਾਸੇ ਨਵਾਂ ਅਕਾਲੀ ਦਲ ਵੀ ਭਾਜਪਾਈਆਂ ਦੇ ਸੰਪਰਕ ਵਿੱਚ ਹੈਂ ਪਰ ਆਉਣ ਵਾਲਾ ਸਮਾਂ ਤਹਿ ਕਰੇਗਾ ਕਿ ਕਿਹੜਾ ਅਕਾਲੀ ਦਲ ਤੱਕੜੀ ਨਿਸ਼ਾਨ ਪ੍ਰਾਪਤ ਕਰਦਾ ਹੈ ਅਤੇ ਕੇਹੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਵਿੱਚ ਸਫ਼ਲ ਹੁੰਦਾ ਹੈ, ਕਿਉਂਕਿ ਲੋਕਾਂ ਨੂੰ ਬਾਦਲ ਨਾਲੋਂ ਟੁੱਟਕੇ ਆਏ ਅਕਾਲੀ ਦਲ ਦੇ ਸਾਰੇ ਆਗੂਆਂ ਤੇ ਕੋਈ ਵਿਸ਼ਵਾਸ ਨਹੀਂ ? ਕਿਉਂਕਿ ਜੋ ਗੁਰਬਾਣੀ ਬੇਅਦਬੀ ਦੀਆਂ ਘਟਨਾਵਾਂ ਤੇ ਪਵਿੱਤਰ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਮੁਨਕਰ ਹੋਣ ਤੇ ਸਰਸੇ ਵਾਲੇ ਸਾਧ ਨੂੰ ਮੁਆਫੀ ਦੇਣ ਸਮੇਂ ਇਹ ਸਾਰੇ ਅਕਾਲੀ ਇਕੱਠੇ ਹੀ ਸਨ ਅਤੇ ਇਹ ਹੁਣ ਵੀ ਸੱਤਾ ਖਾਤਰ ਆਪਣਾ ਸਟੈਂਡ ਬਦਲੀ ਕਰ ਸਕਦੇ ਹਨ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨਵੇਂ ਤੇ ਪੁਰਾਣੇ ਸਮੂਹ ਅਕਾਲੀ ਦਲਾਂ, ਸਮੂਹ ਫੈਡਰੇਸ਼ਨਾ, ਸਮੂਹ ਨਿਹੰਗ ਸਿੰਘ ਜਥੇਬੰਦੀਆਂ ਤੇ ਸਾਰੀਆਂ ਪੰਥਕ ਧਿਰਾਂ ਨੂੰ ਇੱਕਜੁੱਟ ਹੋ ਕੇ ਬਾਦਲ ਦਾ ਸਿੱਖ ਸਿਆਸਤ ਤੋਂ ਸਫ਼ਾਇਆ ਕਰਨ ਲਈ ਯਤਨਸ਼ੀਲ ਹੋਣ ਦੀ ਅਪੀਲ ਕਰਦੀ ਹੈ ਇਸ ਮੌਕੇ ਭਾਈ ਵਿਰਸਾ ਸਿੰਘ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਰਛਪਾਲ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਰਵਿੰਦਰ ਸਿੰਘ ਟੁੱਟਕਲਾ, ਭਾਈ ਸੁਰਿੰਦਰ ਸਿੰਘ ਆਦਮਪੁਰ ਭਾਈ ਵਿਕਰਮ ਸਿੰਘ ਪੰਡੋਰੀ ਨਿੱਝਰ ਭਾਈ ਗੁਰਸੇਵਕ ਸਿੰਘ ਧੂੜਕੋਟ ਆਦਿ ਆਗੂ ਹਾਜਰ ਸਨ।



# 69ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਲਈ ਤਿਆਰੀ ਕੈਂਪ ਸ਼ੁਰੂ



**ਤਲਵੰਡੀ ਸਾਬੋ, 12 ਅਗਸਤ (ਗੁਰਜੰਟ ਸਿੰਘ ਨਥੇਹਾ)**-ਸਿੱਖਿਆ ਵਿਭਾਗ ਪੰਜਾਬ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਸੇਠੀ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜੋਨਲ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ ਲਾਲੇਆਣਾ ਦੀ ਅਗਵਾਈ ਵਿੱਚ ਤਲਵੰਡੀ ਸਾਬੋ ਜੋਨ ਦੇ ਖਿਡਾਰੀਆਂ ਲਈ ਜ਼ਿਲ੍ਹਾ ਪੱਧਰੀ ਕੈਂਪ ਲਗਾਏ ਗਏ ਹਨ। ਇਹਨਾਂ ਕੈਂਪਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਰਮੰਦਰ ਸਿੰਘ ਲਾਲੇਆਣਾ ਨੂੰ ਕੈਂਪਾਂ ਦਾ ਕੋਆਰਡੀਨੇਟਰ ਲਗਾਇਆ ਗਿਆ ਹੈ। ਕਬੱਡੀ ਨੈਸ਼ਨਲ ਸਟਾਈਲ ਲਈ ਕੈਂਪ ਅੰਡਰ-14, ਅੰਡਰ-17 ਅਤੇ ਅੰਡਰ-19 ਮੁੰਡੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਵਿਖੇ ਲਗਾਇਆ ਗਿਆ ਹੈ। ਇਸ ਕੈਂਪ ਦੀ ਤਿਆਰੀ ਲਈ ਇੰਚਾਰਜ ਅਮਨਦੀਪ ਸਿੰਘ ਸ਼ੇਖਪੁਰਾ, ਕੈਂਪ ਟ੍ਰੇਨਰ ਰੋਹੀ ਸਿੰਘ, ਅੰਡਰ-14, ਅੰਡਰ-17 ਲੜਕੀਆਂ ਲਈ ਹਰਵਿੰਦਰ ਸਿੰਘ, ਖੋ-ਖੋ ਅੰਡਰ-19 ਮੁੰਡੇ ਭਗਤ ਸਿੰਘ ਪਬਲਿਕ ਸਕੂਲ ਮਲਕਾਣਾ ਵਿਖੇ ਅਤੇ ਇਸ ਕੈਂਪ ਦੇ ਇੰਚਾਰਜ ਕੌਰ ਸਿੰਘ, ਅੰਡਰ-17 ਕੁੜੀਆ ਦਾ ਕੈਂਪ ਸਰਕਾਰੀ ਹਾਈ ਸਕੂਲ ਮਲਕਾਣਾ, ਅੰਡਰ-17 ਮੁੰਡੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਜੋਗੇਵਾਲਾ ਵਿਖੇ ਇੰਚਾਰਜ ਹਰਪ੍ਰੀਤ ਸਿੰਘ, ਅੰਡਰ-14 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ ਵਿਖੇ ਇੰਚਾਰਜ ਕਵਿਤਾ ਰਾਣੀ, ਅੰਡਰ-14 ਲੜਕੀਆਂ ਦਾ ਕੈਂਪ ਸਰਕਾਰੀ ਹਾਈ ਸਕੂਲ ਚੱਠੇਵਾਲਾ ਵਿਖੇ ਇੰਚਾਰਜ ਗੁਰਜੰਟ ਸਿੰਘ, ਕ੍ਰਿਕੇਟ, ਅੰਡਰ-14, ਅੰਡਰ-17 ਅਤੇ ਅੰਡਰ-19 ਮੁੰਡੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਸਰਾ ਵਿਖੇ ਅਤੇ ਇਸ ਦੇ ਇੰਚਾਰਜ ਹਰਵਿੰਦਰ ਸਿੰਘ ਅਤੇ ਤੇਜਿੰਦਰ ਕੁਮਾਰ ਲਗਾਏ ਗਏ ਹਨ।

# ਡੈਂਗੂ ਦੇ ਖਾਤਮੇ ਲਈ ਹਰ ਇੱਕ ਦੀ ਸਾਂਝੀ ਜ਼ੁੰਮੇਵਾਰੀ ਹੈ-ਅਸ਼ੋਕ ਕੁਮਾਰ ਐਸ ਆਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਰਮਨਦੀਪ ਕੌਰ ਤੇ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਸੁਰਜੀਤ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡ ਲੱਡਾਂ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਸੁਰਜੀਤ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ, ਗਮਲਿਆਂ, ਕੰਨਟੇਨਰਾ, ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ, ਜੀ ਕੱਚਾ ਹੋਣਾ ਅਤੇ ਉਲਟੀਆਂ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਜਸਵਿੰਦਰ ਸਿੰਘ ਮ,ਪ,ਹ,ਵ (ਮ) ਹਾਜ਼ਰ ਸੀ ।

# ਕਿਲਾ ਹਕੀਮਾਂ ਦੀ ਪੰਚਾਇਤ ਨੇ ਸਕੂਲ ਨੂੰ ਤਿੰਨ ਏ. ਸੀ. ਭੇਟ ਕੀਤੇ

## ਆਉਣ ਵਾਲੇ ਸਮੇਂ ਵਿੱਚ ਅਸੀਂ ਪੂਰੇ ਸਕੂਲ ਨੂੰ ਏਸੀ ਕਰਾਂਗੇ ਸਰਪੰਚ ਅਮਰੀਕ ਸਿੰਘ ਕਿਲ੍ਹਾ ਹਕੀਮਾ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸਰਪੰਚ ਅਮਰੀਕ ਸਿੰਘ ਕਿਲ੍ਹਾ ਹਕੀਮਾ ਵੱਲੋਂ ਨਿਵੇਕਲੀ ਪਹਿਲ ਕਦਮੀ ਕਰਦਿਆਂ ਸਰਕਾਰੀ ਪ੍ਰਾਇਮਰੀ ਸਕੂਲ ਕਿਲਾ ਹਕੀਮਾਂ ਦੇ ਸਕੂਲ ਮੁਖੀ ਸ੍ਰੀਮਤੀ ਅਮਨਦੀਪ ਕੌਰ ਖੇੜੀ ਵੱਲੋਂ ਸਮੂਹ ਸਟਾਫ ਦੇ ਸਹਿਯੋਗ ਨਾਲ ਗ੍ਰਾਮ ਪੰਚਾਇਤ ਕਿਲਾ ਹਕੀਮਾਂ ਦੇ ਸਰਪੰਚ ਸਾਹਿਬ ਸਰਦਾਰ ਅਮਰੀਕ ਸਿੰਘ ਜੀ ਨੂੰ ਅਜੋਕੇ ਮੌਸਮ ਨੂੰ ਦੇਖਦੇ ਹੋਏ ਬੇਨਤੀ ਕੀਤੀ ਗਈ ਸੀ ਕਿ ਵਿਦਿਆਰਥੀਆਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਦੇਣ ਦੇ ਲਈ ਸਰਕਾਰੀ ਪ੍ਰਾਇਮਰੀ ਸਕੂਲ ਕਿਲਾ ਹਕੀਮਾਂ ਨੂੰ ਪੂਰਨ ਤੌਰ ਤੇ ਏਸੀ ਕੀਤਾ ਜਾਵੇ ਇਸ ਦੇ ਕਾਰਵਾਈ ਕਰਦੇ ਹੋਏ ਸ ਅਮਰੀਕ ਸਿੰਘ ਸਰਪੰਚ ਵੱਲੋਂ ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਕਿਲਾ ਹਕੀਮਾਂ ਨੂੰ ਤਿੰਨ ਏਸੀ ਭੇਂਟ ਕੀਤੇ ਗਏ ਹਨ। ਜਿਸ ਨਾਲ ਵਿਦਿਆਰਥੀਆਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੇਗੀ ਇਸ ਮੌਕੇ ਸਮੂਹ ਸਟਾਫ ਵੱਲੋਂ ਸਰਪੰਚ ਸਾਹਿਬ ਅਤੇ ਗ੍ਰਾਮ ਪੰਚਾਇਤ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।

ਸਰਪੰਚ ਅਮਰੀਕ ਸਿੰਘ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਆਉਣ ਵਾਲੇ ਸਮੇਂ ਦੇ ਵਿੱਚ ਅਸੀਂ ਪੂਰੇ ਸਕੂਲ ਨੂੰ ਏਸੀ ਕਰਾਂਗੇ ਅਤੇ ਜੋ ਵੀ ਹੋਰ ਸਹੂਲਤਾਂ ਸਕੂਲ ਲਈ ਲੋੜੀਂਦੀਆਂ ਹਨ ਉਹਨਾਂ ਨੂੰ ਹਰ ਪੱਖ ਤੋਂ ਪੂਰਾ ਕਰਾਂਗੇ। ਇਸ ਮੌਕੇ ਆਮਨਦੀਪ ਕੌਰ ਖੇੜੀ ਸੀਐਚਟੀ, ਅਮਨਦੀਪ ਸਿੰਘ, ਪਰਉਪਕਾਰ ਸਿੰਘ, ਪ੍ਰਿਤਪਾਲ ਸਿੰਘ, ਕਮਲਜੀਤ ਕੌਰ, ਬਲਜਿੰਦਰ ਕੌਰ, ਸੰਦੀਪ ਕੌਰ, ਮਨਦੀਪ ਕੌਰ, ਗੁਰਜੀਤ ਸਿੰਘ, ਲਵਪ੍ਰੀਤ ਸਿੰਘ ਪੰਚ, ਗੁਰਪੰਥ ਸਿੰਘ ਪੰਚ , ਬੇਅੰਤ ਸਿੰਘ ਪੰਚ, ਪਰਮਜੀਤ ਕੌਰ ਪੰਚ, ਬਲਦੇਵ ਸਿੰਘ ਪੰਚ, ਗੁਰਪ੍ਰੀਤ ਸਿੰਘ ਪੰਚ, ਜਗਦੀਪ ਸਿੰਘ, ਸਤਿੰਦਰ ਪਾਲ ਅਤੇ ਸੰਦੀਪ ਸ਼ਰਮਾ ਹਾਜ਼ਰ ਸਨ।

## ਵਾਸ਼ਿੰਗਟਨ ਡੀ.ਸੀ. ਰੈਫਰੈਂਡਮ ਲਈ ਸਿੱਖਾਂ ਨੂੰ

# ਵੱਡੀ ਗਿਣਤੀ ਵਿੱਚ ਵੋਟ ਪਾਉਣ ਦੀ ਅਪੀਲ



ਕੁਲਵੰਤ ਸਿੰਘ ਮੁਠੱਡਾ ਯੂ ਕੇ | ਗੁਰਦਿਆਲ ਸਿੰਘ ਢਕਾਣਸੂ ਬੈਲਜੀਅਮ | ਗੁਰਵਿੰਦਰ ਸਿੰਘ ਨਡਾਲੋਂ ਜਰਮਨੀ | ਗੁਰਮੇਲ ਸਿੰਘ ਢੇਸੀ ਯੂ ਐਸ ਏ | ਬਲਵਿੰਦਰ ਸਿੰਘ ਢਿੱਲੋਂ ਯੂ ਕੇ

**ਲੰਡਨ, 12 ਅਗਸਤ (ਸਰਬਜੀਤ ਸਿੰਘ ਬਨੂੜ)**-ਖ਼ਾਲਿਸਤਾਨ ਰੈਫਰੈਂਡਮ ਸਿਰਫ਼ ਇੱਕ ਵੋਟਿੰਗ ਪ੍ਰਕਿਰਿਆ ਨਹੀਂ, ਬਲਕਿ ਆਪਣੇ ਭਵਿੱਖ, ਅਸਤੀਤਵ ਅਤੇ ਪੀੜ੍ਹੀਆਂ ਦੇ ਹੱਕਾਂ ਲਈ ਸੰਘਰਸ਼ ਦਾ ਹਿੱਸਾ ਹੈ। ਹਰ ਇਕ ਵੋਟ ਸਾਡੀ ਅਜ਼ਾਦੀ ਦੇ ਸਫ਼ਰ ਵਿੱਚ ਇੱਕ ਕਦਮ ਅੱਗੇ ਹੈ। ਸਿੱਖ ਫੈਡਰੇਸ਼ਨ ਯੂ.ਕੇ. ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ ਅਤੇ ਭਾਈ ਬਲਵਿੰਦਰ ਸਿੰਘ ਡੱਲੇਵਾਲ, ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋਂ, ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਣਸੂ ਅਤੇ ਅਮਰੀਕਾ ਤੋਂ ਗੁਰਮੇਲ ਸਿੰਘ ਢੇਸੀ ਨੇ ਸੰਯੁਕਤ ਤੌਰ 'ਤੇ ਸਿੱਖ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ 17 ਅਗਸਤ ਨੂੰ ਵਾਸ਼ਿੰਗਟਨ ਡੀ.ਸੀ. ਵਿੱਚ ਹੋਣ ਵਾਲੇ ਖ਼ਾਲਿਸਤਾਨ ਰੈਫਰੈਂਡਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਦੇ ਹੋਏ ਆਪਣਾ ਵੋਟ ਅਧਿਕਾਰ ਵਰਤਣ। ਭਾਈ ਕੁਲਵੰਤ ਸਿੰਘ ਮੁਠੱਡਾ ਨੇ ਕਿਹਾ ਕਿ ਇਹ ਰੈਫਰੈਂਡਮ ਸਿੱਖ ਕੌਮ ਦੀ ਆਵਾਜ਼ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਜ਼ਬੂਤੀ ਨਾਲ ਪਹੁੰਚਾਉਣ ਦਾ ਇੱਕ ਇਤਿਹਾਸਕ ਮੌਕਾ ਹੈ। ਉਨ੍ਹਾਂ ਨੇ ਸਿੱਖਾਂ ਨੂੰ ਯਾਦ ਦਵਾਇਆ ਕਿ ਜਿਵੇਂ ਯੂ.ਕੇ., ਕੈਨੇਡਾ, ਆਸਟ੍ਰੇਲੀਆ ਅਤੇ ਹੋਰ ਦੇਸ਼ਾਂ ਵਿੱਚ ਹੋਏ ਪਿਛਲੇ ਰੈਫਰੈਂਡਮਾਂ ਵਿੱਚ ਭਾਰੀ ਜਨ ਸਮਰਥਨ ਦੇਖਿਆ ਗਿਆ, ਓਹੋ ਜਜ਼ਬਾ ਹੁਣ ਅਮਰੀਕਾ ਵਿੱਚ ਵੀ ਦਿਖਾਇਆ ਜਾਣਾ ਚਾਹੀਦਾ ਹੈ। ਸਿੱਖ ਨੇਤਾਵਾਂ ਨੇ ਖ਼ਾਸ ਤੌਰ 'ਤੇ ਅਮਰੀਕਾ ਦੇ ਵੱਖ-ਵੱਖ ਰਾਜਾਂ ਵਿੱਚ ਰਹਿੰਦੇ ਸਿੱਖਾਂ ਨੂੰ ਅਪੀਲ ਕੀਤੀ ਕਿ ਉਹ 17 ਅਗਸਤ ਨੂੰ ਆਪਣੇ ਪਰਿਵਾਰਾਂ ਅਤੇ ਸੰਗਤ ਸਮੇਤ ਵਾਸ਼ਿੰਗਟਨ ਡੀ.ਸੀ. ਪਹੁੰਚ ਕੇ ਇਸ ਇਤਿਹਾਸਕ ਮੌਕੇ ਨੂੰ ਸਫਲ ਬਣਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਪ੍ਰਾਇਮਰੀ ਸਕੂਲ ਧਿੰਗੜ ਵਿਖੇ ਮਨਾਇਆ ਤੀਆਂ ਦਾ ਤਿਉਹਾਰ

# ਬੱਚਿਆਂ ਨੂੰ ਕਰਵਾਇਆ ਪੰਜਾਬੀ ਸੱਭਿਆਚਾਰ ਤੋਂ ਜਾਣੂ





**ਤਲਵੰਡੀ ਸਾਬੋ, 12 ਅਗਸਤ (ਗੁਰਜੰਟ ਸਿੰਘ ਨਥੇਹਾ)**- ਨੇੜਲੇ ਪਿੰਡ ਧਿੰਗੜ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਇੰਚਾਰਜ਼ ਮੈਡਮ ਰੁਪਿੰਦਰ ਕੌਰ ਦੀ ਅਗਵਾਈ ਅਤੇ ਪਿੰਡ ਦੀਆਂ ਔਰਤਾਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ ਗਿਆ। ਜਿਸ ਵਿੱਚ ਸਕੂਲ ਦੀਆਂ ਬੱਚੀਆਂ ਨੇ ਤ੍ਰਿੰਝਣ ਦੀ ਝਲਕ, ਗਿੱਧਾ, ਸੱਭਿਆਚਾਰਕ ਗੀਤਾਂ ਤੇ ਪੇਸ਼ਕਾਰੀ ਅਤੇ ਸੰਧਾਰੇ ਦੀ ਰਸਮ ਨੂੰ ਬਹੁਤ ਹੀ ਸੋਹਣੇ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ ਪਿੰਡ ਦੀਆਂ ਔਰਤਾਂ ਅਤੇ ਸਕੂਲ ਦੀਆਂ ਅਧਿਆਪਕਾਵਾਂ ਨੇ ਗਿੱਧਾ, ਬੋਲੀਆਂ, ਰਾਹੀਂ ਖ਼ੂਬ ਰੰਗ ਬੰਨ੍ਹਿਆ ਅਤੇ ਚਰਖੇ, ਪੱਖੀਆਂ, ਬਾਗ, ਫੁਲਕਾਰੀਆਂ ਦੀ ਝਲਕ ਅਤੇ ਪੁਰਾਤਨ ਪਹਿਰਾਵੇ ਪਹਿਨ ਕੇ ਪੰਜਾਬੀ ਸੱਭਿਆਚਾਰ ਨੂੰ ਬਾਖ਼ੂਬੀ ਪੇਸ਼ ਕੀਤਾ ਗਿਆ। ਇਹ ਅਜੋਕੀ ਪੀੜ੍ਹੀ ਨੂੰ ਸੱਭਿਆਚਾਰ ਨਾਲ ਜੋੜਨ ਦਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਇਸ ਵਿੱਚ ਮੈਡਮ ਕਰਮਜੀਤ ਕੌਰ, ਨਿਰਮਲ ਕੌਰ, ਗੁਰਮੀਤ ਕੌਰ ਅਤੇ ਆਂਗਣਵਾੜੀ ਸਟਾਫ਼ ਦਾ ਵਿਸੇਸ਼ ਸਹਿਯੋਗ ਰਿਹਾ। ਅਧਿਆਪਕ ਨਿਰਮਲ ਸਿੰਘ ਰਾਈਆ ਵੱਲੋਂ ਸਟਾਲਾਂ ਦਾ ਪ੍ਰਬੰਧ ਅਤੇ ਦੇਖ-ਰੇਖ ਵਿੱਚ ਯੋਗ ਭੂਮਿਕਾ ਨਿਭਾਈ ਗਈ। ਹੋਰ ਕਿਹਾ ਕਿ ਬੇਸ਼ੱਕ ਹਰ ਪਿੰਡ, ਸ਼ਹਿਰ ਅਤੇ ਖਿੱਤੇ ਖੇਤਰ ਦੇ ਲੋਕ ਇਸ ਤਿਉਹਾਰ ਨੂੰ ਚਾਵਾਂ ਨਾਲ ਆਪਣੇ-ਆਪਣੇ ਢੰਗ ਤਰੀਕੇ ਤੇ ਵਸੀਲਿਆਂ ਅਨੁਸਾਰ ਮਨਾਉਂਦੇ ਹਨ, ਪਰ ਅਜੋਕੇ ਸਮੇਂ ਦੀ ਇਹ ਇਕ ਅਹਿਮ ਲੋੜ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਤੇ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਿਆ ਜਾਵੇ ਤੇ ਪੁਰਾਤਨ ਪਹਿਰਾਵਿਆਂ, ਪੁਰਾਤਨ ਖੇਡਾਂ, ਪੁਰਾਤਨ ਭਾਂਡਿਆਂ, ਪੁਰਾਤਨ ਚੀਜ਼ਾਂ ਤੋਂ ਜਾਣੂ ਕਰਵਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬੰਦੀ ਸਿੰਘਾ ਦਾ ਮਸਲਾ ਸਾਨੂੰ ਗੁਲਾਮੀ ਦਾ ਅਹਿਸਾਸ ਕਰਵਾ ਰਿਹਾ ਹੈ

## ਚੰਡੀਗੜ੍ਹ ਮੋਹਾਲੀ ਮੋਰਚੇ ਉੱਤੇ 15 ਅਗਸਤ ਨੂੰ ਰੋਸ ਭਰਪੂਰ ਇਕੱਠ : ਪੰਜੋਲੀ





**ਨਵੀਂ ਦਿੱਲੀ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੌਮੀ ਇਨਸਾਫ਼ ਮੋਰਚੇ ਵੱਲੋਂ 15 ਅਗਸਤ ਨੂੰ ਚੰਡੀਗੜ ਮੋਹਾਲੀ ਸਰਹੱਦ ਉੱਤੇ , ਬੰਦੀ ਸਿੰਘਾ ਦੀ ਰਿਹਾਈ ਲਈ ਲਾਏ ਗਏ ਮੋਰਚੇ ਵਾਲੀ ਥਾਂ ਉੱਤੇ ਵੱਡਾ ਇਕੱਠ ਕਰਨ ਦਾ ਫ਼ੈਸਲਾ ਕੀਤਾ ਹੈ ।ਬੰਦੀ ਸਿੰਘਾ ਦਾ ਮਸਲਾ ਹੁਣ ਕੌਮੀ ਮਸਲਾ ਬਣ ਗਿਆ ਹੈ ਕਿਉਕਿ ਅਦਾਲਤਾਂ ਵੱਲੋਂ ਦਿੱਤੀਆਂ ਸਜ਼ਾਵਾਂ ਤੋਂ ਵੀ ਵੱਧ ਉਹਨਾ ਅਪਣੀ ਸਜ਼ਾਵਾ ਪੂਰੀਆ ਕਰ ਲਈਆ ਹਨ । ਬੰਦੀ ਸਿੰਘਾ ਦਾ ਮਸਲਾ ਸਾਨੂੰ ਗੁਲਾਮੀ ਦਾ ਅਹਿਸਾਸ ਕਰਵਾ ਰਿਹਾ ਹੈ ।ਬੰਦੀ ਸਿੰਘਾ ਦੀ ਰਿਹਾਈ ਦੇ ਸੰਘਰਸ਼ ਵਿੱਚ ਕੌਮੀ ਦਰਦ ਰੱਖਣ ਵਾਲੇ ਵਕਿਅਤੀ ਅਤੇ ਹਰ ਜਥੇਬੰਦੀ ਨੂੰ ਸ਼ਾਮਲ ਹੋਣਾ ਚਾਹੀਦਾ ਹੈ ।ਸੋ ਕੌਮੀ ਇਨਸਾਫ ਮੋਰਚੇ ਵੱਲੋਂ ਮੇਰੀ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ , ਦਿੱਲੀ ਸਿੱਖ ਗੁਰਦੂਆਰਾ ਮਨੇਜਮੈਂਟ ਕਮੇਟੀ , ਹਰਿਆਣਾ ਸਿੱਖ ਗੁਰਦੂਆਰਾ ਪ੍ਰਬੰਧਕ ਕਮੇਟੀ , ਸਾਰੇ ਅਕਾਲੀ ਧੜਿਆਂ, ਦਮਦਮੀ ਟਕਸਾਲ ਦੇ ਸਾਰੇ ਗਰੁੱਪ , ਸਾਰੀਆ ਫੈਡਰੇਸਨਾ , ਸਾਰੀਆ ਕਿਸਾਨ ਜਥੇਬੰਦੀਆ , ਸਾਰੀਆ ਧਾਰਮਿੱਕ ਜਥੇਬੰਦੀਆ , ਸਾਰੀਆ ਸਮਾਜਿਕ ਜਥੇਬੰਦੀਆ , ਸਾਰੀਆ ਰਾਜਨੀਤਕ ਜਥੇਬੰਦੀਆ , ਸਮੂਹ ਨਿਹੰਗ ਸਿੰਘ ਜਥੇਬੰਦੀਆ , ਸਮੂਹ ਸੰਤ ਸੰਪਰਦਾਵਾਂ, ਸਮੂਹ ਰਾਗੀ ਸਿੰਘਾ , ਸਮੂਹ ਢਾਡੀ ਸਿੰਘਾ , ਸਮੂਹ ਪ੍ਰਚਾਰਕਾਂ , ਸਮੂਹ ਵਕੀਲ ਸਾਹਿਬਾਨ , ਸਮੂਹ ਮਲਾਜਮ ਜਥੇਬੰਦੀਆ , ਸਮੂਹ ਕਿਰਤੀ ਅਤੇ ਮਜ਼ਦੂਰ ਜਥੇਬੰਦੀਆ ਸਮੇਤ ਹਰ ਵੀਰ ਭੈਣ ਨੂੰ ਬਹੁਤ ਹੀ ਅਦਬ ਸਤਿਕਾਰ ਸਾਹਿਤ ਬੇਨਤੀ ਹੈ ਕਿ 15 ਅਗਸਤ ਦਿਨ ਵੀਰਵਾਰ 2025 ਨੂੰ ਸਵੇਰੇ 11 ਵਜੇ ਬੰਦੀ ਸਿੰਘਾ ਦੀ ਰਿਹਾਈ ਲਈ ਚੰਡੀਗੜ ਮੋਹਾਲੀ ਸਰਹੱਦ ਉੱਤੇ ਮੋਰਚੇ ਵਾਲੀ ਥਾਂ ਉੱਤੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ ਤਾ ਕਿ ਸਮੇਂ ਦੀਆਂ ਹਕੂਮਤਾਂ ਨੂੰ ਇਹ ਸੁਨੇਹਾ ਦਿੱਤਾ ਜਾ ਸਕੇ ਕਿ 15 ਅਗਸਤ ਸਾਡੇ ਲਈ ਤਾ ਗੁਲਾਮੀ ਦਾ ਹੀ ਸੁਨੇਹਾ ਹੈ । **ਵੱਲੋਂ ਕੌਮੀ ਇਨਸਾਫ਼ ਮੋਰਚਾ — ਦਾਸ ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ( ਅੰਮ੍ਰਿਤਸਰ )94176-63418**

ਆਵਾਜ਼ਿ ਕੌਮ AWAZE QAUM International Newspaper & WEB TV

# ਕਾਂਗਰਸ ਹੀ ਪੰਜਾਬ ਦੇ ਲੋਕਾਂ ਨੂੰ ਸੁਖਾਵਾਂ ਤੇ ਸੁਰੱਖਿਅਤ ਮਾਹੌਲ ਦੇ ਸਕਦੀ ਐ : ਚੇਅਰਮੈਨ ਮਹਿਤਾ



ਚੌਕ ਮਹਿਤਾ, 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬੇ ਦੀ 'ਆਪ' ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ। ਪੰਜਾਬ 'ਚ ਭ੍ਰਿਸ਼ਟਾਚਾਰ ਦੇ ਨਾਲ ਨਾਲ ਗੈਂਗਸਟਰਾਂ ਦਾ ਵੱਡਾ ਬੋਲਬਾਲਾ ਹੈ ਤੇ ਪੰਜਾਬ ਦਾ ਕੋਈ ਵੀ ਨਾਗਰਿਕ ਅੱਜ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ।

ਖਾਸ ਤੌਰ 'ਤੇ ਸੂਬੇ ਦਾ ਵਪਾਰੀ ਵਰਗ ਅੱਜ ਬੁਰੀ ਤਰ੍ਹਾਂ ਨਾਲ ਡਰਿਆ ਹੋਇਆ ਹੈ ਤੇ ਸਹਿਮ ਦੇ ਮਾਹੌਲ 'ਚ ਕਾਰੋਬਾਰ ਕਰਨ ਨੂੰ ਮਜ਼ਬੂਰ ਹੋਇਆ ਪਿਆ ਹੈ ਪਰ 'ਆਪ' ਸਰਕਾਰ ਉਨ੍ਹਾਂ ਨੂੰ ਸੁਖਾਵਾਂ ਤੇ ਸੁਰੱਖਿਅਤ ਮਾਹੌਲ ਦੇ ਪਾਉਣ 'ਚ ਨਾਕਾਮ ਰਹੀ ਹੈ ਬਾਬਾ ਬਕਾਲਾ ਸਾਹਿਬ ਵਿਖੇ ਰੱਖੜ ਪੁੰਨਿਆਂ ਦੇ ਮੇਲੇ ਦੌਰਾਨ ਕਾਂਗਰਸ ਪਾਰਟੀ ਦੀ ਹੋਈ ਕਾਨਫਰੰਸ 'ਚ ਸਟੇਜ ਤੋਂ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਮਹਿਤਾ ਦੇ ਸਾਬਕਾ ਵਾਈਸ ਚੇਅਰਮੈਨ ਕਸ਼ਮੀਰ ਸਿੰਘ ਰੰਧਾਵਾ ਸਾਬਕਾ ਸਰਪੰਚ ਮਹਿਤਾ ਨੇ ਕਿਹਾ ਕਿ ਆਏ ਦਿਨ ਪੰਜਾਬ ਅੰਦਰ ਦਿਨ-ਦਿਹਾੜੇ ਚੱਲਦੀਆਂ ਗੋਲੀਆਂ ਨਾਲ ਕਤਲ ਹੋ ਰਹੇ ਹਨ, ਜਿਸ ਕਾਰਨ ਪੰਜਾਬ ਦੀ 'ਆਪ' ਸਰਕਾਰ ਤੋਂ ਲੋਕਾਂ ਦਾ ਮੋਹ ਹੁਣ ਭੰਗ ਹੋ ਗਿਆ ਹੈ। ਉਨ੍ਹਾਂ ਕਾਂਗਰਸ ਪਾਰਟੀ ਦੇ ਵਰਕਰਾਂ ਤੇ ਆਗੂਆਂ ਨੂੰ ਇਕਜੁੱਟ ਹੋ ਕੇ ਪੂਰੀ ਤਨਦੇਹੀ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਸਾਰੇ ਰਲ ਕੇ ਹੰਭਲਾ ਮਾਰੀਏ ਤੇ ਕਾਂਗਰਸ ਨੂੰ ਸੱਤਾ 'ਚ ਲੈ ਕੇ ਆਈਏ। ਉਨ੍ਹਾਂ ਕਿਹਾ ਕਿ ਕਾਂਗਰਸ ਹੀ ਸੂਬੇ ਦੇ ਲੋਕਾਂ ਨੂੰ ਸੁਖਾਵਾਂ ਤੇ ਸੁਰੱਖਿਅਤ ਮਾਹੌਲ ਦੇ ਸਕਦੀ ਹੈ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਹਰਜਿੰਦਰ ਸਿੰਘ ਜੱਜ, ਸਰਪੰਚ ਗੁਰਮੇਜ਼ ਸਿੰਘ ਉਦੋਨੰਗਲ ਸਲਵਿੰਦਰ ਸਿੰਘ ਟੋਨਾ, ਮਨਦੀਪ ਸਿੰਘ ਸੋਨਾ, ਜਗਦੇਵ ਸਿੰਘ ਬੁੱਟਰ, ਸਰਪੰਚ ਗੁਰਪ੍ਰੀਤ ਸਿੰਘ ਗੱਗੜਭਾਣਾ, ਮਹਿੰਗਾ ਸਿੰਘ ਚੁੰਗ ਤੇ ਪ੍ਰਧਾਨ ਜੁਗਰਾਜ ਸਿੰਘ ਖੱਬੇ ਆਦਿ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅੱਜ 13 ਅਗਸਤ ਨੂੰ ਬਰਸੀ 'ਤੇ ਵਿਸ਼ੇਸ਼

# ਉੱਘੇ ਸਿੱਖ ਬੁੱਧੀਜੀਵੀ, ਪ੍ਰਸ਼ਾਸਕ ਤੇ ਸਾਂਸਦ ਸਿਰਦਾਰ ਕਪੂਰ ਸਿੰਘ ਨੂੰ ਯਾਦ ਕਰਦਿਆਂ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਜਦੋਂ ਕਦੇ ਕਿਸੇ ਉੱਘੇ ਸਿੱਖ ਬੁੱਧੀਜੀਵੀ, ਸਿੱਖ ਕੌਮ ਦੀ ਪ੍ਰਭੂਸੱਤਾ ਲਈ ਤਾਅ ਜ਼ਿੰਦਗੀ ਸੰਘਰਸ਼ਸ਼ੀਲ ਰਹਿਣ ਵਾਲੇ, ਯੋਗ ਪ੍ਰਬੰਧਕ ਤੇ ਸਾਂਸਦ ਦੀ ਗੱਲ ਚੱਲਦੀ ਹੈ ਤਾਂ ਸਰਬਗੁਣ ਸੰਪੰਨ ਸਿਰਦਾਰ ਕਪੂਰ ਸਿੰਘ ਆਈ।ਪੀ ਐੱਸ। ਦਾ ਚਿਹਰਾ ਮੁਹਰਾ ਆਪ ਮੁਹਾਰੇ ਅੱਖਾਂ ਸਾਹਵੇਂ ਆ ਜਾਂਦਾ ਹੈ । ਇਸ ਮਹਾਨ ਬੁੱਧੀਜੀਵੀ ਦਾ ਜਨਮ ਜਗਰਾਉਂ (ਲੁਧਿਆਣਾ) ਦੇ ਇਕ ਨੇੜਲੇ ਪਿੰਡ ਵਿੱਚ 2 ਮਾਰਚ 1909 ਈ: ਨੂੰ ਸ।ਦੀਦਾਰ ਸਿੰਘ ਧਾਲੀਵਾਲ ਦੇ ਗ੍ਰਹਿ ਵਿਖੇ ਮਾਤਾ ਹਰਨਾਮ ਕੌਰ ਦੀ ਕੁੱਖ ਤੋਂ ਹੋਇਆ ।ਇਨ੍ਹਾਂ ਦੇ ਜਨਮ ਤੋਂ ਥੋੜ੍ਹੇ ਸਮੇਂ ਤੋਂ ਪਿੱਛੋਂ ਇਹ ਪਰਿਵਾਰ ਪੱਛਮੀ ਪੰਜਾਬ ਦੇ ਜ਼ਿਲ੍ਹਾ ਲਾਇਲਪੁਰ ਦੇ ਚੱਕ ਨੰ: 531 ਵਿੱਚ ਜਾ ਵਸਿਆ । ਬਚਪਨ ਤੋਂ ਤੇਜ਼ ਤਰਾਰ ਬੁੱਧੀ ਦੇ ਮਾਲਕ ਸਿਰਦਾਰ ਕਪੂਰ ਸਿੰਘ ਨੇ ਦੱਸਵੀਂ ਤੱਕ ਦੀ ਸਿੱਖਿਆ ਖ਼ਾਲਸਾ ਹਾਈ ਸਕੂਲ ਤੋਂ ਪ੍ਰਾਪਤ ਕੀਤੀ । ਉਚੇਰੀ ਸਿੱਖਿਆ ਆਪ ਨੇ ਲਾਹੌਰ ਤੋਂ ਪ੍ਰਾਪਤ ਕੀਤੀ ।

ਦੇਸ਼ ਦੀ ਅਜ਼ਾਦੀ ਤੋਂ ਪਿੱਛੋਂ ਜਦੋਂ ਦੋ ਦੇਸ਼ ਧਰਮ 'ਤੇ ਆਧਾਰਿਤ ਰਾਜਨੀਤੀ ਤੋਂ ਪ੍ਰੇਰਿਤ ਹੋ ਕੇ ਪੰਜਾਬ ਦੀ ਧਰਤੀ ਨੂੰ ਵੰਡ ਕੇ ਬੈਠ ਗਏ । ਇਸ ਤੋਂ ਬਾਅਦ ਹਿੰਦੁਸਤਾਨ ਦੀ ਸਰਕਾਰ ਵੱਲੋਂ ਸਿੱਖਾਂ ਪ੍ਰਤੀ ਪੱਖਪਾਤੀ ਰਵੱਈਏ ਤੋਂ ਆਪ ਹਮੇਸ਼ਾਂ ਚਿੰਤਤ ਰਹਿੰਦੇ ਸਨ । ਪੰਜਾਬ ਦੇ ਗਵਰਨਰ ਸ਼੍ਰੀ ਚੰਦੂ ਲਾਲ ਤ੍ਰਿਵੇਦੀ ਵੱਲੋਂ 10 ਅਕਤੂਬਰ, 1947 ਨੂੰ ਦੇਸ਼ ਦੇ ਬਟਵਾਰੇ ਤੋਂ ਚੰਦ ਕੁ ਦਿਨਾਂ ਬਾਅਦ ਇਕ ਗਸ਼ਤੀ ਚਿੱਠੀ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਜਾਰੀ ਕੀਤੀ ਗਈ । ਇਸ ਚਿੱਠੀ ਵਿੱਚ ਸਮੁੱਚੀ ਸਿੱਖ ਕੌਮ ਨੂੰ ਮੁਜਰਮਾਨਾ ਬਿਰਤੀ ਦੇ ਆਖ ਕੇ ਇਨ੍ਹਾਂ ਦੀਆਂ ਗਤੀਵਿਧੀਆਂ ਨੂੰ ਵਾਚਣ ਲਈ ਕਿਹਾ ਗਿਆ । ਇਸ ਗਸ਼ਤੀ ਪੱਤਰ ਨੇ ਇਨ੍ਹਾਂ ਦੇ ਹਿਰਦੇ 'ਤੇ ਡੂੰਘੀ ਸੱਟ ਮਾਰੀ । ਬਤੌਰ ਡਿਪਟੀ ਕਮਿਸ਼ਨਰ ਇਨ੍ਹਾਂ ਵੱਲੋਂ ਇਸ ਪੱਤਰ ਦੇ ਉੱਤਰ ਵਜੋਂ ਭਾਰਤ ਸਰਕਾਰ ਪ੍ਰਤੀ ਸਖ਼ਤ ਰੋਸ ਦਾ ਪ੍ਰਗਟਾਵਾ ਕੀਤਾ ਗਿਆ । ਇਸ ਚਿੱਠੀ ਦੇ ਸਖ਼ਤ ਉੱਤਰ ਪਿੱਛੋਂ ਸਿਰਦਾਰ ਕਪੂਰ ਸਿੰਘ 'ਤੇ ਨਿਗੂਣੇ ਜਿਹੇ ਦੋਸ਼ ਆਇਦ ਕਰਕੇ ਮੁਕੱਦਮਾ ਚਲਾਇਆ ਗਿਆ । ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਦੇ ਅਹੁਦੇ ਤੋਂ ਬਰਖ਼ਾਸਤ ਕਰ ਦਿੱਤਾ ਗਿਆ । ਉਸ ਸਮੇਂ ਦੇਸ਼ ਨਵਾਂ-ਨਵਾਂ ਅੰਗ੍ਰੇਜ਼ ਹਕੂਮਤ ਵੱਲੋਂ ਅਜ਼ਾਦ ਹੋਇਆ ਸੀ, ਸਮੁੱਚੇ ਦੇਸ਼ ਵਿੱਚ ਆਈ।ਸੀ ਐੱਸ। ਵਜੋਂ ਸੇਵਾ ਨਿਭਾਉਣ ਵਾਲੇ ਬਹੁਤ ਥੋੜ੍ਹੇ ਸਿੱਖ ਅਫ਼ਸਰ ਸਨ । ਸਰਕਾਰੀ ਨੌਕਰੀ ਤੋਂ ਬਰਖ਼ਾਸਤ ਹੋਣ ਤੋਂ ਪਿੱਛੋਂ ਆਪ ਨੇ ਸਿੱਖਾਂ ਨਾਲ ਹੋ ਰਹੇ ਵਿਤਕਰੇ ਅਤੇ ਬੇਇਨਸਾਫ਼ੀ ਨੂੰ ਖ਼ਤਮ ਕਰਨ ਲਈ ਪੂਰਨ ਰੂਪ ਵਿੱਚ ਖ਼ੁਦ ਨੂੰ ਸਮਰਪਿਤ ਕਰਕੇ ਕਾਰਜ ਕਰਨਾ ਆਰੰਭ ਕਰ ਦਿੱਤਾ । ਉਨ੍ਹਾਂ ਜ਼ਿੰਦਗੀ ਭਰ ਸਿੱਖਾਂ ਦੇ ਵਿਰੁੱਧ ਚੱਲ ਰਹੀਆਂ ਕੂਟਨੀਤਿਕ ਚਾਲਾਂ ਵਿੱਚ ਲੜਨ ਦਾ ਮਨ ਬਣਾ ਲਿਆ । ਹੁਣ ਉਨ੍ਹਾਂ ਇਕ ਉੱਘੇ ਸਿੱਖ ਬੁੱਧੀਜੀਵੀ ਵਾਲੀ ਭੂਮਿਕਾ ਨਿਭਾਉਂਦਿਆਂ ਸੰਘਰਸ਼ਸ਼ੀਲ ਤਾਕਤਾਂ ਦੇ ਹੱਕ ਵਿੱਚ ਅਵਾਜ਼ ਉਠਾਉਣ ਲਈ ਬੀੜਾ ਚੁੱਕ ਲਿਆ । 1973 ਈ: ਵਿੱਚ ਸਿਰਦਾਰ ਕਪੂਰ ਸਿੰਘ ਨੂੰ ਨੈਸ਼ਨਲ ਪ੍ਰੋਫੈਸਰ ਆਫ਼ ਸਿੱਖਇਜ਼ਮ ਦੀ ਉਪਾਧੀ ਨਾਲ ਪੂਰੇ ਸਿੱਖ ਸੰਸਾਰ ਵੱਲੋਂ ਸਨਮਾਨਿਆ ਗਿਆ ।

ਉਨ੍ਹਾਂ ਬਤੌਰ ਡਿਪਟੀ ਕਮਿਸ਼ਨਰ ਕਾਰਜਸ਼ੀਲ ਰਹਿੰਦਿਆਂ ਇਸ ਗੱਲ ਨੂੰ ਭਲੀਭਾਂਤ ਅਨੁਭਵ ਕਰ ਲਿਆ ਕਿ ਰਾਜਨੀਤਿਕ ਵਿਤਕਰੇ ਕਰਕੇ ਸਿੱਖ ਜੀਵਨ ਦੇ ਹਰ ਖੇਤਰ ਵਿੱਚ ਮਾਰ ਖਾ ਰਹੇ ਹਨ । ਇਸੇ ਰਾਜਨੀਤਿਕ ਵਿਤਕਰੇ ਨੂੰ ਦੇਖਦਿਆਂ ਹੀ ਇਸ ਮਹਾਨ ਬੁੱਧੀਜੀਵੀ ਹਸਤੀ ਨੇ 1962 ਈ: ਵਿੱਚ ਲੁਧਿਆਣਾ ਤੋਂ ਅਕਾਲੀ ਦਲ ਦੀ ਟਿਕਟ ਲੈ ਕੇ ਲੋਕ ਸਭਾ ਦੀ ਚੋਣ ਜਿੱਤੀ । ਲੋਕ ਸਭਾ ਦੀ ਕਾਰਵਾਈ ਦੌਰਾਨ ਬੜੇ ਬੇਵਾਕ ਸ਼ਬਦਾਂ ਵਿੱਚ ਸਿੱਖਾਂ ਪ੍ਰਤੀ ਹਰ ਖੇਤਰ ਵਿੱਚ ਹੋ ਰਹੇ ਵਿਤਕਰੇ ਦੇ ਕੱਚੇ ਚਿੱਠੇ ਨੂੰ ਬਾਖ਼ੂਬੀ ਪੇਸ਼ ਕੀਤਾ । ਜੋ ਅੱਜ ਵੀ ਲੋਕ ਸਭਾ ਦੇ ਸਰਕਾਰੀ ਰਿਕਾਰਡ ਵਿੱਚ ਵੇਖਿਆ ਜਾ ਸਕਦਾ ਹੈ ।

ਸਿਰਦਾਰ ਕਪੂਰ ਸਿੰਘ ਨੇ ਸਾਹਿਤਕ ਖੇਤਰ ਵਿੱਚ ਵੀ ਵੱਡਾ ਯੋਗਦਾਨ ਪਾਇਆ । ਸਪੱਸ਼ਟਵਾਦੀ ਤੇ ਨਿਧੜਕ ਲੇਖਕ ਵਜੋਂ 1952 ਈ: ਵਿੱਚ ਬਹੁਵਿਸਥਾਰ ਅਤੇ ਪੁੰਦਰੀਕ ਨਾਂਅ ਦੇ ਲੇਖ ਸੰਗ੍ਰਹਿ ਪ੍ਰਕਾਸ਼ਤ ਕੀਤੇ । ਸਪਤਸ੍ਰਿੰਗ ਪੁਸਤਕ ਵਿੱਚ ਉਨ੍ਹਾਂ ਵੱਲੋਂ ਸੱਤ ਉੱਚ ਹਸਤੀਆਂ ਦੀਆਂ ਜੀਵਨੀਆਂ ਪਾਠਕਾਂ ਦੇ ਸਨਮੁੱਖ ਪੇਸ਼ ਕੀਤੀਆਂ ਗਈਆਂ । ਅੰਗ੍ਰੇਜ਼ੀ ਪੁਸਤਕ ਪਰਾਸ਼ਰ ਪ੍ਰਸਨਾ-ਵਿਸਾਖੀ ਆਫ਼ ਗੁਰੂ ਗੋਬਿੰਦ ਸਿੰਘ ਸਿੱਖ ਫਿਲਾਸਫ਼ੀ ਦੀ ਸ਼ਾਹਕਾਰ ਰਚਨਾ ਹੈ । ਸਾਚੀ ਸਾਖੀ ਪੁਸਤਕ ਸਿੱਖ ਕੌਮ ਨਾਲ ਹੋ ਰਹੇ ਰਾਜਨੀਤਿਕ ਵਿਤਕਰੇ ਦੇ ਸੱਚ ਨੂੰ ਪ੍ਰਗਟ ਕਰਦੀ ਹੈ । ਇਸ ਪੁਸਤਕ ਦੇ ਪਾਠਕਾਂ ਦੇ ਸਨਮੁੱਖ ਆਉਣ ਸਮੇਂ ਸਰਕਾਰ ਵੱਲੋਂ ਇਸ ਉੱਪਰ ਪਾਬੰਦੀ ਲਾ ਦਿੱਤੀ ਗਈ । ਅੰਗ੍ਰੇਜ਼ੀ ਦੀਆਂ ਤਿੰਨ ਪੁਸਤਕਾਂ ਉਨ੍ਹਾਂ ਦੇ ਅਕਾਲ ਚਲਾਣੇ ਤੋਂ ਪਿੱਛੋਂ ਡਾ: ਪਿਆਰ ਸਿੰਘ ਤੇ ਡਾ: ਮਦਨਜੀਤ ਕੌਰ ਨੇ ਸੰਪਾਦਿਤ ਕੀਤੀਆਂ । ਸਿੱਖ ਬੁੱਧੀਜੀਵੀਆਂ ਵਿੱਚੋਂ ਉਹ ਬਹੁ-ਭਾਸ਼ਾਈ ਵਿਦਵਾਨ ਵਜੋਂ ਰਹਿੰਦੀ ਦੁਨੀਆਂ ਤੱਕ ਸਤਿਕਾਰ ਪ੍ਰਾਪਤ ਕਰਦੇ ਰਹਿਣਗੇ ।

ਇਹ ਮਹਾਨ ਸ਼ਖ਼ਸ਼ੀਅਤ 1984 ਦੇ ਘੱਲੂਘਾਰੇ ਦੇ ਪਿੱਛੋਂ ਹੋ ਰਹੀ ਸਿੱਖ ਨਸਲਕੁਸ਼ੀ ਦੇ ਦਿਨਾਂ ਵਿੱਚ 13 ਅਗਸਤ, 1986 ਈ: ਜਗਰਾਉਂ (ਲੁਧਿਆਣਾ) ਵਿਖੇ ਆਪਣੇ ਸਨੇਹੀਆਂ ਤੇ ਪ੍ਰਸ਼ੰਸਕਾਂ ਨੂੰ ਸਦੀਵੀ ਵਿਛੋੜਾ ਦੇ ਗਏ । ਉਨ੍ਹਾਂ ਦੀ ਯਾਦ ਨੂੰ ਸਾਡਾ ਪ੍ਰਣਾਮ ।

### ਸਜ਼ਾ ਪੂਰੀ ਕਰਨ ਦੇ ਬਾਵਜੂਦ ਕੋਈ ਵੀ ਦੋਸ਼ੀ ਜੇਲ੍ਹ ਵਿਚ ਕੈਦ ਨਾ ਹੋਵੇ, ਤੁਰੰਤ ਕੀਤਾ ਜਾਏ ਰਿਹਾਅ: ਸੁਪਰੀਮ ਕੋਰਟ

# ਕੀ ਅਦਾਲਤ ਦਾ ਇਹ ਫ਼ੈਸਲਾ ਬੰਦੀ ਸਿੰਘਾਂ ਦੇ ਮਾਮਲੇ ਵਿਚ ਲਾਗੂ ਹੋ ਸਕੇਗਾ..?



ਨਵੀਂ ਦਿੱਲੀ 12 ਅਗਸਤ (ਮਨਪ੍ਰੀਤ ਸਿੰਘ ਖਾਲਸਾ):- 2002 ਦੇ ਬਹੁ-ਚਰਚਿਤ ਨਿਤੀਸ਼ ਕਟਾਰਾ ਕਤਲ ਕੇਸ ਵਿੱਚ ਅੱਜ ਇੱਕ ਵੱਡਾ ਫੈਸਲਾ ਆਇਆ ਹੈ। ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਿਹਾ ਕਿ ਇਸ ਮਾਮਲੇ ਵਿੱਚ ਦੋਸ਼ੀ ਠਹਿਰਾਏ ਗਏ ਸੁਖਦੇਵ ਪਹਿਲਵਾਨ ਨੂੰ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਜਾਣਾ ਚਾਹੀਦਾ ਹੈ ਕਿਉਂਕਿ ਉਸਨੇ ਆਪਣੀ 20 ਸਾਲ ਦੀ ਸਜ਼ਾ ਪੂਰੀ ਕਰ ਲਈ ਹੈ। ਸੁਣਵਾਈ ਦੌਰਾਨ, ਜਸਟਿਸ ਬੀ.ਵੀ. ਨਾਗਰਥਨਾ ਅਤੇ ਜਸਟਿਸ ਕੇ.ਵੀ. ਵਿਸ਼ਵਨਾਥਨ ਦੇ ਬੈਂਚ ਨੇ ਟਿੱਪਣੀ ਕੀਤੀ ਕਿ ਕਿਸੇ ਵੀ ਦੋਸ਼ੀ ਨੂੰ ਇੱਕ ਨਿਸ਼ਚਿਤ ਮਿਆਦ ਲਈ ਸਜ਼ਾ ਸੁਣਾਈ ਗਈ ਹੈ, ਉਸਦੀ ਸਜ਼ਾ ਪੂਰੀ ਹੁੰਦੇ ਹੀ ਉਸਨੂੰ ਰਿਹਾਅ ਕਰ ਦਿੱਤਾ ਜਾਣਾ ਚਾਹੀਦਾ ਹੈ। ਇਸ ਦੌਰਾਨ, ਅਦਾਲਤ ਨੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਰਿਹਾਈ ਲਈ ਮੁਆਫ਼ੀ ਦੀ ਕੋਈ ਲੋੜ ਨਹੀਂ ਹੈ।ਸੁਪਰੀਮ ਕੋਰਟ ਨੇ ਦੇਸ਼ ਭਰ ਦੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਗ੍ਰਹਿ ਸਕੱਤਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਹ ਯਕੀਨੀ ਬਣਾਉਣ ਕਿ ਸਜ਼ਾ ਪੂਰੀ ਕਰਨ ਦੇ ਬਾਵਜੂਦ ਕੋਈ ਵੀ ਦੋਸ਼ੀ ਕੈਦ ਨਾ ਹੋਵੇ। ਬੈਂਚ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਵਿਅਕਤੀ ਆਪਣੀ ਪੂਰੀ ਸਜ਼ਾ ਕੱਟ ਚੁੱਕਾ ਹੈ ਅਤੇ ਕਿਸੇ ਹੋਰ ਮਾਮਲੇ ਵਿੱਚ ਲੋੜੀਂਦਾ ਨਹੀਂ ਹੈ, ਤਾਂ ਉਸਨੂੰ ਤੁਰੰਤ ਰਿਹਾਅ ਕਰ ਦਿੱਤਾ ਜਾਵੇ। ਜ਼ੇਕਰ ਇਹੋ ਹਾਲਾਤ ਰਹੇ ਤਾਂ ਦੋਸ਼ੀ ਜੇਲ੍ਹ ਅੰਦਰ ਹੀ ਮਰ ਜਾਏਗਾ । ਅਦਾਲਤ ਨੇ ਇਹ ਵੀ ਹੁਕਮ ਦਿੱਤਾ ਕਿ ਇਹ ਫੈਸਲਾ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਨੂੰ ਭੇਜਿਆ ਜਾਵੇ, ਤਾਂ ਜੋ ਉਹ ਇਸਨੂੰ ਸਾਰੇ ਰਾਜਾਂ ਦੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਨੂੰ ਪ੍ਰਸਾਰਿਤ ਕਰ ਸਕੇ। ਇਥੇ ਵਿਚਾਰਣ ਯੋਗ ਹੈ ਕਿ ਸਿੱਖ ਬੰਦੀ ਸਿੰਘਾਂ ਨੇ ਵੀਂ ਆਪਣੀ ਬਣਦੀ ਸਜ਼ਾ ਤੋਂ ਵੀਂ ਵੱਧ ਸਮਾਂ ਜੇਲ੍ਹਾਂ ਵਿਚ ਗੁਜਾਰ ਲਿਆ ਹੈ ਕਿ ਇਹ ਫ਼ੈਸਲਾ ਉਨ੍ਹਾਂ ਨੂੰ ਕੁਝ ਰਾਹਤ ਦੇਵੇਗਾ ਜਾਂ ਸਰਕਾਰਾਂ ਇਸ ਫੈਸਲੇ ਅਧੀਨ ਉਨ੍ਹਾਂ ਨੂੰ ਰਿਹਾਅ ਕਰਨਗੀਆਂ ਇਹ ਆਣ ਵਾਲਾ ਸਮਾਂ ਹੀ ਦਸ ਸਕੇਗਾ ।

# ਓਟਵਾ ਕੈਨੇਡਾ ਵਿਖ਼ੇ ਭਾਰਤੀ ਐਂਬੇਸੀ ਮੂਹਰੇ ਭਾਰੀ ਵਿਰੋਧ ਪ੍ਰਦਰਸ਼ਨ 15 ਅਗਸਤ ਦੀ ਦੁਪਹਿਰੇ: ਜਸਵਿੰਦਰ ਸਿੰਘ ਮੌਂਟਰੀਆਲ



ਨਵੀਂ ਦਿੱਲੀ 12 ਅਗਸਤ (ਮਨਪ੍ਰੀਤ ਸਿੰਘ ਖਾਲਸਾ):- 15 ਅਗਸਤ ਨੂੰ ਕੈਨੇਡੀਅਨ ਸਿੱਖਾਂ ਵਲੋਂ ਓਟਵਾ ਵਿਖ਼ੇ ਭਾਰਤੀ ਐਂਬੇਸੀ ਮੂਹਰੇ ਰੋਸ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਹੈ। ਇਸ ਬਾਰੇ ਜਾਣਕਾਰੀ ਦੇਂਦਿਆਂ ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਮੌਂਟਰੀਆਲ ਨੇ ਕਿਹਾ ਕਿ ਇਹ ਮੁਜ਼ਾਹਰੇ ਦਰਿਆਈ ਪਾਣੀਆਂ ਦੀ ਨਿਰੰਤਰ ਲੁੱਟ, ਸਿੱਖ ਨਜ਼ਰਬੰਦੀਆਂ ਨੂੰ ਰਿਹਾਅ ਨਾ ਕਰਨ ਅਤੇ ਵਿਦੇਸ਼ਾਂ ਅੰਦਰ ਭਾਰਤ ਵਲੋਂ ਕੀਤੀ ਜਾਂਦੀ ਦਖਲਅੰਦਾਜ਼ੀ ਜਿਸ ਵਿਚ ਸਿੱਖਾਂ ਦਾ ਕਤਲ ਅਤੇ ਕਤਲ ਕਰਣ ਦੀਆਂ ਸਾਜ਼ਿਸ਼ਾ ਸ਼ਾਮਿਲ ਹਨ, ਵਿਰੁੱਧ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ ਇਸ ਦਿਨ ਭਾਰਤ ਤਾਂ ਆਜ਼ਾਦ ਹੋ ਗਿਆ ਪਰ ਸਿੱਖ ਜਿਨ੍ਹਾਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸਭ ਤੋਂ ਵੱਧ ਕੁਰਬਾਣੀਆਂ ਦਿਤੀਆਂ, ਜੇਲ੍ਹਾਂ ਭੁਗਤੀਆਂ ਨੂੰ ਦੂਜੇ ਦਰਜੇ ਦਾ ਸ਼ਹਿਰੀ ਬਣਾ ਦਿੱਤਾ ਗਿਆ । ਕਦਮ ਕਦਮ ਤੇ ਸਿੱਖਾਂ ਨਾਲ ਵਧੀਕੀਆਂ ਕੀਤੀਆਂ ਗਈਆਂ ਜੋ ਕਿ ਬਾ ਦਸਤੂਰ ਹੁਣ ਤਕ ਚਲ ਰਹੀਆਂ ਹਨ ਜਿਨ੍ਹਾਂ ਬਾਰੇ ਅਖਬਾਰਾਂ ਵਿਚ ਸੁਰਖੀਆਂ ਪੜਨ ਨੂੰ ਮਿਲਦੀਆਂ ਰਹਿੰਦੀਆਂ ਹਨ । ਉਨ੍ਹਾਂ ਕੈਨੇਡਾ ਅਤੇ ਹੋਰ ਦੇਸ਼ਾਂ ਦੀਆਂ ਸੰਗਤਾਂ ਨੂੰ ਇਸ ਪ੍ਰਦਰਸ਼ਨ ਵਿਚ ਵਡੀ ਗਿਣਤੀ ਅੰਦਰ ਹਿੱਸਾ ਲੈ ਕੇ ਆਪਣਾ ਵਿਰੋਧ ਦਰਜ਼ ਕਰਵਾਉਣ ਦੀ ਅਪੀਲ ਕੀਤੀ ।

# ਯੁਧ ਨਸ਼ਿਆਂ ਵਿਰੁੱਧ ਸੀਨੀਅਰ ਸੈਕੰਡਰੀ ਸਕੂਲ ਲੱਡਾਂ ਵਿਖੇ ਜਾਣਕਾਰੀ ਦਿੱਤੀ




ਧੂਰੀ ( ਰਣਜੀਤ ਸਿੰਘ ਪੇਧਨੀ )-ਸੀਨੀਅਰ ਸੈਕੰਡਰੀ ਸਕੂਲ ਲੱਡਾਂ ਵਿਖੇ ਪ੍ਰਿੰਸੀਪਲ ਲਲਿਤਾ ਸ਼ਰਮਾ ਜੀ ਦੀ ਅਗਵਾਈ ਵਿੱਚ ਬੱਚਿਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਬਚਾਓ ਅਤੇ ਨਸ਼ਾ ਨਾ ਕਰਨ ਅਤੇ ਨਸ਼ਾ ਵੇਚਣ ਵਾਲਿਆਂ ਦੀ ਮੱਦਦ ਨਾ ਕਰਨ ਦੀ ਸ਼ੌਹ ਚੁਕਾਈ ਗਈ । ਸਿਹਤ ਵਿਭਾਗ ਦੀ ਟੀਮ ਅਸ਼ੋਕ ਕੁਮਾਰ ਹੈੱਲਥ ਇੰਸਪੈਕਟਰ ਅਤੇ ਸੁਰਜੀਤ ਸਿੰਘ ਹੈੱਲਥ ਇੰਸਪੈਕਟਰ ਨੇ ਬੱਚਿਆਂ ਨੂੰ ਨਸ਼ਿਆਂ ਦੇ ਖਾਤਮੇ ਲਈ ਚੱਲ ਰਹੇ ਪ੍ਰੋਗਰਾਮ ਯੁੱਧ ਨਸ਼ਿਆਂ ਵਿਰੁੱਧ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਸਰਕਾਰ ਦੇ ਚੱਲ ਪ੍ਰੋਗਰਾਮ ਯੁੱਧ ਨਸ਼ਿਆਂ ਵਿਰੁੱਧ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਅਪੀਲ ਕੀਤੀ ਤਾਂ ਜੋ ਸਰਕਾਰ ਦੇ ਚੱਲ ਰਹੇ ਪ੍ਰੋਗਰਾਮ ਨੂੰ ਹੋਰ ਬਲ ਮਿਲ ਸਕੇ। ਇਸ ਮੌਕੇ ਮੈਂਡਮ ਰੁਪਿੰਦਰ ਕੌਰ,ਸ਼ਿਵਰਾਜ ਕੌਰ ਅਤੇ ਜਸਵਿੰਦਰ ਸਿੰਘ ਮਲਟੀ ਪਰਪਜ਼ ਹੈੱਲਥ ਵਰਕਰ ਹਾਜ਼ਰ ਸਨ।

# ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਸਾਥੀ ਗੁਰਪ੍ਰੀਤ ਸਿੰਘ ਜ਼ਮਾਨਤ 'ਤੇ ਰਿਹਾਅ, ਅਗਲੀ ਪੇਸ਼ੀ 22 ਨੂੰ

## ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਜੀ ਨੇ ਭਾਈ ਗੁਰਪ੍ਰੀਤ ਸਿੰਘ ਦਾ ਮੂੰਹ ਮਿੱਠਾ ਕਰਵਾਇਆ



ਜੰਡਿਆਲਾ ਗੁਰੂ,12 ਅਗਸਤ ( ਕੁਲਵੰਤ ਸਿੰਘ ਵਿਰਦੀ )- ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਉਸਦੇ ਸਾਥੀਆਂ ਖਿਲਾਫ ਸਾਲ 2023 ਵਿੱਚ ਥਾਣਾ ਖਿਲਚੀਆਂ, ਬਾਬਾ ਬਕਾਲਾ ਸਾਹਿਬ ਵਿਖੇ ਦਰਜ ਇੱਕ ਕੇਸ ਵਿਚ ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀ ਗੁਰਪ੍ਰੀਤ ਸਿੰਘ ਮਿਸਤਰੀ ਸਪੁੱਤਰ ਲਾਭ ਸਿੰਘ , ਪਿੰਡ ਗੰਡੂਆ (ਸੰਗਰੂਰ) ਨੂੰ ਜ਼ਮਾਨਤ ਮਿਲ ਗਈ ਹੈ। ਇਸ ਸੰਬੰਧੀ ਮਾਣਯੋਗ ਬਾਬਾ ਬਕਾਲਾ ਸਾਹਿਬ ਦੀ ਅਦਾਲਤ ਵਿਚ ਚੱਲ ਰਹੇ ਉਕਤ ਕੇਸ ਮੁਕੱਦਮਾ ਨੰ: 26/23 ਦੀ ਪੈਰਵਾਈ ਕਰ ਰਹੇ ਸਥਾਨਕ ਕਸਬੇ ਦੇ ਵਸਨੀਕ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਲੀਗਲ ਟੀਮ ਦੇ ਮੈਂਬਰ ਐਡਵੋਕੇਟ ਸ਼ੁਕਰਗੁਜ਼ਾਰ ਸਿੰਘ ਨੇ ਦੱਸਿਆ ਹੈ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਸਦੇ ਸਾਥੀਆਂ ਖਿਲਾਫ਼ ਸਾਲ 2023 ਵਿੱਚ ਥਾਣਾ ਖਿਲਚੀਆਂ, ਬਾਬਾ ਬਕਾਲਾ ਸਾਹਿਬ ਵਿਖੇ ਉਕਤ ਕੇਸ ਦਰਜ ਕੀਤਾ ਗਿਆ ਸੀ, ਜਿਸ ਤਹਿਤ ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀ ਗੁਰਪ੍ਰੀਤ ਸਿੰਘ ਨੂੰ ਜ਼ਮਾਨਤ ਮਿਲ ਗਈ ਹੈ ਅਤੇ ਇਸ ਕੇਸ ਦੀ ਅਗਲੀ ਸੁਣਵਾਈ ਹੁਣ 22 ਅਗਸਤ ਨੂੰ ਹੋਵੇਗੀ। ਜ਼ਿਕਰਯੋਗ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਖਿਲਾਫ਼ ਸਾਲ 2023 ਵਿੱਚ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਤਿੰਨ ਪਰਚੇ ਦਰਜ ਹੋਏ ਸਨ, ਜਿਨ੍ਹਾਂ ਪਰਚਿਆਂ 'ਚ ਨਾਮਜ਼ਦ ਸਿੰਘਾਂ ਦੀ ਪੈਰਵਾਈ ਕਰ ਰਹੇ ਵਕੀਲ ਸ਼ੁਕਰਗੁਜ਼ਾਰ ਸਿੰਘ ਨੇ ਦੱਸਿਆ ਕਿ ਥਾਣਾ ਅਜਨਾਲਾ ਵਿਖੇ ਦੋ ਪਰਚੇ ਦਰਜ ਕੀਤੇ ਗਏ ਸਨ ਤੇ ਉਕਤ ਦੋਨੋਂ ਮੁਕੱਦਮਿਆਂ ਦੀ ਸੁਣਵਾਈ ਅੰਮ੍ਰਿਤਸਰ ਸੈਸ਼ਨ ਕੋਰਟ ਵਿੱਚ ਚੱਲ ਰਹੀ ਹੈ ਤੇ ਥਾਣਾ ਖਿਲਚੀਆਂ ਵਿੱਚ ਦਰਜ ਕੇਸ ਜੋ ਜੁਡੀਸ਼ਲ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਸੁਣਵਾਈ ਅਧੀਨ ਹੈ ਵਿੱਚ ਨਾਮਜ਼ਦ ਸਿੰਘ ਗੁਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ ਨੂੰ ਜ਼ਮਾਨਤ ਮਿਲ ਗਈ ਹੈ। ਉਕਤ ਤਿੰਨੋਂ ਪਰਚੇ ਗਵਾਹੀਆਂ ਦੀ ਸਟੇਜ 'ਤੇ ਹਨ।

## ਜ਼ੋਨਲ ਐਥਲੈਟਿਕ ਮੀਟ ਚ ਸੇਂਟ ਸੋਲਜਰ ਸਕੂਲ ਦੀਆਂ ਲੜਕੀਆਂ ਨੇ

# ਸ਼ਾਨਦਾਰ ਪ੍ਰਦਰਸ਼ਨ ਕਰਕੇ ਸੋਨੇ ਦੇ ਮੈਡਲ ਹਾਸਲ ਕੀਤੇ





**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੋਨ ਲੈਵਲ ਦੀ ਲੜਕੀਆਂ ਦੀ ਅਥਲੈਟਿਕਸ ਮੀਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੰਡਾਲਾ ਵਿਖੇ 7 ਅਤੇ 8ਅਗਸਤ ਨੂੰ ਕਰਵਾਈ ਗਈ। ਜਿਸ ਵਿੱਚ ਸੈਟ ਸੋਲਜਰ ਦੀਆਂ ਲੜਕੀਆਂ ਨੇ ਆਪੋ ਆਪਣੇ ਈਵੈਂਟਸ ਵਿੱਚ ਚੋਟੀ ਦੀਆਂ ਮੱਲਾਂ ਮਾਰੀਆਂ। ਇਹਨਾਂ ਮੁਕਾਬਲਿਆਂ ਵਿੱਚ ਸਕੂਲ ਦੀਆਂ ਬੱਚੀਆਂ ਨੇ ਕੁੱਲ 52 ਮੈਡਲ ਹਾਸਲ ਕੀਤੇ ਜਿੰਨਾ ਵਿੱਚ 30 ਗੋਲਡ, 12 ਸਿਲਵਰ ਅਤੇ 10 ਬਰੋਂਜ ਮੈਡਲ ਜਿੱਤ ਕੇ ਇਹ ਸਾਬਿਤ ਕਰ ਦਿੱਤਾ ਕਿ ਉਹ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਪੂਰੀ ਮੁਹਾਰਤ ਰੱਖਦੀਆਂ ਹਨ ਇਹਨਾਂ ਮੁਕਾਬਲਿਆਂ ਵਿੱਚ ਅੰਡਰ 14 ਕੈਟਾਗਰੀ ਵਿੱਚ ਮਨਪ੍ਰੀਤ ਕੌਰ 400 ਮੀਟਰ ਫਸਟ ਪੁਜੀਸ਼ਨ ,ਧਨਵੀਰ ਕੌਰ 400 ਮੀਟਰ ਥਰਡ ਪੁਜੀਸ਼ਨ, ਮਨਪ੍ਰੀਤ ਕੌਰ 600 ਮੀਟਰ ਫਸਟ ਪੁਜੀਸ਼ਨ, ਧਨਵੀਰ ਕੌਰ 600 ਮੀਟਰ ਸੈਕੰਡ ਪੁਜੀਸ਼ਨ,ਗੁਰਕੀਰਤ ਕੌਰ ਲੌਂਗ ਜੰਪ ਥਰਡ ਪੋਜੀਸ਼ਨ ,ਅਨਮੋਲ ਪ੍ਰੀਤ ਕੌਰ ਡਿਸਕਸ ਥਰੋ ਥਰਡ ਪੋਜੀਸ਼ਨ,ਰਿਲੇ 4*100 ਮੀਟਰ ਮਨਪ੍ਰੀਤ ਕੌਰ ,ਧਨਵੀਰ ਕੌਰ, ਪਰਨੀਤ ਕੌਰ ,ਗੁਰਕੀਰਤ ਕੌਰ, ਸਮਰੀਨ ਕੌਰ ਸੈਕੰਡ ਪੋਜੀਸ਼ਨ ਇਸੇ ਤਰ੍ਹਾਂ ਅੰਡਰਸ 17 ਦੇ ਮੁਕਾਬਲਿਆਂ ਵਿੱਚ ਕਮਲਪ੍ਰੀਤ ਕੌਰ 100 ਮੀਟਰ ਫਸਟ ਪੁਜ਼ੀਸ਼ਨ ,ਕਮਲਪ੍ਰੀਤ ਕੌਰ 100 ਮੀਟਰ ਸੈਕੰਡ ਪੋਜੀਸ਼ਨ, ਕਮਲਪ੍ਰੀਤ ਕੌਰ 200 ਮੀਟਰ ਫਸਟ ਪੋਜੀਸ਼ਨ ਮਨਦੀਪ ਕੌਰ 200 ਮੀਟਰ ਥਰਡ ਪੋਜੀਸ਼ਨ, ਮਨਦੀਪ ਕੌਰ ਫਸਟ ਪੋਜੀਸ਼ਨ ਫਸਟ ਪੋਜੀਸ਼ਨ 400 ਮੀਟਰ, ਸੁਖਲੀਨ ਕੌਰ 400 ਮੀਟਰ ਥਰਡ ਪੋਜੀਸ਼ਨ ,ਨਵਨੀਤ ਕੌਰ 800 ਮੀਟਰ ਥਰਡ ਪੋਜੀਸ਼ਨ ,ਪਰਨੀਤ ਕੌਰ 1500 ਮੀਟਰ ਸੈਕਿੰਡ ਪੁਜੀਸ਼ਨ ,ਪਰਨੀਤ ਕੌਰ 3000 ਮੀਟਰ ਫਸਟ ਪੁਜੀਸ਼ਨ ,ਸੁਖਲੀਨ ਕੌਰ ਲੌਂਗ ਜੰਪ ਸੈਕਿੰਡ ਪੁਜੀਸ਼ਨ, ਇਬਾਦਤ ਕੌਰ ਡਿਸਕਸ ਥਰੋ ਫਸਟ ਪੋਜੀਸ਼ਨ ,ਪਾਰਸ ਜੀਤ ਕੌਰ ਟਰਿਪਲ ਜੰਪ ਸੈਕਿੰਡ ਪੋਜੀਸ਼ਨ, ਰਿਲੇਅ 4 *100 ਮੀਟਰ ਕਮਲਪ੍ਰੀਤ ਕੌਰ ਮਨਦੀਪ ਕੌਰ ਸੁਖਲੀਨ ਕੌਰ ਕੋਮਲਪ੍ਰੀਤ ਕੌਰ ਪਰਨੀਤ ਕੌਰ ਫਸਟ ਪੁਜੀਸ਼ਨ । ਰਿਲੇਅ 4*400 ਕਮਲਪ੍ਰੀਤ ਕੌਰ ਮਨਦੀਪ ਕੌਰ ਸੁਖਲੀਨ ਕੌਰ ਕਮਲਪ੍ਰੀਤ ਕੌਰ ਕਮਲਪ੍ਰੀਤ ਕੌਰ ਪਰਨੀਤ ਕੌਰ ਫਸਟ ਪੁਜੀਸ਼ਨ ।ਇਸੇ ਤਰਾਂ ਅੰਡਰ 19 ਦੇ ਮੁਕਾਬਲਿਆ ਵਿੱਚ ਸੁਖਮਨਪ੍ਰੀਤ ਕੌਰ 100 ਮੀਟਰ ਫਸਟ ਪੁਜੀਸ਼ਨ, ਸਾਖੋ 100ਮੀਟਰ ਥਰਡ ਪੁਜੀਸ਼ਨ ,ਸੁਖਮਨਪ੍ਰੀਤ ਕੌਰ 200 ਮੀਟਰ ਸੈਕੰਡ ਪੋਜੀਸ਼ਨ, ਮੁਸਕਾਨ ਪ੍ਰੀਤ ਕੌਰ 200 ਮੀਟਰ ਥਰਡਪੁਜੀਸ਼ਨ, ਸਮਰੀਨ ਕੌਰ 400 ਮੀਟਰ ਥਰਡ ਪੁਜੀਸ਼ਨ ,ਸ਼ਿਵਾਨੀ 1500 ਮੀਟਰ ਥਰਡ ਪੁਜੀਸ਼ਨ, ਸੁਖਮਨਪ੍ਰੀਤ ਕੌਰ ਲੌਂਗ ਜੰਪ ਸੈਕਿੰਡ ਪੁਜੀਸ਼ਨ, ਸਾਖੋ ਟਰਿਪਲ ਜੰਪ ਫਸਟ ਪੁਜੀਸ਼ਨ,ਸੁਖਮਨਪ੍ਰੀਤ ਕੌਰ ਜੈਵਲਿਨ ਥਰੋ ਫਸਟ ਪੋਜੀਸ਼ਨ ,4 *100 ਰਿਲੇਅ ਸੁਖਮਨਪ੍ਰੀਤ ਕੌਰ ਸਮਰੀਨ ਕੌਰ ਮੁਸਕਾਨਦੀਪ ਕੌਰ ਸਾਖੋ ਸੁਖਮਨਪ੍ਰੀਤ ਕੌਰ ਫਸਟ ਪੋਜੀਸ਼ਨ ,4 *400 ਰਿਲੇਅ ਸੁਖਮਨਪ੍ਰੀਤ ਕੌਰ ਸਮਰੀਨ ਕੌਰ ਮੁਸਕਾਨਦੀਪ ਕੌਰ ਚੇਤਨ ਜੋਤ ਕੌਰ ਸਾਖੋ ਫਸਟ ਪੁਜ਼ੀਸ਼ਨ । ਖਿਡਾਰਨਾ ਨੇ ਆਪਣੀ ਮਿਹਨਤ ਨਾਲ ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦਾ ਨਾਂ ਇਲਾਕੇ ਵਿੱਚ ਪਹਿਲੇ ਨੰਬਰ ਤੇ ਲੈ ਕੇ ਆਂਦਾ। ਸਕੂਲ ਡੀਪੀਜਸ ਅਤੇ ਕੋਚਸ ਦੀ ਲਗਾਤਾਰ ਕਰਵਾਈ ਸਖਤ ਮਿਹਨਤ ਸਦਕਾ ਇਹ ਲੜਕੀਆਂ ਆਉਣ ਵਾਲੇ ਸਮੇਂ ਦੀਆਂ ਚੋਟੀ ਦੀਆਂ ਕੌਮੀ ਚੈਂਪੀਅਨ ਬਣਨ ਦੀ ਯੋਗਤਾ ਰੱਖਦੀਆਂ ਹਨ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਸਾਰੀਆਂ ਖਿਡਾਰਨਾਂ ਅਤੇ ਉਹਨਾਂ ਦੇ ਕੋਚਾਂ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਓਹਨਾ ਨੂੰ ਵਧਾਈ ਦਿੰਦਿਆਂ ਉਹਨਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਨਾਲ ਹੀ ਜ਼ਿਲਾ ਪੱਧਰੀ ਖੇਡਾਂ ਦੀ ਤਿਆਰੀ ਦੇ ਨੁਕਤੇ ਵੀ ਉਹਨਾਂ ਨਾਲ ਸਾਂਝੇ ਕੀਤੇ। ਇਸ ਮੌਕੇ ਤੇ ਫਤਿਹ ਸਿੰਘ ਡੀਪੀ, ਮਨਪ੍ਰੀਤ ਕੌਰ ਡੀਪੀ, ਯਾਦਵਿੰਦਰ ਸਿੰਘ ਡੀਪੀ, ਜਤਿੰਦਰ ਸਿੰਘ ਡੀਪੀ, ਰੁਪਿੰਦਰ ਕੌਰ ਡੀਪੀ, ਨੀਲਮ ਡੀਪੀ, ਰਾਜਬੀਰ ਕੌਰ ਡੀਪੀ ਅਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

### ਸਕੂਲ ਪਹੁੰਚਣ ਤੇ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਤੇ ਸਕੂਲ ਮੈਨੇਜਮੈਂਟ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ

ਆਵਾਜ਼ਿ ਕੌਮ AWAZE QAUM International Newspaper & WEB TV

## ਮੁੱਖ ਮੰਤਰੀ ਦੇ ਓਐਸਡੀ ਸੁੱਖੀ ਨੇ

# ਧੂਰੀ ਹਲਕੇ ਦੀਆਂ ਸਮੱਸਿਆਵਾਂ ਸੁਣੀਆਂ, ਮੌਕੇ 'ਤੇ ਕੀਤਾ ਹੱਲ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਧੂਰੀ ਦਫਤਰ ਵਿਖੇ ਪਹੁੰਚ ਕੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਮੌਕੇ ਤੇ ਹੱਲ ਕੀਤਾ। ਇਸ ਮੌਕੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ,ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਟ ਸੰਗਰੂਰ, ਬਲਾਕ ਪ੍ਰਧਾਨ ਗਗਨ ਜਵੰਧਾ, ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ,ਸੰਦੀਪ ਤਾਇਲ ਪੱਪੂ, ਕਾਲਾ ਬੇਨੜਾ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਐਡਵੋਕੇਟ ਹੈਪੀ, ਗੋਇਲ,ਰਛਪਾਲ ਸਿੰਘ ਭੁੱਲਰ,ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਕੁਲਦੀਪ ਸਿੰਘ ਬੁੱਟਰ, ਪੁਸਪਿੰਦਰ ਸੋਮਾ ਐਮ,ਸੀ, , ਸੁਖਪਾਲ ਪਾਲਾ, ਸਰਪੰਚ ਰਾਜ ਸਿੰਘ ਮਾਨਵਾਲਾ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਸਿਮਰਨਜੀਤ ਸਿੰਘ ਬਟੂਹਾ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਸਰਪੰਚ ਰਾਜੂ ਬਰੜਵਾਲ, ਦਰਸਨ ਸਿੰਘ ਪਾਠਕ, ਨਪਿੰਦਰ ਸਿੰਘ ਕਾਂਝਲਾ, ਬਸੰਤ ਕੁਮਾਰ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਸਰਪੰਚ ਗੋਪੀ ਮੀਮਸਾ, ਮਾਣਾ ਗਰੇਵਾਲ, ਭਿੰਦਾ ਵਿਰਕ, ਮਨਦੀਪ ਸਿੰਘ ਰੰਗੀਆਂ, ਬੱਬੂ ਧੂਰੀ ,ਅਰਸ ਧੂਰੀ ,ਸ਼ੰਭੂ ਧੂਰੀ , ਨਵਜੋਤ ਕੌਰ ਧੂਰੀ ,ਗੁਰਪ੍ਰੀਤ ਸਿੰਘ ਦੋਹਲਾ, ਨਰੇਸ ਸਿੰਗਲਾ,ਸੁਖਦੀਪ ਸਿੰਘ ਚੀਮਾ, ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ ਹਾਜ਼ਰ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ 15 ਅਗਸਤ ਦੀ ਆਜ਼ਾਦੀ ਦੇ ਜਸ਼ਨਾ ਦਾ ਬਾਇਕਾਟ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਸੰਘਰਸ਼ ਕਰਨ: ਗਿਆਨੀ ਮਾਲਕ ਸਿੰਘ ਕਰਨਾਲ

**ਨਵੀਂ ਦਿੱਲੀ 12 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- 15 ਅਗਸਤ ਨੂੰ ਹਿੰਦੁਸਤਾਨ ਤਾਂ ਆਜ਼ਾਦ ਹੋ ਗਿਆ ਪਰ ਇਸ ਲਈ ਵੱਡਾ ਸੰਘਰਸ਼ ਕਰਣ ਵਾਲੇ ਅਤੇ 92% ਸ਼ਹੀਦੀਆਂ ਦੇਣ ਦੇ ਨਾਲ ਕਾਲੇ ਪਾਣੀਆਂ ਵਰਗੀਆਂ ਅਤਿ ਕਠੋਰ ਸਜ਼ਾਵਾਂ ਭੁਗਤਨ ਵਾਲੇ ਹਿੰਦੁਸਤਾਨ ਦੀ ਸੱਤਾ ਸੰਭਾਲਣ ਵਾਲਿਆਂ ਕੋਲੋਂ ਜ਼ਰਾਇਮਪੇਸ਼ਾ ਕਰਾਰ ਦੇ ਦਿੱਤੇ ਗਏ । ਸਿੱਖਾਂ ਨਾਲ ਆਜ਼ਾਦੀ ਦੀ ਪ੍ਰਾਪਤੀ ਤੋਂ ਪਹਿਲਾਂ ਕੀਤੇ ਗਏ ਵਾਅਦੇ ਇਹ ਕਹਿ ਕੇ "ਵੋਹ ਵਕਤ ਕੁਝ ਓਰ ਥਾ ਓਰ ਅਬ ਵਕਤ ਕੁਝ ਓਰ ਹੈ" ਦੇਸ਼ ਅੰਦਰ ਦੂਜੇ ਦਰਜੇ ਦੇ ਸ਼ਹਿਰੀ ਹੋਣ ਦੇ ਨਾਲ ਉਨ੍ਹਾਂ ਵਲੋਂ ਕੀਤੀਆਂ ਕੁਰਬਾਣੀਆਂ ਦਾ ਮੁੱਲ ਅਕਿਰਤਘਣਤਾ ਨਾਲ ਦਿੱਤਾ ਗਿਆ । 15 ਅਗਸਤ ਨੂੰ, ਜਦੋਂ ਹਿੰਦੁਸਤਾਨ ਆਪਣੀ ਆਜ਼ਾਦੀ ਦਾ ਜਸ਼ਨ ਮਨਾ ਰਿਹਾ ਹੈ, ਦੁਨੀਆ ਭਰ ਦੇ ਸਿੱਖ ਟੁੱਟੇ ਹੋਏ ਵਾਅਦਿਆਂ, ਬੇਇਨਸਾਫ਼ੀਆਂ ਅਤੇ ਦਹਾਕਿਆਂ ਦੇ ਜ਼ੁਲਮ ਨੂੰ ਯਾਦ ਕਰਦੇ ਹਨ ਜਿਨ੍ਹਾਂ ਦਾ ਸਾਡੇ ਲੋਕਾਂ ਨੇ ਸਾਹਮਣਾ ਕੀਤਾ ਹੈ। ਸਾਡੇ ਲਈ, ਇਹ ਦਿਨ ਕੋਈ ਜਸ਼ਨ ਨਹੀਂ ਹੈ – ਇਹ ਇੱਕ ਕਾਲਾ ਦਿਨ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਗਿਆਨੀ ਮਾਲਕ ਸਿੰਘ ਜੋ ਕਿ ਇਸ ਸਮੇਂ ਕੈਨੇਡਾ ਅੰਦਰ ਪ੍ਰਚਾਰ ਫੇਰੀ ਤੇ ਵਿਚਰ ਰਹੇ ਹਨ ਨੇ ਕਿਹਾ ਕਿ ਸਰਕਾਰਾਂ ਵਲੋਂ ਮਨਾਏ ਜਾਂਦੇ ਇਹੋ ਜਿਹੀ ਆਜ਼ਾਦੀ ਦੇ ਜਸ਼ਨਾ ਦਾ ਸਮੂਹ ਸਿੱਖਾਂ ਨੂੰ ਬਾਈਕਾਟ ਕਰਣਾ ਚਾਹੀਦਾ ਹੈ ਤੇ ਕੌਮੀ ਘਰ ਦੀ ਪ੍ਰਾਪਤੀ ਲਈ ਹੰਭਲਾ ਮਾਰਨਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਸਮੁਚੇ ਪੰਥ ਨੂੰ ਇਕ ਨਿਸ਼ਾਨ ਸਾਹਿਬ ਦੀ ਅਗਵਾਈ ਹੇਠ ਇਕਠੀਆਂ ਹੁੰਦਿਆਂ ਲੰਮੇ ਸਮੇਂ ਤੋਂ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਇਕ ਵੱਡਾ ਸੰਘਰਸ਼ ਛੇੜਨ ਦੀ ਸਖ਼ਤ ਲੋੜ ਹੈ ਇਸ ਲਈ ਐਸਜੀਪੀਸੀ, ਦਿੱਲੀ ਕਮੇਟੀ ਤੇ ਹਰਿਆਣਾ ਕਮੇਟੀ ਦੇ ਨਾਲ ਸਿੱਖ ਪੰਥ ਦੀਆਂ ਰਾਜਸੀ, ਧਾਰਮਿਕ, ਟਕਸਾਲਾਂ, ਨਿਹੰਗ ਜੱਥੇਬੰਦੀਆਂ ਦੇ ਨਾਲ ਫੈਡਰੇਸ਼ਨਾਂ ਨੂੰ ਵੀਂ ਅੱਗੇ ਆਣ ਦੀ ਲੋੜ ਹੈ ।



ਆਵਾਜ਼ਿ ਕੌਮ AWAZE QAUM International Newspaper & WEB TV

# ਗਿਆਨੀ ਹਰਪ੍ਰੀਤ ਸਿੰਘ ਨੂੰ ਪ੍ਰਧਾਨ ਅਤੇ ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦੇ ਚੇਅਰਪਰਸਨ ਬਣਨ ਨਾਲ ਅਕਾਲੀ ਦਲ ਦੇ ਸੁਨਿਹਰੀ ਭਵਿੱਖ ਦੀ ਆਸ ਬੱਝੀ ਹੈ : ਜਵੰਦਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਅਕਾਲੀ ਆਗੂ ਮਾਸਟਰ ਹਰਦੇਵ ਸਿੰਘ ਜਵੰਧਾ ਜ਼ਿਲਾ ਡੈਲੀਗੇਟ ਸ਼੍ਰੋਮਣੀ ਅਕਾਲੀ ਦਲ ਨੇ ਗਿਆਨੀ ਹਰਪ੍ਰੀਤ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਅਤੇ ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦਾ ਚੇਅਰ ਪਰਸਨ ਬਣਾਉਣ ਦਾ ਭਰਪੂਰ ਸਵਾਗਤ ਕੀਤਾ ਹੈ ਉਨ੍ਹਾਂ ਕਿਹਾ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਸੁਨਿਹਰੀ ਭਵਿੱਖ ਦੀ ਆਸ ਬੱਝੀ ਹੈ ਕਿਉ ਕਿ ਗਿਆਨੀ ਹਰਪ੍ਰੀਤ ਸਿੰਘ ਅਤੇ ਬੀਬੀ ਸਤਵੰਤ ਕੌਰ ਦੋਵੇਂ ਹੀ ਪੰਥ ਪ੍ਰਸਤ, ਨਿਧੜਕ ਜਰਨੈਲ , ਅਤੇ ਉੱਚ ਸਿੱਖਿਆ ਪ੍ਰਾਪਤ ਪੜੇ ਲਿਖੇ ਸਿੱਖ ਵਿਦਵਾਨ ਹਨ ਜਿਹਨਾਂ ਦਾ ਰੋਮ ਰੋਮ ਪੰਥ ਪ੍ਰਸਤੀ ਅਤੇ ਪੰਥਕ ਵਿਚਾਰਧਾਰਾ ਨਾਲ ਜੁੜਿਆ ਹੋਇਆ ਹੈ । ਉਨ੍ਹਾਂ ਕਿਹਾ ਕਿ ਕਈ ਦਹਾਕਿਆਂ ਬਾਅਦ ਅਕਾਲੀ ਦਲ ਨੂੰ ਪੰਥਕ ਦਿੱਖ ਵਾਲਾ ਪ੍ਰਧਾਨ ਮਿਲਿਆ ਹੈ ਜੋ ਮੀਰੀ ਪੀਰੀ ਦੇ ਸਿਧਾਂਤ ਉੱਤੇ ਪਹਿਰਾ ਦੇਕੇ ਪੰਜਾਬ,ਪੰਜਾਬੀਅਤ,ਕੌਮ ਅਤੇ ਪੰਥ ਦੀ ਸੇਵਾ ਕਰੇਗਾ । ਬਹੁਤ ਮੁੱਦਤਾਂ ਬਾਅਦ ਅਕਾਲੀ ਸਬਦ ਦੀ ਮਹਾਨਤਾ ਵਧੇਗੀ ਅਤੇ ਹਰ ਵਰਕਰ ਆਪਣੇ-ਆਪ ਨੂੰ ਅਕਾਲੀ ਅਖਵਾਕੇ ਫਖਰ ਮਹਿਸੂਸ ਕਰੇਗਾ ।ਜਵੰਧਾ ਨੇ ਡੈਲੀਗੇਟ ਅਜਲਾਸ ਵਲੋਂ ਪਾਸ ਕੀਤੇ ਮਤਿਆਂ ਨੂੰ ਵੀ ਪੰਥ ਦੀ ਚੜਦੀ ਕਲਾ ਦੇ ਪ੍ਰਤੀਕ ਦੱਸਿਆ ਜਿੰਨਾਂ ਉੱਤੇ ਪਹਿਰਾ ਦੇਣ ਨਾਲ ਸ੍ਰੋਮਣੀ ਅਕਾਲੀ ਦਲ ਮਜਬੂਤ ਹੋਵੇਗਾ । ਹੁਣ ਸਮੂਹ ਪੰਜਾਬ ਵਾਸੀਆਂ ਵੱਲੋਂ ਸਰੋਮਣੀ ਦਾ ਸਾਥ ਦੇਣ ਦਾ ਸਮਾਂ ਹੈ । ਇਸ ਮੌਕੇ ਜਿਲਾ ਡੈਲੀਗੇਟ ਮਾਸਟਰ ਹਰਿੰਦਰ ਸਿੰਘ ਪਲਾਸੌਰ, ਗੁਰਵਿੰਦਰ ਸਿੰਘ ਗੋਗੀ ਪੁੰਨਾਵਾਲ, ਸੁਖਦੇਵ ਸਿੰਘ ਧਨੇਸਰ ,ਗੁਰਮੀਤ ਸਿੰਘ ਬਰੜਵਾਲ, ਸੁਖਦੇਵ ਸਿੰਘ ਘਨੌਰ ਅਤੇ ਮਨਵਿੰਦਰ ਸਿੰਘ ਬਿਨਰ ਸਾਰੇ ਜਿਲਾ ਡੈਲੀਗੇਟਾਂ ਨੇ ਗਿਆਨੀ ਹਰਪ੍ਰੀਤ ਸਿੰਘ ਅਤੇ ਅਮਰ ਸਹੀਦ ਭਾਈ ਅਮਰੀਕ ਸਿੰਘ ਦੀ ਬੇਟੀ ਬੀਬੀ ਸਤਵੰਤ ਕੌਰ ਨੂੰ ਸਰਵਸੰਮਤੀ ਨਾਲ ਪ੍ਰਧਾਨ ਅਤੇ ਪੰਥਕ ਕੌਂਸਲ ਦੀ ਚੇਅਰਪਰਸਨ ਚੁਣਨ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲੀ ਦਲ ਦੇ ਮੋਰਚੇ ਤੇ ਲੋਕ ਵਿਰੋਧ ਤੋਂ ਡਰਦਿਆਂ ਮਾਨ ਸਰਕਾਰ ਲੈਂਡ ਪੁਲਿੰਗ ਪਾਲਿਸੀ ਨੂੰ ਰੱਦ ਕਰਕੇ ਪਿੱਛੇ ਹਟੀ: ਸਰਨਾ

ਨਵੀਂ ਦਿੱਲੀ 12 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਨੇ ਸਦਾ ਹੀ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਕਰਦਿਆਂ ਤਕੜੇ ਹੋ ਕੇ ਲੜਾਈ ਲੜੀ ਹੈ ਤੇ ਅਨੇਕਾਂ ਮੋਰਚੇ ਲਗਾਕੇ ਫਤਹਿ ਹਾਸਲ ਕੀਤੀ ਹੈ । ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜੋ ਸੂਬੇ ਦੀਆਂ ਜ਼ਮੀਨਾਂ ਹੜੱਪਣ ਲਈ ਲੈਂਡ ਪੂਲਿੰਗ ਪਾਲਿਸੀ ਲਿਆਂਦੀ ਗਈ ਸੀ । ਜਿਸ ਨਾਲ ਨਾ ਸਿਰਫ ਬੇਸ਼ਕੀਮਤੀ ਤੇ ਉਪਜਾਊ 65000 ਏਕੜ ਜ਼ਮੀਨ ਬਰਬਾਦ ਹੋਣੀ ਸੀ ਉਥੇ ਹੀ ਉਸ ਜ਼ਮੀਨ ਨਾਲ ਜੁੜੇ ਹੋਏ ਲੱਖਾਂ ਲੋਕਾਂ ਨੇ ਬਰਬਾਦ ਹੋਣਾ ਸੀ ਅਤੇ ਪੰਜਾਬ ਦੇ ਸੱਭਿਆਚਾਰ ਨੂੰ ਵਿਗਾੜਨ ਦੀ ਵੀ ਸਰਕਾਰ ਦੀ ਮਨਸ਼ਾ ਸੀ । ਪਰ ਜਿਸ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਰਿਹਾ ਹੈ, ਆਪਣਾ ਫਰਜ ਸਮਝਦੇ ਹੋਏ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਲੋਕਾਂ ਨੂੰ ਨਾਲ ਲੈ ਕੇ ਲਗਾਤਾਰ ਇਸ ਕਾਲੀ ਨੀਤੀ ਦਾ ਵਿਰੋਧ ਕੀਤਾ ਜਾ ਰਿਹਾ ਸੀ । ਅਕਾਲੀ ਦਲ ਨੇ ਲਗਾਤਾਰ ਧਰਨੇ ਮੁਜ਼ਾਹਰੇ ਕੀਤੇ ਅਤੇ ਇਸ ਖਿਲਾਫ ਪੱਕਾ ਮੋਰਚਾ ਲਗਾਉਣ ਦਾ ਐਲਾਨ ਵੀ ਕੀਤਾ ਗਿਆ ਸੀ ਤੇ ਪਹਿਲੇ ਜਥੇ ਦੀ ਅਗਵਾਈ ਖੁਦ ਸ. ਸੁਖਬੀਰ ਸਿੰਘ ਬਾਦਲ ਨੇ ਉਸੇ ਤਰ੍ਹਾਂ ਕਰਨੀ ਸੀ ਜਿਸ ਤਰ੍ਹਾਂ ਉਹਨਾਂ ਦੇ ਪਿਤਾ ਸ. ਪ੍ਰਕਾਸ਼ ਸਿੰਘ ਬਾਦਲ ਕਰਦੇ ਰਹੇ ਸਨ । ਸੂਬਾ ਸਰਕਾਰ ਅਕਾਲੀਆਂ ਦੇ ਇਤਿਹਾਸ ਤੋਂ ਚੰਗੀ ਤਰ੍ਹਾਂ ਜਾਣੂੰ ਹੋਣ ਕਰਕੇ ਜਿਸ ਤਰ੍ਹਾਂ ਅਕਾਲੀ ਦਲ ਦੇ ਮੋਰਚੇ ਤੇ ਲੋਕ ਵਿਰੋਧ ਤੋਂ ਡਰਦਿਆਂ ਇਸ ਪਾਲਿਸੀ ਨੂੰ ਰੱਦ ਕਰਕੇ ਪਿੱਛੇ ਹਟੀ ਹੈ । ਇਹ ਅਕਾਲੀ ਦਲ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਕੀਤੇ ਗਏ ਸੰਘਰਸ਼ ਦੀ ਜਿੱਤ ਹੈ । ਕਿਉਂਕਿ ਸਰਕਾਰ ਵਿੱਚ ਅਕਾਲੀ ਰੋਹ ਦਾ ਸਾਹਮਣਾ ਕਰਨ ਦੀ ਤਾਕਤ ਨਹੀਂ । ਇਹ ਜਿੱਤ ਲੋਕਾਂ ਦੀ ਜਿੱਤ ਹੈ ਤੇ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਤੇ ਸਮੁੱਚੇ ਅਕਾਲੀ ਵਰਕਰ ਇਸਦੇ ਲਈ ਵਧਾਈ ਦੇ ਪਾਤਰ ਹਨ , ਜਿੰਨਾਂ ਪੂਰੀ ਸਰਗਰਮੀ ਨਾਲ ਇਸਦਾ ਵਿਰੋਧ ਕੀਤਾ ਤੇ ਸਰਕਾਰ ਨੂੰ ਪਿੱਛੇ ਹਟਣ ਲਈ ਮਜਬੂਰ ਕਰ ਦਿੱਤਾ । ਜਿਸ ਤਰ੍ਹਾਂ ਇਸ ਸੰਘਰਸ਼ ਵਿੱਚ ਪੰਜਾਬ ਦੇ ਲੋਕਾਂ ਨੇ ਅਕਾਲੀ ਦਲ ਦਾ ਸਾਥ ਦੇ ਕੇ ਜਿੱਤ ਯਕੀਨੀ ਬਣਾਈ ਹੈ । ਉਸੇ ਤਰ੍ਹਾਂ 2027 ਦੀ ਚੋਣ ਵਿੱਚ ਪੰਜਾਬ ਦੇ ਲੋਕ ਅਕਾਲੀ ਦਲ ਦਾ ਸਾਥ ਦੇ ਕੇ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਵਾਲੀ ਅਕਾਲੀ ਸਰਕਾਰ ਬਣਾਉਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਅਧਿਕਾਰੀ ਸਰਗਰਮ ਭੂਮਿਕਾ ਨਿਭਾਉਣ- ਬਾਲ ਕ੍ਰਿਸ਼ਨ ਗੋਇਲ

# ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਵਲੋਂ ਜ਼ਿਲ੍ਹਾ ਸੰਗਰੂਰ ਦਾ ਦੌਰਾ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਸ੍ਰੀ ਬਾਲ ਕ੍ਰਿਸ਼ਨ ਗੋਇਲ ਨੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿਚ ਮਨੁੱਖੀ ਅਧਿਕਾਰਾਂ ਸਬੰਧੀ ਜਾਗਰੂਕਤਾ ਲਈ ਸਰਗਰਮ ਭੂਮਿਕਾ ਨਿਭਾਉਣ ਸੱਦਾ ਦਿੱਤਾ ਹੈ। ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵ) ਸ੍ਰ ਸੁਖਚੈਨ ਸਿੰਘ ਪਪੜਾ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਵੱਖ-ਵੱਖ ਜ਼ਿਲ੍ਹਿਆਂ ਵਿਚ ਜਾ ਕੇ ਮਨੁੱਖੀ ਅਧਿਕਾਰਾਂ ਦੀ ਰਾਖੀ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਅਧਿਕਾਰੀਆਂ ਨੂੰ ਸਿਖਲਾਈ ਵੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਲੋਕਾਂ ਨੂੰ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਉਣ ਦੀ ਆਸਾਨ ਵਿਧੀਆਂ ਬਾਰੇ ਵੀ ਦੱਸਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਕੋਲ ਸ਼ਿਕਾਇਤ ਲਈ ਨਾ ਹੀ ਕੋਈ ਫੀਸ ਹੈ ਤੇ ਨਾ ਹੀ ਕੋਈ ਵਕੀਲ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵਲੋਂ ਸੰਭਾਵੀ ਤੌਰ 'ਤੇ ਮਨੁੱਖੀ ਅਧਿਕਾਰਾਂ ਬਾਰੇ ਸੰਵੇਦਨਸ਼ੀਲ ਥਾਵਾਂ ਜਿਵੇਂ ਕਿ ਹਸਪਤਾਲ, ਜੇਲ੍ਹ, ਥਾਣੇ ਅਤੇ ਸਕੂਲਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਸੀਨੀਅਰ ਸਿਟੀਜ਼ਨ ਅਤੇ ਬਾਲਾਂ ਦੇ ਅਧਿਕਾਰਾਂ ਦੀ ਰਾਖੀ ਵੱਲ ਵਿਸ਼ੇਸ਼ ਧਿਆਨ ਦੇਣ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਸੀਨੀਅਰ ਸਿਟੀਜ਼ਨ ਅਤੇ ਬੱਚਿਆਂ ਬਾਰੇ ਆਪਣਾ ਵਿਵਹਾਰ ਹਮਦਰਦੀ ਵਾਲਾ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ ਫੈਕਟਰੀਆਂ ਵਿਚ ਬਾਲ ਮਜ਼ਦੂਰੀ ਰੋਕਣ ਲਈ ਹੋਰ ਸਰਗਰਮ ਹੋਣ ਦੇ ਹੁਕਮ ਦਿੱਤੇ। ਇਸ ਤੋਂ ਇਲਾਵਾ ਸਕੂਲਾਂ ਵਿਚ ਪੀਣ ਵਾਲੇ ਪਾਣੀ ਦੀ ਲਗਾਤਾਰ ਜਾਂਚ ਅਤੇ ਕੇਂਦਰੀ ਜੇਲ੍ਹ ਵਿਚ ਬੰਦ ਬੱਚਿਆਂ ਦੀ ਭਲਾਈ ਲਈ ਵਿਸ਼ੇਸ਼ ਕਦਮ ਚੁੱਕਣ ਦੀ ਲੋੜ ਉਤੇ ਜ਼ੋਰ ਦਿੱਤਾ। ਇਸ ਤੋਂ ਪਹਿਲਾਂ ਉਨ੍ਹਾਂ ਸਬ ਡਵੀਜ਼ਨਲ ਹਸਪਤਾਲ ਸੁਨਾਮ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਜੱਚਾ-ਬੱਚਾ ਕੇਂਦਰ, ਓਪੀਡੀ., ਫਾਰਮੈਸੀ ਵਿਖੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਬਾਲ ਭਲਾਈ ਕੌਂਸਲ ਦੇ ਮੈਂਬਰਾਂ ਨੂੰ ਹੋਰ ਸਰਗਰਮ ਭੂਮਿਕਾ ਨਿਭਾਉਣ ਦਾ ਵੀ ਸੱਦਾ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਸਰਕਾਰੀ ਸਕੂਲ ਸੁਨਾਮ, ਆਂਗਨਵਾੜੀ ਕੇਂਦਰ ਅਕੋਈ ਸਾਹਿਬ ਅਤੇ ਹੋਰ ਖੇਤਰਾਂ ਦਾ ਵੀ ਦੌਰਾ ਕਰਕੇ ਮਨੁੱਖੀ ਅਧਿਕਾਰਾਂ ਲਈ ਚੁੱਕੇ ਜਾ ਰਹੇ ਕਦਮਾਂ ਦੀ ਸਮੀਖਿਆ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਨੂੰ ਭਰੋਸਾ ਦਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹਰੇਕ ਨਾਗਰਿਕ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਯਕੀਨੀ ਬਣਾਈ ਜਾਵੇਗੀ।

**- ਕਿਹਾ ! ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਸ਼ਿਕਾਇਤ ਲਈ ਨਾ ਹੀ ਕੋਈ ਫੀਸ ਹੈ ਤੇ ਨਾ ਹੀ ਕੋਈ ਵਕੀਲ ਦੀ ਲੋੜ**

### ਯਾਦਗਾਰੀ ਹੋ ਨਿੱਬੜਿਆ ਪਿੰਡ ਗਿੱਲ ਕਲੇਰ ਦਾ ਦੂਸਰਾ ਸਾਵਣ ਮੇਲਾ

# ਉੱਘੇ ਲੇਖਕ ਸ਼ੈਲਿੰਦਰਜੀਤ ਸਿੰਘ ਰਾਜਨ 'ਮਾਣ ਪੰਜਾਬੀ ਦਾ' ਐਵਾਰਡ ਨਾਲ ਸਨਮਾਨਿਤ

**ਚੌਕ ਮਹਿਤਾ, 12 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਲੇਖਕ ਅਦਾਕਾਰ ਕਲਾ ਮੰਚ ਵੱਲੋਂ ਗ੍ਰਾਮ ਪੰਚਾਇਤ ਗਿੱਲ ਕਲੇਰ (ਪੁਰੇਵਾਲ) ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਦੂਸਰਾ ਸਾਵਣ ਮੇਲਾ ਯਾਦਗਾਰੀ ਹੋ ਨਿੱਬੜਿਆ। ਇਸ ਸਾਵਣ ਮੇਲੇ ਮੌਕੇ ਉੱਘੇ ਲੋਕ ਗਾਇਕ ਦਲਵਿੰਦਰ ਦਿਆਲਪੁਰੀ, ਕਮੇਡੀਅਨ ਕਲਾਕਾਰ ਅਤਰੋ ਚਤਰੋ ਨੇ ਖੂਬ ਰੌਣਕਾਂ ਲਾਈਆਂ । ਬਜ਼ੁਰਗ ਬੀਬੀਆਂ ਅਤੇ ਬੱਚੀਆਂ ਨੇ ਮਿਲਕੇ ਤੀਆਂ ਮਨਾਈਆਂ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ: ਸ਼ੈਲਿੰਦਰਜੀਤ ਸਿੰਘ ਰਾਜਨ ਨੂੰ "ਮਾਣ ਪੰਜਾਬੀ ਦਾ" ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ ।ਜਦਕਿ ਕਬੱਡੀ ਖਿਡਾਰੀ ਗੁਰਦੇਵ ਸਿੰਘ ਗਿੱਲ ਕਲੇਰ ਨੂੰ "ਮਾਣ ਪੰਜਾਬ ਦਾ ਵਿਸ਼ੇਸ਼ ਐਵਾਰਡ, ਸੰਤੋਖ ਸਿੰਘ ਗੁਰਾਇਆ ਨੂੰ "ਬੈਸਟ ਲੇਖਕ ਐਵਾਰਡ, ਮਾਸਟਰ ਗੁਰਵਿੰਦਰ ਸਿੰਘ ਬੋਦੇਵਾਲ ਨੂੰ "ਚਾਨਣ ਮੁਨਾਰਾ ਅਵਾਰਡ, ਜੈਕਬ ਤੇਜਾ ਨੂੰ "ਸਭਿਆਚਾਰ ਦਾ ਰਾਖਾ ਐਵਾਰਡ, ਪ੍ਰਿੰਸੀਪਲ ਤਰਸੇਮੀ ਗਿੱਲ ਨੂੰ "ਚਾਨਣ ਮੁਨਾਰਾ ਐਵਾਰਡ, ਕੋਚ ਰਾਕੀ ਕੰਗ ਬਦੇਸੇ ਨੂੰ "ਰਾਹ ਦਸੇਰਾ ਐਵਾਰਡ. ਪਰਸਨ ਸਿੰਘ ਬਦੇਸ਼ਾ ਨੂੰ "ਕਿਸਾਨਾਂ ਦਾ ਮਸੀਹਾ ਐਵਾਰਡ, ਕੋਚ ਜਸਵੰਤ ਸਿੰਘ ਗਿੱਲ ਨੂੰ "ਰਾਹ ਦਸੇਰਾ ਐਵਾਰਡ, ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਤੋਂ ਇਲਾਵਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਮਾਸਟਰ ਮਨਜੀਤ ਸਿੰਘ ਵੱਸੀ, ਜਸਪਾਲ ਸਿੰਘ ਧੂਲਕਾ, ਸਤਰਾਜ ਜਲਾਲਾਬਾਦੀ, ਸੁਰਿੰਦਰ ਖਿਲਚੀਆਂ, ਮਾਸਟਰ ਅਵਤਾਰ ਸਿੰਘ ਗੋਇੰਦਵਾਲ ਸਾਹਿਬ, ਹਰਭਜਨ ਸਿੰਘ ਭਗਰੱਥ ਤਰਨ ਤਾਰਨ, ਮੈਨੇਜਰ ਸੁਮੀਤ ਕਾਲੀਆ, ਕਵੀ ਅਜੈਬ ਸਿੰਘ ਬੋਦੇਵਾਲ, ਸਰਪੰਚ ਸ਼ਰਨਜੀਤ ਕੌਰ ਗਿੱਲ ਕਲੇਰ, ਸਰਪੰਚ ਪ੍ਰਦੀਪ ਸਿੰਘ ਬੋਦੇਵਾਲ, ਸਰਪੰਚ ਰਣਧੀਰ ਸਿੰਘ ਬਦੇਸ਼ੇ, ਸਰਪੰਚ ਜਗਬੀਰ ਸਿੰਘ ਸਰਾਂ ਤਲਵੰਡੀ, ਸਰਪੰਚ ਪ੍ਰਮਜੀਤ ਸਿੰਘ ਦੇਲਾਵਾਲ, ਸਰਪੰਚ ਗੁਰਪ੍ਰੀਤ ਸਿੰਘ ਉੱਪਲ ਆਦਿ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਸਨਮਾਨਿਤ ਕੀਤਾ ਗਿਆ । ਇਸ ਮੌਕੇ ਲੇਖਕ ਅਦਾਕਾਰ ਕਲਾ ਮੰਚ ਦੇ ਮੁੱਖ ਸੰਚਾਲਕ ਸੁਲੱਖਣ ਸਿੰਘ ਦੇਲਾਵਾਲ, ਸਹਾਇਕ ਸੰਚਾਲਕ ਸਕੱਤਰ ਸਿੰਘ ਪੁਰੇਵਾਲ, ਪ੍ਰਧਾਨ ਗੁਰਪ੍ਰੀਤ ਸਿੰਘ ਪੁਰੇਵਾਲ, ਮੁੱਖ ਸਲਾਹਕਾਰ ਡਾ: ਰਮਨ ਕੁਮਾਰ, ਸੁਬੇਗ ਸਿੰਘ ਮੀਆਂ ਵਿੰਡ, ਅਰਜਨ ਸਿੰਘ ਸਰਾਂ, ਅੰਗਰੇਜ਼ ਸਿੰਘ ਖਡੂਰ ਸਾਹਿਬ, ਸੋਨੂੰ ਪੇਟਰ ਉੱਪਲ, ਗੋਰਾ ਸਰਾਂ ਆਦਿ ਹਾਜ਼ਰ ਸਨ । ਅਖੀਰ ਵਿੱਚ ਮਹਿਲਾ ਵਿੰਗ ਦੇ ਪ੍ਰਧਾਨ ਸੁਨੀਤਾ ਰਾਣੀ ਪ੍ਰਧਾਨ ਗੁਰਪ੍ਰੀਤ ਸਿੰਘ ਪੁਰੇਵਾਲ, ਡਾ: ਰਮਨ ਕੁਮਾਰ, ਕੁਲਬੀਰ ਸਿੰਘ ਗਿੱਲ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।



# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਲਕਾ ਧੂਰੀ ਦੀ ਜਰੂਰੀ ਮੀਟਿੰਗ ਕੀਤੀ ਗਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਲਕਾ ਧੂਰੀ ਦੀ ਮੀਟਿੰਗ ਜਿਲਾ ਜਰਨਲ ਸਕੱਤਰ ਸਾਧੂ ਸਿੰਘ ਪੇਧਨੀ, ਜਿਲਾ ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੂਲਾ, ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਬਾਦਸ਼ਾਹਪੁਰ ਅਤੇ ਮੁਲਾਜ਼ਮ ਵਿੰਗ ਦੇ ਸੂਬਾ ਪ੍ਰਧਾਨ ਬਾਸਵੀਰ ਸਿੰਘ ਭੁੱਲਰ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਨੈਬ ਸਿੰਘ ਰਾਮਪੁਰਾ, ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਰੱਤੋਕੇ ,ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਦੇ ਮੈਂਬਰ ਬਹਾਦਰ ਸਿੰਘ ਭਸੌੜ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿਕੇਂਦਰ ਅਤੇ ਪੰਜਾਬ ਸਰਕਾਰ ਰਲ ਕੇ ਪੰਜਾਬ ਦੇ ਸਿੱਖਾਂ ਦੇ ਨੌਜਵਾਨ ਮੁੰਡਿਆਂ ਨੂੰ ਬਿਨਾਂ ਵਜਹਾ ਜੇਲਾ ਵਿਚ ਧੱਕ ਰਹੇ ਹਨ ਜਿਸਦਾਸ ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸਖਤ ਵਿਰੋਧ ਕਰਦਾ ਦਾ ਹੈ। 20 ਅਗਸਤ ਨੂੰ ਸੇਵਾ ਸਿੰਘ ਠੀਕਰੀਵਾਲ ਦੇ ਨਾਲ ਸ਼ਹੀਦਾਂ ਦੀ ਯਾਦ ਵਿੱਚ ਪਿੰਡ ਖਡਆਲ ਵਿਖੇ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਪਾਰਟੀ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ ਅਤੇ 15 ਅਗਸਤ ਨੂੰ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ। ਇਸ ਮੌਕੇ ਮਨਜੀਤ ਸਿੰਘ ਧਾਮੀ ਸ਼ੇਰਪੁਰ, ਹਰਚਰਨ ਸਿੰਘ ਜੇਈ ਭਸੌੜ,ਕੁਲਦੀਪ ਸਿੰਘ ਸੁਲਤਾਨਪੁਰ ,ਵਿਨੇਪਾਲ ਸਿੰਘ ਘਨੌਰ,ਜਸਬੀਰ ਸਿੰਘ ਧੰਦੀਵਾਲ, ਗੁਰਵਿੰਦਰ ਸਿੰਘ ਧੰਦੀਵਾਲ, ਬਲਜਿੰਦਰ ਸਿੰਘ ਧੰਦੀਵਾਲ, ਗੁਰਪ੍ਰੀਤ ਸਿੰਘ ਮੂਲੋਵਾਲ, ਦਾਨ ਸਿੰਘ ਧੰਦੀਵਾਲ,ਬਾਬੂ ਸਿੰਘ ਕੁੰਬੜਵਾਲ,ਪਰਮਜੀਤ ਸਿੰਘ ਮੂਲੋਵਾਲ, ਈਸਰ ਸਿੰਘ ਕਾਂਝਲਾ, ਨਿਰਮਲ ਸਿੰਘ ਕਾਂਝਲਾ, ਦੀਦਾਰ ਸਿੰਘ ਕਾਂਝਲਾ, ਸਰਬਜੀਤ ਸਿੰਘ ਕੱਕੜਵਾਲ ,ਸਤਿਨਾਮ ਸਿੰਘ ਫਰਵਾਹੀ, ਅਮਰਜੀਤ ਸਿੰਘ ਪੁੰਨਾਵਾਲ ,ਹਰਿੰਦਰ ਸਿੰਘ ਲਾਲੀ ਧੂਰੀ, ਕਾਕਾ ਘਨੌਰੀ, ਨਸੀਬ ਘਨੌਰੀ, ਗੁਲਾਬ ਸਿੰਘ ਜਖਲਾ, ਰੇਸ਼ਮ ਸਿੰਘ ਬਾਜਵਾ, ਭੋਲਾ ਸਿੰਘ ਬਾਜਵਾ, ਜਸਵੀਰ ਸਿੰਘ ਕਾਲਾਬੂਲਾ, ਧਰਮਜੀਤ ਸਿੰਘ ਕਾਲਾਬੂਲਾ, ਅਮਰਜੀਤ ਸਿੰਘ ਕਾਲਾਬੂਲਾ, ਅਮਰੀਕ ਸਿੰਘ ਕਾਤਰੋਂ, ਸਪਿੰਦਰ ਸਿੰਘ ਕਾਤਰੋਂ, ਅਵਤਾਰ ਸਿੰਘ ਬੁਗਰਾ ਹਾਜਰ ਸਨ ।

# ਲੈਡ ਪੂਲਿੰਗ ਸਕੀਮ ਨੂੰ ਰੱਦ ਕਰਨਾ ਮਾਨ ਸਰਕਾਰ ਦਾ ਫੈਸਲਾ ਲੋਕ ਪੱਖੀ ਫੈਸਲਾ ਹੈ-ਆਤਮਾ ਸਿੰਘ ਢਢੋਗਲ



**ਧੂਰੀ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਕਿਸਾਨਾਂ ਦੇ ਹੱਕ ਵਿੱਚ ਵੱਡਾ ਫੈਸਲਾ ਲੈਦਿਆ ਲੈਡ ਪੂਲਿੰਗ ਸਕੀਮ ਨੂੰ ਰੱਦ ਕਰਨ ਦਾ ਫੈਸਲਾ ਲਿਆ ਹੈ ਇਹ ਲੋਕ ਪੱਖੀ ਫੈਸਲਾ ਸਲਾਘਾਯੋਗ ਫੈਸਲਾ ਹੈ ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਆਤਮਾ ਸਿੰਘ ਢਢੋਗਲ ਨੇ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਮਾਨ ਸਰਕਾਰ ਬਣੀ ਹੈ ਉਸ ਦਿਨ ਤੋਂ ਹੀ ਮੁੱਖ ਮੰਤਰੀ ਮਾਨ ਲੋਕ ਪੱਖੀ ਫੈਸਲੇ ਲੈ ਰਹੇ ਹਨ ਉਹਨਾਂ ਕਿਹਾ ਕਿ ਸਰਕਾਰ ਵੱਲੋਂ ਮਹੱਲਾ ਕਲੀਨਿਕ ਸਿਹਤ ਸਹੂਲਤਾਂ ਸਿੱਖਿਆ ਕ੍ਰਾਂਤੀ ਅਤੇ ਖੇਤਾਂ ਦੇ ਵਿੱਚ ਪਾਣੀ ਪਹੁੰਚਾਉਣ ਵਾਲਾ ਫੈਸਲਾ ਲੋਕਾਂ ਦੇ ਮਨਾਂ ਵਿੱਚ ਵਸ ਚੁੱਕਿਆ ਹੈ ਉਹਨਾਂ ਕਿਹਾ ਕਿ 2027 ਵਿੱਚ ਦੁਬਾਰਾ ਫੇਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਬਣਨ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਆਪ ਆਗੂ ਸਰਪੰਚ ਜਸਵੀਰ ਦਾਸ ਢਢੋਗਲ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਰਾਜੂ ਲੱਡਾ, ਆਪ ਆਗੂ ਮਾਣਾ ਗਰੇਵਾਲ ਹਾਜ਼ਰ ਸਨ।

# ਸੰਸਦ ਮੈਂਬਰ ਵਿਕਰਮ ਸਾਹਨੀ ਨੇ ਐਸਸੀਐਲ ਮੋਹਾਲੀ ਦੇ ਆਧੁਨਿਕੀਕਰਨ ਦੀ ਆਪਣੀ ਮੰਗ ਦੁਹਰਾਈ

## ਐਸਸੀਐਲ ਨੌਜਵਾਨਾਂ ਲਈ ਹਜ਼ਾਰਾਂ ਉੱਚ-ਮੁੱਲ ਵਾਲੀਆਂ ਨੌਕਰੀਆਂ ਦੇ ਨਾਲ ਪੰਜਾਬ ਨੂੰ ਨਵੀਨਤਾ ਅਤੇ ਉੱਨਤ ਨਿਰਮਾਣ ਦਾ ਕੇਂਦਰ ਬਣਾਏਗਾ



ਨਵੀਂ ਦਿੱਲੀ 12 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਤੋਂ ਰਾਜ ਸਭਾ ਮੈਂਬਰ, ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਭਾਰਤ ਸੈਮੀਕੰਡਕਟਰ ਮਿਸ਼ਨ ਦੇ ਤਹਿਤ ਮੋਹਾਲੀ ਵਿਖੇ ਕਾਂਟੀਨੈਂਟਲ ਡਿਵਾਈਸਿਸ ਇੰਡੀਆ ਪ੍ਰਾਈਵੇਟ ਲਿਮਟਿਡ ਦੀ ਡਿਸਕ੍ਰਿਟ ਸੈਮੀਕੰਡਕਟਰ ਨਿਰਮਾਣ ਸਹੂਲਤ ਦੇ ਵਿਸਥਾਰ ਲਈ ਕੇਂਦਰੀ ਕੈਬਨਿਟ ਵੱਲੋਂ ਦਿੱਤੀ ਗਈ ਪ੍ਰਵਾਨਗੀ ਦਾ ਸਵਾਗਤ ਕੀਤਾ। ਮੋਹਾਲੀ ਸਥਿਤ ਸੈਮੀਕੰਡਕਟਰ ਲੈਬਾਰਟਰੀ (ਐਸਸੀਐਲ) ਦੇ ਆਧੁਨਿਕੀਕਰਨ ਦੀ ਆਪਣੀ ਲੰਬੇ ਸਮੇਂ ਤੋਂ ਲਟਕਦੀ ਮੰਗ ਨੂੰ ਦੁਹਰਾਉਂਦੇ ਹੋਏ, ਡਾ. ਸਾਹਨੀ ਨੇ ਯਾਦ ਦਿਵਾਇਆ ਕਿ ਸਰਕਾਰ ਨੇ 2024 ਵਿੱਚ ਦੇਸ਼ ਵਿੱਚ ਸੈਮੀਕੰਡਕਟਰ ਅਤੇ ਡਿਸਪਲੇ ਨਿਰਮਾਣ ਈਕੋਸਿਸਟਮ ਦੇ ਵਿਕਾਸ ਲਈ ?76,000 ਕਰੋੜ ਦੇ ਫੰਡ ਨੂੰ ਮਨਜ਼ੂਰੀ ਦਿੱਤੀ ਸੀ, ਜਿਸ ਦੇ ਤਹਿਤ ਐਸਸੀਐਲ ਮੋਹਾਲੀ ਦੇ ਆਧੁਨਿਕੀਕਰਨ ਲਈ 10,000 ਕਰੋੜ ਰੱਖੇ ਗਏ ਸਨ। ਪਰ ਬਦਕਿਸਮਤੀ ਨਾਲ, ਇਸ ਸਬੰਧ ਵਿੱਚ ਹੁਣ ਤੱਕ ਕੋਈ ਪ੍ਰਗਤੀ ਨਹੀਂ ਹੋਈ ਹੈ। ਪ੍ਰਸਤਾਵਿਤ ਆਧੁਨਿਕੀਕਰਨ ਦੇ ਪਰਿਵਰਤਨਸ਼ੀਲ ਪ੍ਰਭਾਵ ਨੂੰ ਉਜਾਗਰ ਕਰਦੇ ਹੋਏ, ਡਾ. ਸਾਹਨੀ ਨੇ ਕਿਹਾ ਕਿ ਜੇਕਰ ਐਸਸੀਐਲ ਮੋਹਾਲੀ ਨੂੰ ਅਤਿ-ਆਧੁਨਿਕ ਨਿਰਮਾਣ ਅਤੇ ਖੋਜ ਸਹੂਲਤਾਂ ਨਾਲ ਆਧੁਨਿਕ ਬਣਾਇਆ ਜਾਂਦਾ ਹੈ, ਤਾਂ ਇਹ ਚੋਟੀ ਦੇ ਵਿਸ਼ਵ ਤਕਨਾਲੋਜੀ ਭਾਈਵਾਲਾਂ ਨੂੰ ਆਕਰਸ਼ਿਤ ਕਰੇਗਾ, ਸਾਡੇ ਨੌਜਵਾਨਾਂ ਲਈ ਹਜ਼ਾਰਾਂ ਉੱਚ-ਮੁੱਲ ਵਾਲੀਆਂ ਨੌਕਰੀਆਂ ਪੈਦਾ ਕਰੇਗਾ, ਅਤੇ ਪੰਜਾਬ ਨੂੰ ਨਵੀਨਤਾ ਅਤੇ ਉੱਨਤ ਨਿਰਮਾਣ ਦਾ ਕੇਂਦਰ ਬਣਾਏਗਾ। ਇਹ ਸਿਰਫ਼ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਨਹੀਂ ਹੈ, ਸਗੋਂ ਪੰਜਾਬ ਅਤੇ ਭਾਰਤ ਦੇ ਭਵਿੱਖ ਵਿੱਚ ਇੱਕ ਨਿਵੇਸ਼ ਹੈ। ਕੇਂਦਰ ਸਰਕਾਰ ਨੂੰ ਇਸ ਆਧੁਨਿਕੀਕਰਨ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਪੂਰਾ ਕਰਨਾ ਚਾਹੀਦਾ ਹੈ।

## ਸਰਦਾਰ ਗੁਰਵਿੰਦਰ ਸਿੰਘ ਬਾਜਵਾ ਬੀਬੀ ਪਰਮਜੀਤ ਕੌਰ ਬਾਜਵਾ ਦੀ ਲੜਕੀ ਨਵਰੋਜ ਕੋਰ ਬਾਜਵਾ ਦਾ ਸ਼ੁਭ ਅਨੰਦ ਕਾਰਜ ਏਕਮਜੋਤ ਸਿੰਘ ਢਿੱਲੋਂ ਸਪੁੱਤਰ ਸਰਦਾਰ ਅਮਨਦੀਪ ਸਿੰਘ ਢਿੱਲੋ ਬੀਬੀ ਮਨਜੀਤ ਕੌਰ ਢਿੱਲੋਂ ਦੇ ਨਾਲ

# ਪੂਰਨ ਗੁਰਮਤਿ ਮਰਿਆਦਾ ਅਨੁਸਾਰ ਹੋਇਆ














ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਗੁਰਵਿੰਦਰ ਸਿੰਘ ਬਾਜਵਾ ਬੀਬੀ ਪਰਮਜੀਤ ਕੌਰ ਬਾਜਵਾ ਦੀ ਲੜਕੀ ਨਵਰੋਜ ਕੋਰ ਬਾਜਵਾ ਦਾ ਸ਼ੁਭ ਅਨੰਦ ਕਾਰਜ ਏਕਮਜੋਤ ਸਿੰਘ ਢਿੱਲੋਂ ਸਪੁੱਤਰ ਸਰਦਾਰ ਅਮਨਦੀਪ ਸਿੰਘ ਢਿੱਲੋ ਬੀਬੀ ਮਨਜੀਤ ਕੌਰ ਢਿੱਲੋਂ ਦੇ ਨਾਲ ਗੁਰਦੁਆਰਾ ਨਾਨਕ ਪ੍ਰਕਾਸ਼ ਕਵੈਂਟਰੀ ਵਿਖੇ ਗੁਰਮਤਿ ਮਰਿਆਦਾ ਅਨੁਸਾਰ ਹੋਇਆ ਇਸ ਆਨੰਦ ਕਾਰਜ ਦੇ ਵਿੱਚ ਜਿੱਥੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਰਿਸ਼ਤੇਦਾਰ ਸਾਕ ਸਬੰਧੀ ਆਏ ਹੋਏ ਸਨ ਉੱਥੇ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਪਹੁੰਚੇ ਹੋਏ ਸਨ ਉਹਨਾਂ ਨੇ ਗੁਰਮਤ ਵਿਚਾਰਾਂ ਰਾਹੀਂ ਆਨੰਦ ਕਾਰਜ ਗ੍ਰਹਿਸਤੀ ਜੀਵਨ ਅਤੇ ਗੁਰੂ ਦੀ ਸਿੱਖਿਆ ਸਾਨੂੰ ਕੀ ਕਹਿੰਦੀ ਹੈ ਬਾਰੇ ਆਪਣੇ ਵਿਚਾਰ ਦਿੱਤੇ ਭਾਈ ਕਪਤਾਨ ਸਿੰਘ ਜਨਰਲ ਸਕੱਤਰ ਅਤੇ ਮੁਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਨੇ ਵੀ ਆਪਣੇ ਵਿਚਾਰ ਦਿੰਦਿਆਂ ਦੋਨਾਂ ਹੀ ਪਰਿਵਾਰਾਂ ਨੂੰ ਵਧਾਈਆਂ ਦਿੱਤੀਆਂ ਅਤੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਹੋਰ ਪੰਥਕ ਸ਼ਖਸੀਅਤਾਂ ਵੱਲੋਂ ਵੀ ਵਧਾਈਆਂ ਦਿੱਤੀਆਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਵਿਆਹੁਤਾ ਜੋੜੇ ਨੂੰ ਸਿਰੋਪਾਓ ਵੀ ਦਿੱਤਾ ਅਤੇ ਗੁਰੂ ਘਰ ਦੀ ਮਰਿਆਦਾ ਅਨੁਸਾਰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਵਿਆਹੁਤਾ ਜੋੜੇ ਨੂੰ ਸਿਰੋਪਾਓ ਦਿੱਤਾ ਗਿਆ। ਅਦਾਰਾ ਅਵਾਜ਼ੇ ਕੌਮ ਵੱਲੋਂ ਅਸੀਂ ਦੋਨਾਂ ਹੀ ਪਰਿਵਾਰਾਂ ਨੂੰ ਲੱਖ ਲੱਖ ਵਧਾਈ ਦਿੰਦੇ ਹਾਂ ਤੇ ਅਰਦਾਸ ਕਰਦੇ ਹਾਂ ਪਰਮਾਤਮਾ ਦੋਨਾਂ ਹੀ ਪਰਿਵਾਰਾਂ ਨੂੰ ਚੜ੍ਹਦੀ ਕਲਾ ਬਖਸ਼ੇ।




(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

## ਸਰਦਾਰ ਗੁਰਵਿੰਦਰ ਸਿੰਘ ਬਾਜਵਾ ਬੀਬੀ ਪਰਮਜੀਤ ਕੌਰ ਬਾਜਵਾ ਦੀ ਲੜਕੀ ਨਵਰੋਜ ਕੋਰ ਬਾਜਵਾ ਦਾ ਸ਼ੁਭ ਅਨੰਦ ਕਾਰਜ ਏਕਮਜੋਤ ਸਿੰਘ ਢਿੱਲੋਂ ਸਪੁੱਤਰ ਸਰਦਾਰ ਅਮਨਦੀਪ ਸਿੰਘ ਢਿੱਲੋ ਬੀਬੀ ਮਨਜੀਤ ਕੌਰ ਢਿੱਲੋਂ ਦੇ ਨਾਲ

# ਪੂਰਨ ਗੁਰਮਤਿ ਮਰਿਆਦਾ ਅਨੁਸਾਰ ਹੋਇਆ









ਆਵਾਜ਼ਿ ਕੌਮ AWAZE QAUM International Newspaper & WEB TV








### ਨੌਵੇਂ ਪਾਤਸ਼ਾਹ ਜੀ ਦੀ ਸ਼ਹੀਦੀ ਸ਼ਤਾਬਦੀ ਸਬੰਧੀ

# ਨਗਰ ਕੀਰਤਨ ਆਸਾਮ ਤੋਂ 21 ਅਗਸਤ ਨੂੰ ਹੋਵੇਗਾ ਆਰੰਭ



**ਅੰਮ੍ਰਿਤਸਰ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮਾਂ ਦੀ ਤਫ਼ਸੀਲ ਜਾਰੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਗੁਰੂ ਸਾਹਿਬ ਦੀ ਚਰਨਛੋਹ ਪ੍ਰਾਪਤ ਪਾਵਨ ਅਸਥਾਨ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਵਿਸ਼ਾਲ ਕੌਮੀ ਨਗਰ ਕੀਰਤਨ 21 ਅਗਸਤ ਨੂੰ ਆਰੰਭ ਹੋਵੇਗਾ। ਅੱਜ ਇਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸ਼ਹੀਦੀ ਨਗਰ ਕੀਰਤਨ "ਧਰਮ ਹੇਤ ਸਾਕਾ ਜਿਨਿ ਕੀਆ" ਦੇ ਸਿਰਲੇਖ ਹੇਠ ਭਾਰਤ ਦੇ 20 ਸੂਬਿਆਂ ਵਿਚ ਦੀ ਹੁੰਦਾ ਹੋਇਆ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ। ਉਨ੍ਹਾਂ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਮਨਾਈ ਜਾ ਰਹੀ ਹੈ। ਇਸ ਸਬੰਧ ਵਿਚ ਜਿਥੇ ਦੇਸ਼ ਭਰ ਅੰਦਰ ਵੱਡੇ ਸ਼ਹਿਰਾਂ ਵਿਚ ਗੁਰਮਤਿ ਸਮਾਗਮ ਕੀਤੇ ਜਾਣਗੇ, ਉਥੇ ਹੀ ਵਿਸ਼ੇਸ਼ ਤੌਰ 'ਤੇ ਸ਼ਹੀਦੀ ਨਗਰ ਕੀਰਤਨ ਵੀ ਸਜਾਏ ਜਾ ਰਹੇ ਹਨ। ਇਸ ਤਹਿਤ ਪਹਿਲਾ ਨਗਰ ਕੀਰਤਨ 21 ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਵੇਗਾ। ਪਹਿਲੇ 10 ਦਿਨ ਦੇ ਵੇਰਵੇ ਸਾਂਝੇ ਕਰਦਿਆਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਇਹ ਨਗਰ ਕੀਰਤਨ 21 ਅਗਸਤ ਨੂੰ ਗੁਰਦੁਆਰਾ ਧੋਬੜੀ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ ਪਹੁੰਚੇਗਾ। 22 ਅਗਸਤ ਨੂੰ ਸਿਲੀਗੁੜੀ ਤੋਂ ਮਾਲਦਾ, 23 ਅਗਸਤ ਨੂੰ ਮਾਲਦਾ ਤੋਂ ਕਲਕੱਤਾ ਪੁੱਜੇਗਾ। ਕਲਕੱਤਾ ਵਿਖੇ ਦੋ ਦਿਨ ਵੱਖ-ਵੱਖ ਇਲਾਕਿਆਂ ਵਿਚ ਨਗਰ ਕੀਰਤਨ ਸਜਾਇਆ ਜਾਵੇਗਾ, ਜਿਥੋਂ 25 ਅਗਸਤ ਨੂੰ ਗੁਰਦੁਆਰਾ ਗੁਰੂ ਨਾਨਕ ਆਸਨਸੋਲ ਬੰਗਾਲ ਪਹੁੰਚੇਗਾ। 26 ਅਗਸਤ ਨੂੰ ਆਸਨਸੋਲ ਤੋਂ ਚੱਲ ਕੇ ਜਮਸ਼ੇਦਪੁਰ ਟਾਟਾ ਨਗਰ, 27 ਨੂੰ ਜਮਸ਼ੇਦਪੁਰ ਤੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਂਚੀ ਝਾਰਖੰਡ, 28 ਅਗਸਤ ਨੂੰ ਰਾਂਚੀ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਪੁੱਜੇਗਾ। 29 ਅਗਸਤ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸਾਸਾਰਾਮ, 30 ਅਗਸਤ ਨੂੰ ਸਾਸਾਰਾਮ ਤੋਂ ਬਨਾਰਸ ਯੂਪੀ ਅਤੇ 31 ਅਗਸਤ ਬਨਾਰਸ ਤੋਂ ਅਗਲੇ ਪੜਾਅ ਲਈ ਰਵਾਨਾ ਹੋਵੇਗਾ। ਇਸੇ ਤਰ੍ਹਾਂ ਇਹ ਨਗਰ ਕੀਰਤਨ ਕਰੀਬ ਤਿੰਨ ਮਹੀਨੇ ਪੜਾਅ-ਦਰ-ਪੜਾਅ ਚੱਲਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਦੂਜਾ ਨਗਰ ਕੀਰਤਨ ਗੁਰਦੁਆਰਾ ਸ੍ਰੀ ਮਟਨ ਸਾਹਿਬ ਜੰਮੂ ਕਸ਼ਮੀਰ ਤੋਂ 5 ਅਕਤੂਬਰ ਨੂੰ ਸਜਾਇਆ ਜਾਵੇਗਾ, ਜੋ ਵੱਖ-ਵੱਖ ਅਸਥਾਨਾਂ ਤੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ। ਤੀਜਾ ਨਗਰ ਕੀਰਤਨ 25 ਨਵੰਬਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਤੋਂ ਆਰੰਭ ਹੋਵੇਗਾ, ਜੋ 29 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ। ਉਨ੍ਹਾਂ ਹੋਰ ਸਮਾਗਮਾਂ ਸਬੰਧੀ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਮੌਕੇ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਣਗੇ। ਇਸ ਤੋਂ ਇਲਾਵਾ ਨੌਵੇਂ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਨੂੰ ਸਬੰਧੀ 24 ਨਵੰਬਰ ਨੂੰ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦਾ ਗੁਰਮਤਿ ਸਮਾਗਮ ਹੋਵੇਗਾ ਅਤੇ 25 ਨਵੰਬਰ ਨੂੰ ਸ਼ਹੀਦੀ ਸ਼ਤਾਬਦੀ ਦਾ ਮੁੱਖ ਸਮਾਗਮ ਗੁਰਦੁਆਰਾ ਸੀਸਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤਾ ਜਾਵੇਗਾ। 26 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਮਹਾਨ ਗੁਰਮਤਿ ਸਮਾਗਮ ਹੋਵੇਗਾ। 27 ਨਵੰਬਰ ਨੂੰ ਸ਼ਤਾਬਦੀ ਨੂੰ ਸਮਰਪਿਤ ਇਕ ਵੱਡਾ ਕਵੀ ਦਰਬਾਰ ਕਰਵਾਇਆ ਜਾਵੇਗਾ ਅਤੇ 28 ਨਵੰਬਰ ਨੂੰ ਵੀ ਗੁਰਮਤਿ ਸਮਾਗਮ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ 29 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਸਸਕਾਰ ਦੇ ਰੂਪ ਵਿਚ ਵੱਡਾ ਗੁਰਮਤਿ ਸਮਾਗਮ ਹੋਵੇਗਾ। ਇਸ ਤੋਂ ਇਲਾਵਾ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਵੀ ਵੱਡੇ ਗੁਰਮਤਿ ਸਮਾਗਮ ਸਜਾਏ ਜਾਣਗੇ, ਜਿਸ ਤਹਿਤ 14 ਸਤੰਬਰ ਨੂੰ ਕਲਕੱਤਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰੇ ਸ਼ਤਾਬਦੀ ਸਮਾਗਮਾਂ ਲਈ ਦੇਸ਼ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਨੂੰ ਸੱਦਾ ਦਿੱਤਾ ਜਾਵੇਗਾ ਅਤੇ ਵੱਖ-ਵੱਖ ਧਰਮਾਂ ਦੇ ਆਗੂ ਵੀ ਬੁਲਾਏ ਜਾਣਗੇ। ਦਿੱਲੀ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਵੱਲੋਂ ਸ਼੍ਰੋਮਣੀ ਕਮੇਟੀ ਅਗਵਾਈ ਵਿਚ ਦਿੱਲੀ ਵਿਖੇ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਕਰਨ ਲਈ ਕੀਤੀ ਪੇਸ਼ਕਸ਼ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ. ਕਾਲਕਾ ਨੂੰ ਸਵਾਲ ਕੀਤਾ ਕਿ ਉਨ੍ਹਾਂ ਦੀ ਇਹ ਪੇਸ਼ਕਸ਼ ਕੇਵਲ ਇਕ ਚਿੱਠੀ ਤੱਕ ਹੀ ਸੀਮਤ ਸੀ, ਜਦਕਿ ਉਹ ਆਪਣੇ ਤੌਰ 'ਤੇ ਸਮਾਗਮ ਉਲੀਕ ਕੇ ਵੱਖ-ਵੱਖ ਜਥੇਬੰਦੀਆਂ ਨਾਲ ਮੀਟਿੰਗਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਪ੍ਰਧਾਨ ਨੂੰ ਕਾਹਲੀ ਵਿਚ ਆਪਣੇ ਪ੍ਰੋਗਰਾਮ ਐਲਾਨ ਨਹੀਂ ਕਰਨੇ ਚਾਹੀਦੇ, ਸਗੋਂ ਸ਼੍ਰੋਮਣੀ ਕਮੇਟੀ ਨਾਲ ਮਿਲ ਬੈਠਣਾ ਚਾਹੀਦਾ ਸੀ। ਇਕ ਸਵਾਲ ਦੇ ਜਵਾਬ ਵਿਚ ਐਡਵੋਕੇਟ ਧਾਮੀ ਨੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਖੋਹਣ ਦੇ ਬਿਆਨ ਦੀ ਕਰੜੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਸਿੱਖ ਸੰਸਥਾ ਦੇ ਮਾਣ-ਮਰਯਾਦਾ ਅਤੇ ਇਤਿਹਾਸ ਨੂੰ ਖੰਡਤ ਕਰਨ ਵਾਲੀ ਗੱਲ ਹੈ। ਸ਼੍ਰੋਮਣੀ ਕਮੇਟੀ ਕੌਮ ਦੀ ਉਹ ਸੰਸਥਾ ਹੈ, ਜਿਸ ਲਈ ਸੰਗਤ ਵੱਲੋਂ ਦਿੱਤੀ ਅਗਵਾਈ ਨਾਲ ਹੀ ਸੇਵਾ ਨਿਭਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਨੂੰ ਹਥਿਆਉਣ ਦੀਆਂ ਗੱਲਾਂ ਉਸ ਦੀ ਮਨਸ਼ਾ ਨੂੰ ਸਿੱਧ ਕਰਦੀਆਂ ਹਨ ਕਿ ਉਹ ਕਿਸੇ ਦੇ ਚਲਾਏ ਚਲ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸੰਵਿਧਾਨਕ ਤੌਰ 'ਤੇ ਚੋਣਾਂ ਜਿੱਤ ਕੇ ਕੋਈ ਵੀ ਇਸ ਸੰਸਥਾ ਦੀ ਸੇਵਾ ਕਰ ਸਕਦਾ ਹੈ, ਪਰ ਗ਼ੈਰ ਇਖ਼ਲਾਕੀ ਗੱਲਾਂ ਠੀਕ ਨਹੀਂ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਵਾਹਦ ਉਹ ਜਮਾਤ ਹੈ, ਜੋ ਕੇਵਲ ਇਕ ਹੀ ਹੈ ਅਤੇ ਇਹ ਜਿਸ ਪਾਸ ਨਿਸ਼ਾਨ ਹੈ, ਉਹ ਹੀ ਇਸ ਦਾ ਅਸਲ ਵਾਰਸ ਹੈ। ਉਨ੍ਹਾਂ ਕਿਹਾ ਕਿ ਇਸ ਪੰਥ ਦੀ ਜਮਾਤ ਨੂੰ ਠਾਹ ਲਗਾਉਣ ਦੇ ਰਾਹ ਨਹੀਂ ਚੱਲਣਾ ਚਾਹੀਦਾ, ਸਗੋਂ ਇਕਜੁਟਤਾ ਵੱਲ ਵਧਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਕੌਮ ਨੂੰ ਬਹੁਤ ਚੁਣੌਤੀਆਂ ਹਨ, ਜਿਸ ਪ੍ਰਤੀ ਸੰਜੀਦਾ ਹੋਣਾ ਚਾਹੀਦਾ ਹੈ ਅਤੇ ਕੌਮ ਦੀਆਂ ਜਥੇਬੰਦੀਆਂ ਅਤੇ ਸੰਸਥਾਵਾਂ ਨੂੰ ਹਥਿਆਉਣ ਵਰਗੇ ਬਿਆਨ ਦੇ ਕੇ ਕੌਮ ਅੰਦਰ ਦੁਬਿਧਾ ਪੈਦਾ ਨਹੀਂ ਕਰਨੀ ਚਾਹੀਦੀ। ਇਸ ਮੌਕੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨੌਵੇਂ ਪਾਤਸ਼ਾਹ ਜੀ ਦਾ ਜੀਵਨ ਅਤੇ ਉਨ੍ਹਾਂ ਦੀ ਦੇਣ ਸਬੰਧੀ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਕਿਤਾਬਚੇ ਵੀ ਜਾਰੀ ਕੀਤੇ ਗਏ। ਐਡਵੋਕੇਟ ਧਾਮੀ ਨੇ ਇਹ ਵੀ ਕਿਹਾ ਕਿ ਇਹ ਹੋਰਨਾਂ ਭਾਸ਼ਾਵਾਂ ਵਿਚ ਵੀ ਉਲਥਾ ਕੇ ਛਾਪੇ ਜਾਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਇੰਚਾਰਜ ਸ. ਬਲਦੇਵ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਸੁਰਜੀਤ ਸਿੰਘ ਰਾਣਾ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਬਲਦੇਵ ਸਿੰਘ ਓਗਰਾ ਆਦਿ ਹਾਜ਼ਰ ਸਨ।



**20 ਸੂਬਿਆਂ 'ਚੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ ਇਹ ਇਤਿਹਾਸਕ ਨਗਰ ਕੀਰਤਨ- ਐਡਵੋਕੇਟ ਧਾਮੀ**

# ਬਿਜਲੀ ਮੁਲਾਜ਼ਮਾਂ ਦੇ ਧਰਨੇ ਨੂੰ ਬੀਕੇਯੂ ਲੱਖੋਵਾਲ ਟਿਕੈਤ ਨੇ ਦਿੱਤੀ ਹਮਾਇਤ



**ਤਲਵੰਡੀ ਸਾਬੋ, 12 ਅਗਸਤ (ਗੁਰਜੰਟ ਸਿੰਘ ਨਥੇਹਾ)**- ਬਿਜਲੀ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ 'ਤੇ ਰਹਿ ਕੇ ਬਿਜਲੀ ਦਫਤਰ ਰਾਮਾਂ ਵਿਖੇ ਚੱਲ ਰਹੇ ਤਿੰਨ ਰੋਜ਼ਾ ਧਰਨੇ ਮੁਜਾਹਰੇ ਨੂੰ ਅੱਜ ਦੂਸਰੇ ਦਿਨ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਟਿਕੈਤ ਵੱਲੋਂ ਸੂਬਾ ਜਨਰਲ ਸਕੱਤਰ ਸਰੂਪ ਸਿੰਘ ਸਿੱਧੂ ਨੇ ਆਪਣੇ ਕਿਸਾਨ ਸਾਥੀਆਂ ਸਮੇਤ ਧਰਨੇ ਵਿੱਚ ਸ਼ਿਰਕਤ ਕਰਕੇ ਹਮਾਇਤ ਦੇਣ ਦਾ ਐਲਾਨ ਕਰ ਦਿੱਤਾ। ਬਿਜਲੀ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਜਿਵੇਂ ਨਵੀਂ ਰੈਗੂਲਰ ਭਰਤੀ, ਨਿਜੀਕਰਨ ਨੂੰ ਰੋਕਣਾ, ਪੇ ਸਕੇਲਾਂ ਦੀਆਂ ਤਰੁਟੀਆਂ ਦੂਰ ਕਰਨਾ, ਖਸਤਾ ਹਾਲਤ ਬਿਲਡਿੰਗ ਦੀ ਮੁਰੰਮਤ ਆਦਿ ਨੂੰ ਲੈ ਕੇ ਤਿੰਨ ਦਿਨਾਂ ਦੀ ਸਮੂਹਿਕ ਛੁੱਟੀ ਲੈ ਕੇ ਲਗਾਤਾਰ ਧਰਨਾ ਮੁਜ਼ਾਹਰਾ ਕਰ ਰਹੇ ਹਨ। ਇਸ ਦੌਰਾਨ ਟੀ.ਐਸ.ਯੂ ਦੇ ਪ੍ਰਧਾਨ ਸੰਦੀਪ ਸਿੰਘ ਅਤੇ ਕੈਸ਼ੀਅਰ ਹਰਵਿੰਦਰ ਸਿੰਘ ਜੇਈ ਨੇ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ ਅਤੇ ਚੱਲ ਰਹੇ ਸੰਘਰਸ਼ ਬਾਰੇ ਜਾਣਕਾਰੀ ਦਿੱਤੀ। ਐਮ.ਐਸ.ਯੂ ਦੇ ਆਗੂ ਸੁਰਜੀਤ ਸਿੰਘ ਅਤੇ ਇਕਬਾਲ ਸਿੰਘ ਨੇ ਪ੍ਰਬੰਧਕਾਂ ਦੇ ਅੜੀਅਲ ਰਵਈਏ ਵਿਰੁੱਧ ਮੁਲਾਜ਼ਮਾਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ ਅਤੇ ਦੱਸਿਆ ਗਿਆ ਕਿ ਐਸਮਾ ਕਨੂੰਨ ਲਾਉਣ ਵਰਗੀਆਂ ਗਿੱਦੜ ਧਮਕੀਆਂ ਤੋਂ ਡਰਨ ਦੀ ਲੋੜ ਨਹੀਂ ਹੈ। ਕਿਸਾਨ ਯੂਨੀਅਨ ਨੇਤਾ ਸਰੂਪ ਸਿੰਘ ਸਿੱਧੂ ਨੇ ਆਪਣੇ ਸੰਬੋਧਨ ਵਿਚ ਸ੍ਰ. ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਜਦੋਂ ਸਰਕਾਰੀ ਮੁਲਾਜ਼ਮਾਂ ਦੀ ਹੀ ਨਹੀਂ ਸੁਣਦੀ ਤਾਂ ਆਮ ਲੋਕ ਸਰਕਾਰ ਤੋਂ ਸੁਣਵਾਈ ਦੀ ਕਿਵੇਂ ਉਮੀਦ ਕਰ ਸਕਦੇ ਹਨ, ਮੁਲਾਜ਼ਮ ਸਰਕਾਰਾਂ ਦਾ ਸਭ ਤੋਂ ਵੱਡਾ ਹਿੱਸਾ ਹੁੰਦੇ ਹਨ, ਜੋ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਲੋਕਾਂ ਦੀ ਨਿਰਪੱਖ ਸੇਵਾ ਕਰਦੇ ਹਨ। ਇਸ ਲਈ ਸਰਕਾਰ ਦੀ ਵੀ ਇਹ ਜੁੰਮੇਵਾਰੀ ਬਣਦੀ ਹੈ ਕਿ ਉਹ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਹੱਲ ਕਰੇ। ਧਰਨੇ ਵਿੱਚ ਮੌਜੂਦ ਸਾਰੇ ਮੁਲਾਜ਼ਮ ਅਤੇ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਬਿਜਲੀ ਪ੍ਰਬੰਧਕਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦੀ ਹੀ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ ਅਤੇ ਸਮੂਹਿਕ ਛੁੱਟੀ ਨੂੰ ਹੋਰ ਵੀ ਵਧਾਇਆ ਜਾ ਸਕਦਾ ਹੈ। ਇਸ ਦੌਰਾਨ ਆਮ ਪਬਲਿਕ ਅਤੇ ਵਿਭਾਗ ਦੇ ਹੋਣ ਵਾਲੇ ਨੁਕਸਾਨ ਦੀ ਜ਼ਿੰਮੇਵਾਰੀ ਪੂਰਨ ਤੌਰ 'ਤੇ ਪੰਜਾਬ ਸਰਕਾਰ ਅਤੇ ਬਿਜਲੀ ਪ੍ਰਬੰਧਕਾਂ ਦੀ ਹੋਵੇਗੀ।

# ਭਾਜਪਾ ਵਰਕਰਾਂ ਨੇ "ਹਰ ਘਰ ਤਿਰੰਗਾ" ਮੁਹਿੰਮ ਦਾ ਅਗਾਜ ਕੀਤਾ, ਅਜ਼ਾਦੀ ਦਿਵਸ ਲੋਕਾਂ ਨੂੰ ਇੱਕ ਤਿਉਹਾਰ ਵਜੋਂ ਮਨਾਉਣਾ ਚਾਹੀਦਾ ਹੈ- ਓਸਵਾਲ



ਤਲਵੰਡੀ ਸਾਬੋ, 12 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਗਈ ਲੈਂਡ ਪੁਲਿੰਗ ਯੋਜਨਾ ਰੱਦ ਹੋਣ ਦੀ ਖੁਸ਼ੀ 'ਚ ਅੱਜ ਭਾਜਪਾ ਰਾਮਾਂ ਮੰਡਲ ਦੇ ਵਰਕਰਾਂ ਨੇ ਇਕੱਠੇ ਹੋ ਕੇ ਰੇਲਵੇ ਚੌਂਕ ਨੇੜੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ "ਲੈਂਡ ਪੁਲਿੰਗ ਯੋਜਨਾ" ਦਾ ਬੱਚਾ ਬੱਚਾ ਵਿਰੋਧ ਕਰ ਰਿਹਾ ਸੀ। ਉਪਰੰਤ ਭਾਜਪਾ ਹਾਈਕਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਰਕਰਾਂ ਨੇ ਹੱਥਾਂ ਵਿਚ ਤਿਰੰਗੇ ਝੰਡੇ ਫੜ ਕੇ ਬਜ਼ਾਰਾਂ ਵਿੱਚ ਯਾਤਰਾ ਕੱਢਦੇ ਹੋਏ "ਹਰ ਘਰ ਤਿਰੰਗਾ" ਮੁਹਿੰਮ ਦਾ ਆਗਾਜ਼ ਕੀਤਾ। ਇਸ ਮੌਕੇ ਰਾਕੇਸ਼ ਮਹਾਜਨ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ ਰਾਮਾਂ ਅਤੇ ਨਿਰਮਲ ਓਸਵਾਲ ਮੰਡਲ ਪ੍ਰਧਾਨ ਰਾਮਾਂ ਨੇ ਲੋਕਾਂ ਨੂੰ "ਹਰ ਘਰ ਤਿਰੰਗਾ" ਮੁਹਿੰਮ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਭਾਜਪਾ ਵਲੋਂ ਹਰ ਸਾਲ ਉਕਤ ਅਭਿਆਨ ਦੇ ਆਯੋਜਨ ਰਾਹੀਂ ਲੋਕਾਂ ਵਿੱਚ ਰਾਸ਼ਟਰ ਪ੍ਰੇਮ, ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਸੰਕਲਪ ਜਗਾਇਆ ਜਾਂਦਾ ਹੈ ਅਤੇ ਆਜ਼ਾਦੀ ਦਿਵਸ ਲੋਕਾਂ ਵੱਲੋਂ ਇੱਕ ਤਿਉਹਾਰ ਵਜੋਂ ਮਨਾਉਣ ਲਈ ਚਲਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਲੋਕਾਂ ਨੂੰ ਅਭਿਆਨ ਦੇ ਤਹਿਤ ਆਪਣੇ ਘਰਾਂ ਤੇ ਤਿਰੰਗਾ ਲਹਿਰਾਉਣਾ ਚਾਹੀਦਾ ਹੈ ਅਤੇ ਕ੍ਰਾਂਤੀਕਾਰੀਆ ਨੂੰ ਯਾਦ ਕਰਦੇ ਹੋਏ ਉਹਨਾਂ ਦੇ ਬੁੱਤ 'ਤੇ ਫੁੱਲ ਮਾਲਾਵਾਂ ਚੜਾਉਣੀਆਂ ਚਾਹੀਦੀਆਂ ਹਨ। ਇਸ ਮੌਕੇ ਤਿਰੰਗਾ ਯਾਤਰਾ ਵਿਚ ਰਾਕੇਸ਼ ਮਹਾਜਨ ਸਾਬਕਾ ਉਪ ਚੇਅਰਮੈਨ ਮਾਰਕੀਟ ਕਮੇਟੀ, ਰਾਮਾਂ ਮੰਡਲ ਦੇ ਪ੍ਰਧਾਨ ਨਿਰਮਲ ਓਸਵਾਲ, ਮੀਤ ਪ੍ਰਧਾਨ ਦਿਨੇਸ਼ ਮਿੱਤਲ, ਤੇਲੂ ਰਾਮ ਨੌਰੰਗ, ਇੰਦਰਜੀਤ ਗੋਇਲ, ਟੈਨੀ ਅਗਰਵਾਲ, ਧੀਰਜ ਵਰਮਾ, ਤਰਸੇਮ ਮਲਕਾਣਾ, ਕ੍ਰਿਸ਼ਨ ਮਹੇਸ਼ਵਰੀ, ਰਘਵੀਰ ਚੰਦ ਕਮਾਲੂ, ਸੂਰਜ ਕੁਮਾਰ, ਸੁਰਿੰਦਰ ਛਾਬੜਾ, ਸੁਖਪਾਲ ਰਾਜੂ, ਸ਼ਾਮ ਲਾਲ ਗੋਇਲ, ਸਲੀਮ ਮੁਹੰਮਦ ਅਤੇ ਹੋਰ ਪਾਰਟੀ ਵਰਕਰਾਂ ਨੇ ਹਿੱਸਾ ਲਿਆ।

# ਅੱਜ ਗੁਰੂਹਰਸਹਾਏ ਵਿਖੇ ਅਮਨਦੀਪ ਹਸਪਤਾਲ ਵੱਲੋਂ ਲਾਇਆ ਜਾਵੇਗਾ ਮੁਫਤ ਜਾਂਚ ਕੈਂਪ

ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :— ਲੋਕਾਂ ਨੂੰ ਸਿਹਤ ਪ੍ਰਤੀ ਸੁਹਿਰਦ ਕਰਦਿਆਂ ਅਤੇ ਲੋਕਾਂ ਦਾ ਚੈਕਅਪ ਕਰਕੇ ਮਾਹਿਰ ਡਾਕਟਰਾਂ ਤੋਂ ਇਲਾਜ ਕਰਵਾਉਣ ਜਿਹੇ ਕਾਰਜ ਕਰਦੀ ਆ ਰਹੇ ਅਮਨਦੀਪ ਹਸਪਤਾਲ ਵੱਲੋਂ ਅੱਜ ਮਿਤੀ 13 ਅਗਸਤ ਨੂੰ ਗੁਰੂਹਰਸਹਾਏ ਵਿਖੇ ਮੁਫਤ ਚੈਕਅਪ ਕੈਂਪ ਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਗੁਰੂਹਰਸਹਾਏ ਵਿਖੇ ਜਨਰਲ ਮੈਡੀਸਨ ਦੇ ਮਰੀਜਾਂ ਲਈ ਮੁਫਤ ਜਾਂਚ ਕੈਂਪ ਲਗਾਇਆ ਜਾਵੇਗਾ, ਜਿਸ ਵਿਚ ਸ਼ੂਗਰ, ਬੀ.ਪੀ., ਥਾਈਰਾਈਡ, ਜਿਗਰ ਦੀ ਬਿਮਾਰੀ ਆਦਿ ਨਾਲ ਸਬੰਧਤ ਜਾਂਚ ਅਤੇ ਸਲਾਹ ਮੁਫਤ ਦਿੱਤੀ ਜਾਵੇਗੀ। ਮਰੀਜ਼ਾਂ ਦੀ ਜਾਂਚ ਅਮਨਦੀਪ ਹਸਪਤਾਲ ਦੇ ਕਨਸਲਟੈਂਟ ਇੰਟਰਨਲ ਮੈਡੀਸਨ ਡਾ: ਪ੍ਰਦੀਪ ਕੁਮਾਰ ਮਿੱਤਲ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦਾ ਮਕਸਦ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਦੇ ਮਰੀਜ਼ਾਂ ਨੂੰ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਤਾਂ ਜੋ ਉਹ ਸਮੇਂ ਤੇ ਆਪਣੀਆਂ ਬੀਮਾਰੀਆਂ ਦੀ ਪਛਾਣ ਕਰਕੇ ਠੀਕ ਇਲਾਜ ਕਰਵਾ ਸਕਣ। ਉਨ੍ਹਾਂ ਦੱਸਿਆ ਕਿ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲੱਗੇਗਾ।




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰੱਖੜੀ ਤਿਉਹਾਰ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਫਿਲੌਰ ਵੱਲੋਂ ਡੇਰਾ ਬਾਬਾ ਵਡਭਾਗ ਸਿੰਘ ਹਿਮਾਚਲ ਵਿਖੇ

# ਤਿੰਨ ਦਿਨਾਂ ਲੰਗਰ ਅਤੇ ਦੀਵਾਨ ਸਜਾਏ ਗਏ : ਬਾਬਾ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 12 ਅਗਸਤ ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਨੰਗਲ ਬੇਟ ਨੇੜੇ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਸੁਖਵਿੰਦਰ ਸਿੰਘ ਜੀ ਤੇ ਵੱਡੇ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਵੱਲੋਂ ਰੱਖੜ ਪੁਨਿਆ ਮੌਕੇ ਹਰ ਸਾਲ ਚਾਰ ਦਿਨ ਲੰਗਰ ਚਲਾਉਣ ਤੇ ਧਾਰਮਿਕ ਦੀਵਾਨ ਲਾਉਣ ਦੀ ਮਰਯਾਦਾ ਚਲਾਈ ਹੋਈ ਹੈ ਅਤੇ ਇਸੇ ਮਰਯਾਦਾ ਤਹਿਤ ਰੱਖੜ ਪੁਨਿਆ ਮੌਕੇ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਆਪਣੇ ਜਥੇ ਤੇ ਲੰਗਰ ਦੀਆਂ ਰਸਤਾ ਸਮੇਤ ਡੇਰਾ ਵਡਭਾਗ ਸਿੰਘ ਗੁਰਦੁਆਰਾ ਮੈੜੀ ਸਾਹਿਬ,ਮੰਜੀ ਸਾਹਿਬ ਧੌਲੀਧਾਰ ਹਿਮਾਚਲ ਵਿਖੇ ਚਾਰ ਦਿਨਾਂ ਦੇ ਦਿਵਾਨਾ ਤੇ ਲੰਗਰ ਸੇਵਾਵਾਂ ਚਲਾਉਣ ਤੋਂ ਉਪਰੰਤ ਆਪਣੇ ਜਥੇ ਸਮੇਤ ਪੰਜਾਬ ਨੂੰ ਵਾਪਸ ਪਹੁੱਚੇ ਅਤੇ 15 ਤੋਂ 17 ਤੱਕ ਚੱਲਣ ਵਾਲੇ ਮਹੀਨਾਵਾਰੀ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਅਰੰਭ ਕਰ ਦੇਣਗੇ ਕਿਉਂਕਿ ਦੇਸੀ ਮਹੀਨੇ ਦੇ ਜੇਠੇ ਐਤਵਾਰ ਨੂੰ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਂ ਵੱਲੋਂ ਰਖਵਾਏ ਲੜੀਵਾਰ ਅਖੰਡ ਪਾਠਾਂ ਦੇ ਸੰਪੂਰਨ ਭੋਗ ਤੋਂ ਉਪਰੰਤ ਭਾਈ ਦਿਵਾਨ ਸਜਾ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਾਂਦਾ ਹੈ ਅਤੇ ਧਾਰਮਿਕ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਦਾ ਸਨਮਾਨ ਕੀਤਾ ਜਾਂਦਾ ਹੈ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੁੱਖ ਮੰਤਰੀ ਸੰਤ ਸੁਖਵਿੰਦਰ ਸਿੰਘ ਜੀ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸੰਤ ਮਹਾਂਪੁਰਸ਼ ਬਾਬਾ ਜਰਨੈਲ ਸਿੰਘ ਜੀ ਅਤੇ ਸੰਚਖੰਡ ਵਾਸੀ ਮਾਤਾ ਪ੍ਰਕਾਸ਼ ਕੌਰ ਦੀ ਪ੍ਰੇਰਨਾ ਸਦਕਾ ਉਹਨਾਂ ਦੇ ਮਹਾਨ ਸਪੂਤ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਜਿਥੇ ਦੇਸ਼ਾਂ ਵਿਦੇਸ਼ਾਂ ਵਿੱਚ ਸਿੱਖੀ ਪ੍ਰਚਾਰ ਦੀ ਸੇਵਾ ਨਿਭਾਅ ਰਹੇ ਹਨ ਉਥੇ ਹਰ ਧਾਰਮਿਕ ਸਮਾਗਮ ਤੇ ਕੁਦਰਤੀ ਆਫਤ ਮੌਕੇ ਲੋੜਵੰਦਾਂ ਨੂੰ ਲੰਗਰਾਂ ਦੀ ਸੇਵਾ ਕਰਦੇ ਰਹਿੰਦੇ ਹਨ ਅਤੇ ਹੁਣ ਉਹ ਰੱਖੜੀ ਤਿਉਹਾਰ ਨੂੰ ਆਪਣੇ ਜਥੇ ਸਮੇਤ ਡੇਰਾ ਵਡਭਾਗ ਸਿੰਘ ਜੀ ਗੁਰਦੁਆਰਾ ਮੈੜੀ ਸਾਹਿਬ ਹਿਮਾਚਲ ਵਿਖੇ ਚਾਰ ਦਿਨਾਂ ਦੇ ਲੰਗਰ ਤੇ ਦਿਵਾਨ ਲਾਉਣ ਤੋਂ ਬਾਅਦ ਪੰਜਾਬ ਪਰਤੇ ਹਨ, ਉਹਨਾਂ ਨਾਲ ਬਾਬਾ ਦਾਰਾ ਸਿੰਘ ਭਾਈ ਗੁਰਮੇਲ ਸਿੰਘ ਭਾਈ ਰਵਿੰਦਰ ਸਿੰਘ ਭਾਈ ਰਿੰਕੂ ਤੋਂ ਇਲਾਵਾ ਦੋ ਦਰਜਨ ਤੋਂ ਵੱਧ ਜਥੇ ਦੇ ਸਿੰਘਾਂ ਸੈਂਕੜੇ ਸੰਗਤਾਂ ਹਾਜ਼ਰ ਸਨ।

ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਨੰਦ ਸਿੰਘ ਜੀ ਦੀ 82ਵੀਂ ਬਰਸੀ ਸਟੈਟ ਫੋਰਡ ਐਵਨ ਬਰਮਿਘਮ ਯੂ.ਕੇ ਵਿਖੇ ਮਨਾਈ ਜਾ ਰਹੀ ਹੈ- ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ

# ਬਰਸੀ ਸਮਾਗਮ 16 ਅਗਸਤ ਤੋਂ 24 ਅਗਸਤ ਦੀਆਂ ਤਿਆਰੀਆਂ ਸ਼ੁਰੂ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬੇ ਕੇ ਫਾਰਮ ਸਟੈਟ ਫੋਰਡ ਐਵਨ ਯੂ.ਕੇ ਵਿਖੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਮਹਾਰਾਜ ਨਾਨਕਸਰ ਕਲੇਰਾਂ ਵਾਲਿਆਂ ਦੀ 82ਵੀਆਂ ਬਰਸੀ ਸਮਾਗਮ ਜ਼ੋ ਕਿ 16 ਅਗਸਤ ਤੋਂ 24 ਅਗਸਤ ਦੀਆਂ ਸ਼ੁਰੂ ਕੀਤੀਆਂ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬੇ ਕੇ ਸੰਸਥਾ ਦੇ ਮੁੱਖ ਪ੍ਰਬੰਧਕ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜ਼ਸਵੰਤ ਸਿੰਘ ਸੈਂਭੀ, ਸਵਰਨ ਸਿੰਘ ਸੇਬੀ, ਗੁਰਮੀਤ ਸਿੰਘ ਜੰਡੂ, ਤਜਿੰਦਰ ਸਿੰਘ ਘਟੋੜਾ ਵੱਲੋਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੀਆਂ ਤਿਆਰੀਆਂ ਹੋ ਰਹੀਆਂ ਹਨ ਅਤੇ ਸ਼ੈਡ ਲਗਾਏ ਜਾ ਰਹੇ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਨੂੰ ਸਫਲ ਬਨਾਉਣ ਲਈ ਦੇਸ਼ਾਂ-ਵਿਦੇਸ਼ਾਂ ਤੋਂ ਮਹਾਂਪੁਰਖ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਸੰਤ ਬਾਬਾ ਜਗਜੀਤ ਸਿੰਘ ਲੋਪੋਕੇ, ਸੰਤ ਬਾਬਾ ਧੰਨਾ ਸਿੰਘ ਨਾਨਕਸਰ ਮਹਿਤਾ ਚੌਂਕ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ, ਭਾਈ ਸਰਬਜੀਤ ਸਿੰਘ ਰੰਗੀਲਾ ਦੁਰਗਵਾਲਾ, ਭਾਈ ਅਮਰਜੀਤ ਸਿੰਘ ਹਜ਼ੂਰੀ ਰਾਗੀ ਨਾਨਕਸਰ ਠਾਠ ਈਸ਼ਵਰ ਦਰਬਾਰ, ਗੁਰਦੁਆਰਾ ਨਾਨਕਸਰ ਬਰਮਿੰਘਮ ਹਜ਼ੂਰੀ ਰਾਗੀ, ਭਾਈ ਦਵਿੰਦਰ ਸਿੰਘ ਸੋਢੀ, ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਬਲਵਿੰਦਰ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਗਿਆਨੀ ਸ਼ਰਨਜੀਤ ਸਿੰਘ ਰਾਜਾ ਸਾਂਸੀ ਏਅਰ ਪੋਰਟ ਵਾਲੇ, ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸੁਖਦੇਵ ਸਿੰਘ ਬਾਉਲੀ ਸਾਹਿਬ ਡੱਲਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ। ਗੱਲਬਾਤ ਕਰਦਿਆਂ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸਟਾਲ ਅਤੇ ਬੱਚਿਆਂ ਦਾ ਕੈਂਪ ਮਾਰਸ਼ਲ ਆਰਟਸ ਅਤੇ ਹੋਰ ਬਹੁਤ ਕੁਝ ਖੇਡਾਂ ਕਰਵਾਈਆਂ ਜਾਣਗੀਆਂ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਪਹਿਲਾ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਆਰੰਭ 16 ਅਗਸਤ ਅਤੇ 18 ਅਗਸਤ ਨੂੰ ਭੋਗ ਪਾਏ ਜਾਣਗੇ ਅਤੇ ਦੂਸਰਾ ਸ੍ਰੀ ਆਖੰਡ ਪਾਠ ਆਰੰਭ 18 ਅਗਸਤ ਨੂੰ ਅਤੇ 20 ਅਗਸਤ ਨੂੰ ਭੋਗ ਪਾਏ ਜਾਣਗੇ ਅਤੇ ਤੀਸਰਾ ਸ੍ਰੀ ਆਖੰਡ ਪਾਠ ਆਰੰਭ 20 ਅਗਸਤ ਨੂੰ ਅਤੇ 22 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸੇ ਤਰ੍ਹਾਂ ਚੋਥੇ ਸ੍ਰੀ ਆਖੰਡ ਪਾਠ ਸਾਹਿਬ 22 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਅਤੇ 24 ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭਾਈ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਅੱਗੇ ਦੱਸਿਆ ਕਿ ਐਤਵਾਰ 17 ਅਤੇ 23 ਅਗਸਤ ਨੂੰ ਸਾਰਾ ਦਿਨ ਕੀਰਤਨ ਦਰਬਾਰ ਸਵੇਰੇ 11 ਵਜੇ ਸ਼ੁਰੂ ਹੋਵੇਗਾ ਅਤੇ ਹਰ ਰੋਜ਼ ਸ੍ਰੀ ਸੁਖਮਣੀ ਸਾਹਿਬ 3:30 ਵਜੇ ਤੋਂ 5 ਵਜੇ ਤੱਕ ਆਸਾ ਦੀ ਵਾਰ 5 ਵਜੇ ਤੋਂ 7 ਵਜੇ ਤੱਕ, ਬੱਚਿਆਂ ਦਾ ਕੀਰਤਨ 4 ਵਜੇ ਤੋਂ 4:45 ਵਜੇ ਤੱਕ ਹੋਵੇਗਾ ਅਤੇ ਸ਼ਾਮ ਦੇ ਦੀਵਾਨ 6:30 ਵਜੇ ਤੋਂ 10 ਵਜੇ ਤੱਕ ਹੋਇਆ ਕਰਨਗੇ। ਇਸ ਤਰ੍ਹਾਂ 24 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸ੍ਰੀ ਸੁਖਮਣੀ ਸਾਹਿਬ 3:30 ਤੋਂ 5 ਵਜੇ ਤੱਕ ਆਸਾ ਦੀ ਵਾਰ 5 ਵਜੇ ਤੋਂ 7 ਵਜੇ ਤੱਕ ਭੋਗ ਆਰਤੀ ਕੀਰਤਨ ਅਤੇ ਅਰਦਾਸ 10 ਵਜੇ ਤੋਂ 12 ਵਜੇ ਤੱਕ, ਕੀਰਤਨ ਅਤੇ ਕਥਾ 12 ਵਜੇ ਤੋਂ 2 ਵਜੇ ਤੱਕ ਅਤੇ ਨਗਰ ਕੀਰਤਨ 2 ਵਜੇ ਤੋਂ 3:30 ਵਜੇ ਤੱਕ ਸਜਾਇਆ ਜਾਵੇਗਾ। ਉਪਰੋਕਤ ਆਗੂਆਂ ਨੇ ਦੇਸ਼ਾਂ-ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਨ੍ਹਾਂ ਸਮਾਗਮਾਂ ਵਿਚ ਹਾਜ਼ਰੀ ਭਰਨ। ਉਨ੍ਹਾਂ ਦੱਸਿਆ ਕਿ ਇਸ ਅਸਥਾਨ ਤੇ ਸੰਤ ਬਾਬਾ ਨਾਹਰ ਸਿੰਘ ਜੀ ਤਪਸਿਆ ਕਰਦੇ ਸੀ ਅਤੇ ਉਹ 1988 ਤੋਂ ਇਸ ਅਸਥਾਨ ਤੇ ਸਮਾਗਮ ਕਰਵਾਉਂਦੇ ਸੀ ਅਤੇ ਬਾਬੇ ਕੇ ਫਾਰਮ 35 ਏਕੜ ਵਿਚ ਹੈ, ਉਨ੍ਹਾਂ ਦੇ ਅਕਾਲ ਚਲਾਣੇ ਤੋਂ ਬਾਅਦ ਵੀ ਸੰਗਤਾਂ ਇਸ ਅਸਥਾਨ ਤੇ ਬ੍ਰਹਮ ਗਿਆਨੀ ਬਾਬਾ ਨੰਦ ਸਿੰਘ ਜੀ ਦੀ ਬਰਸੀ ਸਮਾਗਮ ਮਨਾਉਂਦੀਆਂ ਹਨ, ਇਸ ਵਾਰ ਵੀ 16 ਅਗਸਤ ਤੋਂ 24 ਅਗਸਤ ਤੱਕ ਮਨਾਉਣਗੀਆਂ।

# ਬਿਜਲੀ ਮੁਲਾਜ਼ਮਾਂ ਕੀਤਾ ਪ੍ਰਦਰਸ਼ਨ



ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :- ਜੁਆਇੰਟ ਫੋਰਮ ਅਤੇ ਏਕਤਾ ਮੰਚ ਦੇ ਸੱਦੇ ਤੇ ਬਿਜਲੀ ਕਰਮਚਾਰੀਆਂ ਵੱਲੋਂ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਦੇ ਸਾਹਮਣੇ ਮੰਗਾਂ ਨੂੰ ਲੈ ਕੇ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਕਰਕੇ ਪਾਵਰਕੌਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ ਗਈ। ਇਸ ਧਰਨੇ ਦੀ ਪ੍ਰਧਾਨਗੀ ਰੋਸ਼ਨ ਲਾਲ ਵੱਲੋਂ ਕੀਤੀ ਗਈ ਅਤੇ ਸਟੇਜ਼ ਦੀ ਕਾਰਵਾਈ ਰਜੇਸ਼ ਦੱਤਾ ਵੱਲੋਂ ਚਲਾਈ ਗਈ। ਅੱਜ ਦੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਥੀ ਅਸ਼ਵਨੀ ਕੁਮਾਰ, ਰਜੇਸ਼ ਸੈਣੀ, ਤਰਲੋਚਨ ਸਿੰਘ, ਅਮੋਲਕ ਸਿੰਘ, ਰੋਸ਼ਨ ਲਾਲ, ਸਾਹਿਲ ਚਾਵਲਾ, ਰਾਮ ਸੁੱਖ, ਰਾਮਦੇਵ, ਬਵੀਰ ਸਿੰਘ, ਸਤਪਾਲ ਸਿੰਘ, ਸੁਰਿੰਦਰ ਕੁਮਾਰ, ਰਜਿੰਦਰ ਕੁਮਾਰ, ਦਿਲਬਾਗ ਸਿੰਘ, ਲੱਖਾ ਸਿੰਘ, ਪਿੱਪਲ ਸਿੰਘ ਆਰ.ਏ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਟਾਲ ਮਟੋਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਪਰਵੀਜਨ ਪੀਰਡ ਖਤਮ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਨਵੀਂ ਭਰਤੀ ਕੀਤੀ ਜਾਵੇ, ਖਾਲੀ ਆਸਾਮੀਆਂ ਭਰੀਆਂ ਜਾਨ, ਮੁਲਾਜ਼ਮਾਂ ਦੀਆਂ ਬਣਦੀਆਂ ਪਰਮੋਸ਼ਨਾਂ ਕੀਤੀਆਂ ਜਾਣ, ਬਿਜਲੀ ਕਾਮੇਆਂ ਦੀ ਕੰਮ ਕਰਦੇਆਂ ਹੋਏ ਐਕਸੀਡੈਂਟ ਤੇ ਨੌਕਰੀ ਦਿੱਤੀ ਜਾਵੇ ਅਤੇ ਬਣਦਾ ਬੈਨੀਫਿਟ ਦਿੱਤਾ ਜਾਵੇ, 50 ਮੰਗਾਂ ਦਾ ਮੰਗ ਪੱਤਰ ਦਿੱਤਾ ਹੋਇਆ ਹੈ, ਜੇਕਰ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਨੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਮੁਲਾਜ਼ਮ ਸੰਘਰਸ਼ ਹੋਰ ਤੇਜ਼ ਕਰਨਗੇ, ਜਿਸ ਦੀ ਸਾਰੀ ਜੁੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਦੀ ਹੋਵੇਗੀ।

# ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ



ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :- ਸਾਬਕਾ ਸੈਨਿਕ ਸੰਘਰਸ਼ ਕਮੇਟੀ ਫਿਰੋਜ਼ਪੁਰ ਦੀ ਮੁੱਦਕੀ ਬਲਾਕ ਦੀ ਮੀਟਿੰਗ ਹੋਈ, ਜਿਸ ਵਿੱਚ ਫਿਰੋਜਪੁਰ ਜ਼ਿਲ੍ਹੇ ਦੀ ਟੀਮ ਦੇ ਨਾਲ-ਨਾਲ ਮੁਦਕੀ ਦੇ ਨਾਲ ਲੱਗਦੇ ਪਿੰਡਾਂ ਵਿੱਚੋਂ ਸਾਬਕਾ ਸੈਨਿਕਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਾਬਕਾ ਸੈਨਿਕਾਂ ਨੂੰ ਆਉਣ ਵਾਲੀਆਂ ਸਮੱਸਿਆ ਦਾ ਮਿਲ ਬੈਠ ਕੇ ਹੱਲ ਕੱਢਣ ਵਾਸਤੇ ਅਤੇ ਨਾਲ ਹੀ ਜਿਸ ਤਰ੍ਹਾਂ ਆਉਣ ਵਾਲੇ ਪੇਕਮਿਸ਼ਨ ਵਿੱਚ ਪੈਨਸ਼ਰਾਂ ਦਾ ਲਾਭ ਘੱਟ ਕਰਨਾ ਇਸ ਤਰ੍ਹਾਂ ਦੇ ਹੋਰ ਵੀ ਬਹੁਤ ਮੁੱਦਿਆਂ ਤੇ ਵਿਚਾਰ ਚਰਚਾ ਹੋਈ। ਇਸ ਮੌਕੇ ਕੈਪਟਨ ਸਾਹਿਬ ਸਿੰਘ ਨੂੰ ਜ਼ਿਲਾ ਐਡਵਾਈਜ਼ਰ ਦੇ ਵਜੋਂ ਥਾਪਿਆ ਗਿਆ ਅਤੇ ਗੁਰਪ੍ਰੀਤ ਸਿੰਘ ਪਿੰਡ ਕੋਟ ਕਰੋੜ ਕਲਾਂ ਲੋਕ ਭਲਾਈ ਆਰਮੀ ਗਰੁੱਪ ਵਾਲਿਆਂ ਨੂੰ ਮੁਦਕੀ ਬਲਾਕ ਦੇ ਮੀਤ ਪ੍ਰਧਾਨ ਵਜੋਂ ਨਿਯੁਕਤ ਕੀਤਾ। ਇਸ ਮੌਕੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਫਿਰੋਜ਼ਪੁਰ ਦੀ ਟੀਮ ਵੱਲੋਂ ਕੀਰਤੀ ਚੱਕਰ ਸੂਬੇਦਾਰ ਚਰਨ ਸਿੰਘ ਜਨਰਲ ਸੈਕਟਰੀ ਲਖਵੀਰ ਸਿੰਘ ਕੈਸ਼ੀਅਰ ਕੈਪਟਨ ਲਖਵਿੰਦਰ ਸਿੰਘ ਅਤੇ ਜਿਲਾ ਐਡਵਾਈਜ਼ਰ ਆਰ.ਟੀ. ਜੇ.ਸੀ.ਓ ਆਰਡਨਰੀ ਲੈਫ਼ਟੀਨੈਂਟ ਪਿਆਰਾ ਸਿੰਘ ਅਤੇ ਇਲਾਕੇ ਦੇ ਹੋਰ ਵੀ ਬਹੁਤ ਸਾਰੇ ਸਾਬਕਾ ਸੈਨਿਕਾਂ ਨੇ ਹਿੱਸਾ ਲਿਆ। ਇਸ ਮੌਕੇ ਹੋਲਦਾਰ ਮਨਜੀਤ ਸਿੰਘ, ਨਾਇਕ ਜਰਨੇਲ ਸਿੰਘ ਮੀਤ ਪ੍ਰਧਾਨ ਕੈਪਟਨ ਸੁਰਜੀਤ ਸਿੰਘ ਸੂਬੇਦਾਰ ਹਰਜੀਤ ਸਿੰਘ ਹਕੂਮਤ ਵਾਲਾ ਸੁਰਜੀਤ ਸਿੰਘ ਸੂਬੇਦਾਰ ਬਲਵਿੰਦਰ ਸਿੰਘ ਕੇਪਟਨ ਬਖਸ਼ੀਸ਼ ਸਿੰਘ ਸੋਗੀਆ ਚੱਕਰ ਹੋਲਦਾਰ ਜਸਵੀਰ ਸਿੰਘ ਹੋਲਦਾਰ ਮਨਜੀਤ ਸਿੰਘ ਮੀਤ ਪ੍ਰਧਾਨ ਮੱਲਾਂਵਾਲਾ ਹੋਲਦਾਰ ਕੁਲਵੰਤ ਸਿੰਘ ਕਵਰ ਵੱਛਾ ਸੂਬੇਦਾਰ ਗੁਲਾਬ ਸਿੰਘ ਹੋਲਦਾਰ ਜਗਦੇਵ ਸਿੰਘ ਘੱਲ ਖੁਰਦ ਹੋਲਦਾਰ ਸਵਰਨ ਸਿੰਘ ਕੋਟ ਕਰੋੜ, ਹੋਲਦਾਰ ਜਗਦੀਸ਼ ਸਿੰਘ ਕੋਟ ਕਰੋੜ, ਹੋਲਦਾਰ ਹਿੰਮਤ ਸਿੰਘ ਪ੍ਰਧਾਨ ਘੱਲ ਖੁਰਦ ਹਾਜ਼ਰ ਸਨ।

# ਪੰਜਾਬ ਸਰਕਾਰ ਕਿਸਾਨ ਸੰਘਰਸ਼ ਅੱਗੇ ਡਿੱਗੀ ਮੂਧੇ ਮੂੰਹ : ਖਹਿਰਾ

ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :- ਪੰਜਾਬ ਸਰਕਾਰ ਵੱਲੋਂ ਲੈਂਡ ਪੋਲਿੰਗ ਪਾਲਸੀ ਵਾਪਸ





ਲੈਣ ਦੇ ਫੈਸਲੇ ਤੇ ਪ੍ਰਤੀਕਰਮ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲ੍ਹਾ ਫਿਰੋਜਪੁਰ ਦੇ ਜਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਜਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਅਤੇ ਕਿਰਤੀ ਲੋਕਾਂ ਦੇ ਸੰਘਰਸ਼ ਦੁਆਰਾ ਪੰਜਾਬ ਸਰਕਾਰ ਨੂੰ ਲੈਂਡ ਪੂਲਿੰਗ ਪਾਲਸੀ ਵਾਪਸ ਲੈਣੀ ਪਈ। ਉਨ੍ਹਾਂ ਕਿਹਾ ਕਿ ਇਹ ਮਿਹਨਤਕਸ਼ ਲੋਕਾਂ ਦੀ ਜਿੱਤ ਹੋਈ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਸਰਕਾਰ ਨੇ ਇਹ ਪੋਲਸੀ ਵਾਪਸ ਲੈ ਲਈ ਹੈ, ਪ੍ਰੰਤੂ ਲੋਕਾਂ ਨੂੰ ਸਾਵਧਾਨ ਰਹਿਣਾ ਚਾਹੀਦਾ ਹੈ ਅਤੇ ਆਪਣੀ ਜਥੇਬੰਦਕ ਤਾਕਤ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ, ਕਿਉਕਿ ਕੇਂਦਰ ਅਤੇ ਸੂਬਾ ਸਰਕਾਰਾਂ ਕਨਫੈਡਰੇਸ਼ਨ ਆਪ ਇੰਡੀਅਨ ਇੰਡਸਟਰੀਜ ਦੀ ਮੰਗ ਤੇ ਸਾਰੇ ਦੇਸ਼ ਵਿੱਚ ਲੈਂਡ ਬੈਂਕ ਬਣਾਉਣ ਦੀ ਨੀਤੀ ਤੇ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਦੀ ਇੱਛਾ ਪੂਰੀ ਕਰਨ ਲਈ ਪੰਜਾਬ ਸਰਕਾਰ ਵੀ ਇਸ ਨੀਤੀ ਤਹਿਤ ਕਿਸਾਨਾਂ ਕੋਲੋਂ ਜਮੀਨਾਂ ਖੋਹਣਾ ਚਾਹੁੰਦੀ ਸੀ ਪ੍ਰੰਤੂ ਲੋਕਾਂ ਦੀ ਤਾਕਤ ਅੱਗੇ ਮੂੰਹ ਦੀ ਖਾਣੀ ਪਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਨੀਤੀ ਲੋਕ ਸੰਘਰਸ਼ ਦੇ ਡਰ ਤੋਂ ਮਜਬੂਰੀ ਵੱਸ ਵਾਪਸ ਲਈ ਹੈ, ਪ੍ਰੰਤੂ ਉਸ ਦੀਆਂ ਆਰਥਿਕ ਨੀਤੀਆਂ ਵਿੱਚ ਮੋੜਾ ਲਿਆਉਣ ਲਈ ਹੋਰ ਵੱਡੀ ਜੱਦੋ ਜਹਿਦ ਦੀ ਜ਼ਰੂਰਤ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਨੇ ਇਸ ਜਿੱਤ ਲਈ ਪੂਰੇ ਪੰਜਾਬ ਵਾਸੀਆਂ ਨੂੰ ਵਧਾਈ ਦਿੱਤੀ ਅਤੇ ਹੋਰ ਤਕੜੇ ਹੋਣ ਲਈ ਕਿਹਾ।

# ਸਿੱਖ ਜਥੇਬੰਦੀਆਂ ਵੱਲੋਂ 14 ਅਗਸਤ ਨੂੰ ਮਨਾਇਆ ਜਾਵੇਗਾ ਕਾਲਾ ਦਿਲਸ-ਲਖਵੀਰ ਸਿੰਘ ਮਹਾਲਮ

ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :- ਸਮੇਂ ਦੇ ਹਾਕਮਾਂ ਵਿਰੁੱਧ ਭੜਾਸ ਕੱਢਦਿਆਂ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਨੇ ਕਿਹਾ ਕਿ 1947 ਵਿਚ ਸਿੱਖ ਕੌਮ ਨੇ 98 ਫੀਸਦੀ ਕੁਰਬਾਨੀਆਂ ਕਰਕੇ ਦੇਸ਼ ਨੂੰ ਆਜ਼ਾਦ ਕਰਵਾਇਆ ਅਤੇ ਉਸ ਤੋਂ ਬਾਅਦ ਇਸ ਦੇਸ਼ ਦੇ ਹਾਕਮਾਂ ਦਾ ਸਿੱਖ ਕੌਮ ਦੇ ਪ੍ਰਤੀ ਰਵਈਆ ਬਦਲ ਗਿਆ। ਉਨ੍ਹਾਂ ਕਿਹਾ ਕਿ 1984 ਵਿਚ ਅਕਾਲ ਤਖਤ ਸਾਹਿਬ ਨੂੰ ਟੈਂਕਾਂ ਤੋਪਾਂ ਨਾਲ ਢਹਿ-ਢੇਰੀ ਕਰਨਾ ਅਤੇ



ਦਿੱਲੀ ਦੀਆਂ ਗਲੀਆਂ ਵਿਚ ਅਤੇ ਹਿੰਦੂਸਤਾਨ ਦੇ ਸ਼ਹਿਰਾਂ ਵਿਚ ਸਿੱਖ ਨੌਜਵਾਨਾਂ ਦੇ ਗਲਾਂ ਵਿਚ ਟਾਈਰ ਪਾ ਕੇ ਸਾੜਨਾ ਅਤੇ ਧੀਆਂ ਭੈਣਾਂ ਨਾਲ ਬਲਾਤਕਾਰ ਕਰਨ ਦੀਆਂ ਘਿਨੌਣੀਆਂ ਹਰਕਤਾਂ ਕੀਤੀਆਂ ਗਈਆਂ ਅਤੇ ਬਾਅਦ ਵਿਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਕਰਨੀਆਂ ਅਤੇ ਸ਼ਾਂਤਮਈ ਸਿੰਘਾਂ ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰਨਾ ਅਤੇ ਜਿਹੜੇ ਸਿੰਘ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਨਾ ਕਰਨਾ। ਗੱਲਬਾਤ ਕਰਦਿਆਂ ਲਖਵੀਰ ਸਿੰਘ ਮਹਾਲਮ ਨੇ ਕਿਹਾ ਕਿ ਅਸੀਂ ਹਰ ਸਾਲ 15 ਅਗਸਤ ਅਤੇ 26 ਜਨਵਰੀ ਨੂੰ ਕਾਲੇ ਦਿਵਸ ਵਜੋਂ ਮਨਾਉਂਦੇ ਹਾਂ ਅਤੇ ਇਸ ਸਾਲ ਵੀ ਫੈਸਲਾ ਕੀਤਾ ਹੈ ਕਿ ਅਸੀਂ 14 ਅਗਸਤ 2025 ਨੂੰ ਸਵੇਰੇ 10:30 ਵਜੇ ਚੁੰਗੀ ਨੰਬਰ 7 ਫ਼ਿਰੋਜ਼ਪੁਰ ਛਾਉਣੀ ਤੋਂ ਸਿਰਾਂ ਤੇ ਕਾਲੀਆਂ ਪੱਟੀਆਂ ਬੰਨ ਕੇ ਅਤੇ ਕਾਲੇ ਝੰਡੇ ਲੈ ਕੇ ਡੀ.ਸੀ ਦਫਤਰ ਵਿਚ ਮਾਰਚ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਅਤੇ ਦਲ ਖਾਲਸਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਕਿਸਾਨ ਜਥੇਬੰਦੀਆਂ, ਸਿੱਖ ਜਥੇਬੰਦੀਆਂ, ਸਮਾਜ ਸੇਵੀ ਜਥੇਬੰਦੀਆਂ, ਸੰਤ ਸਮਾਜ ਨੂੰ ਅਪੀਲ ਕਰਦੇ ਹਾਂ ਕਿ ਇਸ ਦੁੱਖ ਦੀ ਘੜੀ ਵਿਚ ਸ਼ਾਮਲ ਹੋਣ। ਇਸ ਮੌਕੇ ਉਨ੍ਹਾਂ ਨਾਲ ਦਲ ਖਾਲਸਾ ਦੇ ਜਗਜੀਤ ਸਿੰਘ ਖੋਸਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਗੁਰਚਰਨ ਸਿੰਘ ਭੁੱਲਰ ਅਤੇ ਉਨ੍ਹਾਂ ਦੀ ਸਾਰੀ ਟੀਮ, ਸਾਰਜ ਸਿੰਘ ਬ੍ਰਾਹਮ ਕੇ ਦਲ ਖਾਲਸਾ, ਸੁਰਜੀਤ ਸਿੰਘ ਖਾਲਿਸਤਾਨੀ ਦਲ ਖਾਲਸਾ, ਲਖਵੀਰ ਸਿੰਘ ਮਹਾਲਮ ਸਰਪ੍ਰਸਤ, ਬਲਕਾਰ ਸਿੰਘ ਫ਼ਿਰੋਜ਼ਪੁਰ, ਨਿਰਮਲ ਸਿੰਘ ਆਰਿਫਕੇ, ਜ਼ਸਪਾਲ ਸਿੰਘ ਕੌਮੀ ਪ੍ਰਧਾਨ ਫੈਡਰੇਸ਼ਨ ਮਹਿਤ, ਕੁਲਦੀਪ ਸਿੰਘ ਨੱਢਾ ਜ਼ਿਲ੍ਹਾ ਪ੍ਰਧਾਨ, ਲਾਡਾ ਫ਼ਿਰੋਜ਼ਪੁਰ, ਸੁਖਦੇਵ ਸਿੰਘ ਲਾਡਾ, ਸੰਤੋਖ ਸਿੰਘ ਬੱਗੇ ਕੇ ਪਿੱਪਲ, ਜਗਤਾਰ ਸਿੰਘ ਮਹਾਲਮ ਆਦਿ ਮੌਜੂਦ ਸਨ।

ਗੁਰਦੁਆਰਾ ਨਾਨਕ ਪ੍ਰਕਾਸ਼ ਕਵੈਂਟਰੀ ਵਿਖੇ

# ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਨਿਹਾਲ ਕੀਤਾ

## ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਅੱਜ ਕੱਲ ਪ੍ਰਚਾਰ ਦੌਰੇ ਤੇ ਇੰਗਲੈਂਡ ਆਏ ਹੋਏ ਹਨ : ਭਾਈ ਕਪਤਾਨ ਸਿੰਘ









ਆਵਾਜ਼ਿ ਕੌਮ AWAZE QAUM International Newspaper & WEB TV





ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਅੱਜ ਕੱਲ ਪ੍ਰਚਾਰ ਦੌਰੇ ਤੇ ਇੰਗਲੈਂਡ ਆਏ ਹੋਏ ਹਨ ਪਿਛਲੇ ਹਫਤੇ ਦਿਨ ਐਤਵਾਰ 10 ਅਗਸਤ ਨੂੰ ਉਹਨਾਂ ਨੇ ਵੱਖ-ਵੱਖ ਗੁਰਦੁਆਰਿਆਂ ਦੇ ਵਿੱਚ ਸੰਗਤਾਂ ਨੂੰ ਆਪਣੇ ਵਿਚਾਰਾਂ ਦੁਆਰਾ ਨਿਹਾਲ ਕੀਤਾ ਐਸੇ ਹੀ ਤਰ੍ਹਾਂ ਗੁਰਦੁਆਰਾ ਨਾਨਕ ਪ੍ਰਕਾਸ਼ ਕਵੈਂਟਰੀ ਵਿਖੇ ਉਹਨਾਂ ਨੇ ਸੰਗਤਾਂ ਨੂੰ ਗੁਰਮਤ ਵਿਚਾਰਾਂ ਦੁਆਰਾ ਨਿਹਾਲ ਕੀਤਾ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਉਹਨਾਂ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ ਇਸੇ ਦੌਰਾਨ ਹੀ ਉੱਥੇ ਇੰਟਰਨੈਸ਼ਨਲ ਪੰਥਕ ਦਲ ਅਤੇ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਵੀ ਉਹਨਾਂ ਦੇ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਯਾਦਗਰੀ ਤਸਵੀਰਾਂ ਕਰਵਾਈਆਂ।



### ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਦੀ ਬੁੰਗਾ ਮਸਤੂਆਣਾ ਸਾਹਿਬ ਵਿਖੇ ਹੋਈ ਵਿਸ਼ਾਲ ਇਕੱਤਰਤਾ

# ਬਠਿੰਡਾ ਇਕਾਈ ਜਿਲਾ ਪ੍ਰਧਾਨ ਗੁਰਜੰਟ ਸਿੰਘ ਭਾਗੀਵਾਂਦਰ ਚੁਣੇ ਗਏ

ਤਲਵੰਡੀ ਸਾਬੋ, 11 ਅਗਸਤ (ਗੁਰਜੰਟ ਸਿੰਘ ਨਥੇਹਾ)- ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਪ੍ਰਧਾਨ ਬਾਬਾ ਹਜੂਰ ਦਾਸ ਭਗਤੂਆਣਾ ਦੇ ਸੱਦੇ 'ਤੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂ ਸਾਹਿਬਾਨ ਅਤੇ ਅੰਗਹੀਣਾਂ ਨੇ ਬੁੰਗਾ ਮਸਤੂਆਣਾ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਇੱਕ ਮੀਟਿੰਗ ਕੀਤੀ ਗਈ, ਜਿਸ ਵਿਚ ਵੱਡੀ ਗਿਣਤੀ ਵਿੱਚ ਆਗੂਆਂ ਨੇ ਪਹੁੰਚ ਕੇ ਅੰਗਹੀਣਾਂ ਨੂੰ ਆ ਰਹੀਆਂ ਮੁਸ਼ਿਕਲਾਂ ਅਤੇ ਪਰੇਸ਼ਾਨੀਆਂ ਨੂੰ ਸਾਂਝਾ ਕੀਤਾ। ਇਕੱਤਰਤਾ ਮੌਕੇ ਆਗੂਆਂ ਨੇ ਪਿਛਲੀਆਂ ਸਰਕਾਰਾਂ ਅਤੇ ਸੂਬਾ ਸਰਕਾਰ ਨੂੰ ਪਾਣੀ ਪੀ ਪੀ ਕੇ ਕੋਸਿਆ। ਆਗੂਆਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਂਗ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਵਾਂਗ ਵੀ ਅੰਗਹੀਣਾਂ ਨੂੰ ਨਿਤ ਦਿਨ ਮਰ ਮਰ ਕੇ ਦਿਨ ਲੰਘਾਉਣੇ ਪੈ ਰਹੇ ਹਨ, ਪਰੰਤੂ ਵੋਟਾਂ ਤੋਂ ਪਹਿਲਾਂ ਅੰਗਹੀਣਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਢਾਈ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਅੰਗਹੀਣਾਂ ਦੀਆਂ ਮੁਸ਼ਿਕਲਾਂ ਵੱਲ ਕੋਈ ਧਿਆਨ ਨਹੀਂ ਦਿੱਤਾ। ਇਸ ਕਰਕੇ ਅੰਗਹੀਣ ਸੜਕਾਂ 'ਤੇ ਰੁਲਣ ਲਈ ਮਜਬੂਰ ਹੋਏ ਪਏ ਹਨ। ਪੰਜਾਬ ਸਰਕਾਰ ਵੱਲੋਂ ਮਿਲ ਰਹੀ ਪੰਦਰਾਂ ਸੌ ਰੁਪਏ ਨਿਗੂਣੀ ਪੈਨਸ਼ਨ ਪਿਛਲੀਆਂ ਸਰਕਾਰਾਂ ਵੇਲੇ ਸਮੇਂ ਸਿਰ ਤਾਂ ਮਿਲ ਜਾਂਦੀ ਸੀ ਪਰ ਹੁਣ ਜਦੋਂ ਦੀ ਆਮ ਆਦਮੀ ਪਾਰਟੀ ਸਰਕਾਰ ਬਣੀ ਹੈ ਤਾਂ ਮਹੀਨੇ ਦੇ ਅਖੀਰਲੇ ਹਫਤੇ ਖਾਤਿਆਂ ਵਿੱਚ ਪੈ ਰਹੀ ਹੈ। ਜਿਸ ਨਾਲ ਅੰਗਹੀਣਾਂ ਨੂੰ ਬਹੁਤ ਹੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ। ਮੀਟਿੰਗ ਦੌਰਾਨ ਅੰਗਹੀਣਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਬਾਬਾ ਹਜੂਰ ਦਾਸ ਜੀ ਦੇ ਲਏ ਗਏ ਫੈਸਲੇ ਕਿ ਜੇਕਰ ਪੰਜਾਬ ਸਰਕਾਰ ਨੇ ਅਗਸਤ ਸਤੰਬਰ ਤੱਕ ਅੰਗਹੀਣਾਂ ਦੀਆਂ ਹੱਕੀ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕਰਨ ਦੇ ਫੈਸਲੇ ਦਾ ਡੱਟ ਕੇ ਸਮਰਥਨ ਕੀਤਾ ਜਾਵੇਗਾ। ਹੈਂਡੀਕੈਪਡ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਪੰਮਾ ਵੱਡੀ ਗਿਣਤੀ ਵਿੱਚ ਮਾਨਸਾ ਜ਼ਿਲ੍ਹੇ ਤੋਂ ਅੰਗਹੀਣ ਨਾਲ ਮੀਟਿੰਗ ਵਿੱਚ ਸ਼ਾਮਿਲ ਹੋਏ। ਸੂਬਾ ਸਕੱਤਰ ਰਣਧੀਰ ਸਿੰਘ ਜਗਾ ਰਾਮ ਤੀਰਥ ਨੇ ਆਏ ਹੋਏ ਵੱਖ-ਵੱਖ ਜਥੇਬੰਦੀਆਂ ਦੇ ਆਗੂ ਅਤੇ ਅੰਗਹੀਣਾਂ ਦਾ ਸਵਾਗਤ ਕੀਤਾ ਗਿਆ। ਮੀਟਿੰਗ ਮੌਕੇ ਸੂਬਾ ਪ੍ਰਧਾਨ ਬਾਬਾ ਹਜ਼ੂਰ ਦਾਸ ਜੀ ਨੇ ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਦੀ ਟੀਮ ਵਿੱਚ ਵਾਧਾ ਕਰਦੇ ਹੋਏ ਪੰਜਾਬ ਦਾ ਸੂਬਾ ਸਕੱਤਰ ਰਣਧੀਰ ਸਿੰਘ ਜਗਾ ਰਾਮ ਤੀਰਥ ਨੂੰ ਲਾਇਆ ਗਿਆ ਅਤੇ ਸੂਬਾ ਲੀਗਲ ਐਡਵਾਈਜ਼ਰ ਅਤੇ ਪ੍ਰੈਸ ਸਕੱਤਰ ਹਰਜਿੰਦਰ ਸਿੰਘ ਭੰਮਾ ਮਾਨਸਾ ਨੂੰ ਲਗਾਇਆ ਗਿਆ ਹੈ। ਇਸ ਮੌਕੇ ਮੀਟਿੰਗ ਦੌਰਾਨ ਸੰਯੁਕਤ ਦਿਵਿਆਂਗ ਮੋਰਚਾ ਪੰਜਾਬ ਦੀ ਬਠਿੰਡਾ ਇਕਾਈ ਦੀ ਚੋਣ ਕੀਤੀ ਗਈ। ਸਰਬ ਸੰਮਤੀ ਨਾਲ ਜਿਲਾ ਪ੍ਰਧਾਨ ਗੁਰਜੰਟ ਸਿੰਘ ਭਾਗੀਵਾਂਦਰ ਅਤੇ ਮੀਤ ਪ੍ਰਧਾਨ ਕਿਰਨ ਕੌਰ ਬਠਿੰਡਾ ਨੂੰ ਚੁਣਿਆ ਗਿਆ ਅਤੇ ਜਿਲਾ ਸਕੱਤਰ ਮੇਜਰ ਸਿੰਘ ਬਠਿੰਡਾ, ਵਿੱਤ ਸਕੱਤਰ ਨੰਬਰਦਾਰ ਤਰਸੇਮ ਸਿੰਘ ਬੱਲੂਆਣਾ, ਪ੍ਰੈਸ ਸਕੱਤਰ ਰੂਪ ਸਿੰਘ ਰਾਮਗੜ੍ਹ ਭੂੰਦੜ, ਸੀਨੀਅਰ ਐਡਵਾਈਜਰ ਵੈਦ ਮੁਖਤਿਆਰ ਸਿੰਘ ਤਲਵੰਡੀ ਸਾਬੋ ਨੂੰ ਬਣਾਇਆ ਗਿਆ। ਇਸਤੋਂ ਇਲਾਵਾ ਸੰਗਤ ਮੰਡੀ ਬਲਾਕ ਇਕਾਈ ਦੇ ਪ੍ਰਧਾਨ ਸੁੱਚਾ ਸਿੰਘ ਡੂੰਮਵਾਲੀ, ਸਕੱਤਰ ਹਰਜੀਤ ਸਿੰਘ ਰੁਲਦੂ ਸਿੰਘ ਵਾਲਾ, ਸੀਨੀਅਰ ਮੈਂਬਰ ਸੁਖਮੰਦਰ ਸਿੰਘ ਬਲਾਕ ਗੋਨਿਆਣਾ ਇਕਾਈ ਪ੍ਰਧਾਨ ਕਿਰਨ ਬਾਲਾ, ਸੀਨੀਅਰ ਮੈਂਬਰ ਹਰਬੰਸ ਸਿੰਘ ਖਿਆਲੀ ਵਾਲਾ, ਥਾਣਾ ਸਿੰਘ ਛੱਤੇਆਣਾ, ਸਵਰਨ ਕੌਰ ਜੀਦਾ ਚੁਣੇ ਗਏ। ਮੌੜ ਇਕਾਈ ਦੇ ਪ੍ਰਧਾਨ ਜੀਵਨ ਕੌਰ ਚਾਉਕੇ, ਸੀਨੀਅਰ ਮੈਂਬਰ ਸਾਧੂ ਸਿੰਘ ਯਾਤਰੀ, ਕਰਮ ਸਿੰਘ ਭੁੱਲਰ ਰਾਮ ਨਗਰ ਅਤੇ ਤਲਵੰਡੀ ਸਾਬੋ ਇਕਾਈ ਦੇ ਪ੍ਰਧਾਨ ਡਾਕਟਰ ਜਗਰੂਪ ਸਿੰਘ ਚੱਠਾ, ਸੀਨੀਅਰ ਮੈਂਬਰ ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਗੁਰਜੰਟ ਸਿੰਘ ਤਲਵੰਡੀ ਸਾਬੋ, ਤਾਰਾ ਸਿੰਘ ਲੇਲੇਵਾਲਾ, ਕੌਰ ਸਿੰਘ ਸ਼ੇਖਪੁਰਾ, ਬੂਟਾ ਸਿੰਘ ਸ਼ੇਖਪੁਰਾ, ਜਗਤਾਰ ਸਿੰਘ ਤੇ ਮਾਸ਼ਾ ਸਿੰਘ ਨਵਾਂ ਪਿੰਡ ਚੁਣੇ ਗਏ। ਇਸੇ ਦੌਰਾਨ ਆਖਰ 'ਚ ਇਕਾਈ ਬਠਿੰਡਾ ਦੇ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਭਾਗੀਵਾਂਦਰ ਨੇ ਵੱਖ-ਵੱਖ ਜਿਲ੍ਹਿਆਂ ਤੋਂ ਆਏ ਅੰਗਹੀਣ ਜਥੇਬੰਦੀਆਂ ਦੇ ਆਗੂਆਂ ਅਤੇ ਪਿੰਡਾਂ ਸ਼ਹਿਰਾਂ ਤੋਂ ਆਏ ਹੋਏ ਅੰਗਹੀਣ ਸਾਥੀਆਂ ਦਾ ਧੰਨਵਾਦ ਕੀਤਾ।



# ਹਾਦਸੇ ਦਾ ਸ਼ਿਕਾਰ ਹੋਏ ਭਾਈ ਸੁਖਵਿੰਦਰ ਸਿੰਘ ਦਾ ਸਾਥੀਆਂ ਨੇ ਜਾਣਿਆ ਹਾਲ



ਫ਼ਿਰੋਜ਼ਪੁਰ, 12 ਅਗਸਤ (ਮਨੋਹਰ ਲਾਲ) :— ਜਾਕੋ ਰਾਖੇ ਸਾਈਆ ਮਾਰ ਸਕੇ ਨਾ ਕੋਏ, ਇਹ ਗੱਲ ਬਿਲਕੁਲ ਸੱਚ ਸਾਬਤ ਹੋਈ, ਦੋ ਦਿਨ ਪਹਿਲਾਂ ਭਾਈ ਸੁਖਵਿੰਦਰ ਸਿੰਘ ਲੋਹਗੜ੍ਹ ਜ਼ਿਲ੍ਹਾ ਜਨਰਲ ਸਕੱਤਰ ਏਕ ਨੂਰ ਖਾਲਸਾ ਫੌਜ਼ ਫ਼ਿਰੋਜ਼ਪੁਰ ਨਾਲ ਵਾਪਰੀ ਘਟਨਾ ਨੇ ਸੱਚ ਸਾਬਤ ਕਰ ਦਿਖਾਇਆ ਹੈ ਕਿ ਜਿਸ ਦੇ ਸਿਰ ਤੇ ਪ੍ਰਮਾਤਮਾ ਵਾਹਿਗੁਰੂ ਦਾ ਹੱਥ ਹੋਵੇ ਉਸ ਦਾ ਕਦੇ ਕੋਈ ਕੁਝ ਨਹੀਂ ਵਿਗੜਦਾ। ਭਾਈ ਸੁਖਵਿੰਦਰ ਸਿੰਘ ਪਿਛਲੇ ਦਿਨੀਂ ਪਿੰਡ ਲੋਹਗੜ੍ਹ ਆਪਣੇ ਪਿੰਡ ਤੋਂ ਕਿਸੇ ਕੰਮ ਕੁਲਗੜ੍ਹੀ ਜਾ ਰਿਹਾ ਸੀ ਕਿ ਅਚਾਨਕ ਪਿਛੋਂ ਆਉਂਦੀ ਗੱਡੀ ਨੇ ਭਾਈ ਸੁਖਵਿੰਦਰ ਸਿੰਘ ਨੂੰ ਐਨੇ ਜ਼ੋਰ ਦੀ ਟੱਕਰ ਮਾਰੀ ਕਿ ਸੁਖਵਿੰਦਰ ਸਿੰਘ ਕਾਫੀ ਦੂਰ ਸੜਕ ਦੇ ਵਿਚਕਾਰ ਜਾ ਡਿੱਗਿਆ, ਜਿਸ ਨਾਲ ਭਾਈ ਸੁਖਵਿੰਦਰ ਸਿੰਘ ਦੀ ਸੱਜੀ ਲੱਤ ਦੋ ਥਾਵਾਂ ਤੋਂ ਫੈਕਚਰ ਹੋ ਗਈ, ਜਿਸ ਦਾ ਇਲਾਜ ਬਾਗੀ ਹਸਪਤਾਲ ਫ਼ਿਰੋਜ਼ਪੁਰ ਵਿਚ ਚੱਲ ਰਿਹਾ ਹੈ। ਭਾਈ ਸੁਖਵਿੰਦਰ ਸਿੰਘ ਦਾ ਪਤਾ ਲੈਣ ਭਾਈ ਹਿੰਮਤ ਸਿੰਘ ਖਾਲਸਾ ਸ਼ਕੂਰ ਤੇ ਭਾਈ ਗੁਰਦੇਵ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਭਾਈ ਲਖਬੀਰ ਸਿੰਘ ਜ਼ਿਲ੍ਹਾ ਪ੍ਰਧਾਨ, ਭਾਈ ਰਣਧੀਰ ਸਿੰਘ ਮੀਤ ਪ੍ਰਧਾਨ, ਭਾਈ ਨਿਰਮਲ ਸਿੰਘ ਗੱਟਾ ਬਾਦਸ਼ਾਹ, ਦਰਸ਼ਨ ਸਿੰਘ ਲੋਹਕਾ, ਭਾਈ ਹਰਜਿੰਦਰ ਸਿੰਘ, ਅਮਰੀਕ ਸਿੰਘ ਗੋਰਾ ਪ੍ਰੈਸ ਸਕੱਤਰ, ਭਾਈ ਸੁਖਵਿੰਦਰ ਸਿੰਘ ਨੇ ਗੱਲਬਾ ਕਰਦਿਆਂ ਕਿਹਾ ਕਿ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਸ਼ੁਕਰ ਹੈ ਉਸ ਰੱਬ ਦਾ ਜਿਸ ਨੇ ਹੱਥ ਦੇ ਕੇ ਰੱਖਿਆ, ਉਨ੍ਹਾਂ ਕਿਹਾ ਕਿ ਸਿਰ ਦਸਤਾਰ ਦੀ ਵਜਾ ਕਰਕੇ ਬੱਚ ਗਿਆ, ਅੱਖ ਦੇ ਕੋਲ ਮਾਮੂਲੀ ਸੱਟ ਵੱਜੀ ਹੈ। ਅਰਦਾਸ ਕਰਦੇ ਹਾਂ ਭਾਈ ਸੁਖਵਿੰਦਰ ਸਿੰਘ ਜਲਦੀ ਸਿਹਤਮੰਦ ਹੋ ਕੇ ਜਥੇਬੰਦੀ ਵਿਚ ਰਹਿ ਕੇ ਸਿੱਖ ਕੌਮ ਦੀ ਸੇਵਾ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਮਾਣੂੰਕੇ ਵਿਖੇ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਧੂਮ ਧਾਮ ਨਾਲ ਮਨਾਇਆ

# ਸੋਨੀ ਜਿਊਲਰਜ ਮਾਣੂੰਕੇ ਵੱਲੋਂ ਦਿੱਤੇ ਗਏ 13 ਸਿਲਵਰ ਜਿਊਲਰੀ ਸ਼ਾਨਦਾਰ ਗਿਫ਼ਟ : ਮੈਡਮ ਰਿੰਪੀ ਵਰਮਾ









**ਜਗਰਾਉਂ (ਵਰਿਆਮ ਹਠੂਰ)**-ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਮਾਣੂੰਕੇ ਵਿਖੇ ਸੋਨੀ ਜਿਊਲਰਜ ਵੱਲੋਂ ਮੈਡਮ ਰਿੰਪੀ ਵਰਮਾ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ, ਇਸ ਮੌਕੇ ਪਿੰਡ ਮਾਣੂੰਕੇ ਦੇ ਨਾਲ-ਨਾਲ ਆਸ ਪਾਸ ਦੇ ਪਿੰਡਾਂ ਤੋਂ ਪਹੁੰਚੀਆਂ ਧੀਆਂ ਭੈਣਾਂ ਨੇ ਰੱਖੇ ਹੋਏ ਪ੍ਰੋਗਰਾਮ ਨੂੰ ਚਾਰ ਚੰਨ ਲਾ ਦਿੱਤੇ, ਸੋਨੀ ਜਿਊਲਰਜ ਮਾਣੂੰਕੇ ਵੱਲੋਂ ਮੈਡਮ ਰਿੰਪੀ ਵਰਮਾ ਅਤੇ ਸੋਨੀ ਵਰਮਾ ਨੇ ਸਾਰੀਆਂ ਸਤਿਕਾਰਯੋਗ ਧੀਆਂ ਭੈਣਾਂ ਨੂੰ ਜੀ ਆਇਆਂ ਆਖਿਆ, ਇਕੱਤਰ ਹੋਈਆਂ ਧੀਆਂ ਭੈਣਾਂ ਨੇ ਫੁਲਕਾਰੀ ਤਾਣ ਕੇ ਗੀਤ ਗਾਉਂਦੇ ਹੋਏ ਸਤਿਕਾਰਯੋਗ ਤੇ ਮਾਣਮੱਤੀ ਸਖ਼ਸੀਅਤਾਂ ਸੋਨੀ ਜਿਊਲਰਜ ਤੋਂ ਮੈਡਮ ਰਿੰਪੀ ਵਰਮਾ ਅਤੇ ਮੈਡਮ ਗੁਰਪ੍ਰੀਤ ਕੌਰ ਦੀਵਾਨਾ ਪਤਨੀ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਕੀਤਾ, ਰੀਬਨ ਕੱਟਣ ਦੀ ਰਸਮ ਤੋਂ ਬਾਅਦ ਇਕੱਤਰ ਹੋਈਆਂ ਧੀਆਂ ਭੈਣਾਂ ਮਾਤਾਵਾਂ ਅਤੇ ਬੱਚੇ ਬੱਚੀਆਂ ਨੇ ਗਿੱਧਾ ਅਤੇ ਬੋਲੀਆਂ ਪਾ ਕੇ ਖ਼ੂਬ ਰੌਣਕਾਂ ਲਾਈਆਂ, ਪੰਜਾਬੀ ਸਭਿਆਚਾਰਕ ਗੀਤ, ਨੋਕ ਝੋਕ, ਨਣਦ ਭਰਜਾਈ ਦੀਆਂ ਆਪਸੀ ਸਾਂਝਾਂ ਅਤੇ ਹੋਰ ਬਹੁਤ ਸਾਰੀ ਦਿਲ ਖਿੱਚਵੀਂ ਐਕਟੀਵਿਟੀ ਦੀ ਸ਼ਾਨਦਾਰ ਪੇਸ਼ਕਾਰੀ ਖਿੱਚ ਦਾ ਕੇਂਦਰ ਬਣੀ ਰਹੀ, ਅਤੇ ਪੁਰਾਤਨ ਸਭਿਆਚਾਰ ਨਾਲ ਸਬੰਧਤ ਪ੍ਰਬੰਧਕਾਂ ਵੱਲੋਂ ਪ੍ਰਸ਼ਨ ਪੁੱਛੇ ਵੀ ਗਏ ਤੇ ਸਹੀ ਜਵਾਬ ਦੇਣ ਵਾਲੀਆਂ ਧੀਆਂ ਭੈਣਾਂ ਨੂੰ ਗਿਫ਼ਟ ਦਿੱਤੇ ਗਏ, ਜਿੱਥੇ ਝੂਟਣ ਲਈ ਸਜਾਵਟੀ ਪੀਂਘ ਦਾ ਪ੍ਰਬੰਧ ਕੀਤਾ ਗਿਆ ਉੱਥੇ ਮਹਿੰਦੀ ਲਗਾਉਣ ਦੇ ਵੀ ਖ਼ਾਸ ਪ੍ਰਬੰਧ ਨਜ਼ਰੀਂ ਆਏ, ਚਲਦੇ ਪ੍ਰੋਗਰਾਮ ਵਿੱਚ ਸੋਨੀ ਜਿਊਲਰਜ ਮਾਣੂੰਕੇ ਵਾਲਿਆਂ ਵੱਲੋਂ ਸੋਨੀ ਜਿਊਲਰਜ ਤੋਂ ਸੋਨੇ ਚਾਂਦੀ ਦੇ ਗਹਿਣਿਆਂ ਦੀ ਖ਼ਰੀਦਦਾਰੀ ਕਰਨ ਵਾਲੇ ਗਾਹਕਾਂ ਲਈ ਲੱਕੀ ਡਰਾਅ ਕੱਢਿਆ ਗਿਆ ਤੇ ਜਿੱਤਣ ਵਾਲਿਆਂ ਨੂੰ ਤਾੜੀਆਂ ਦੀ ਗੂੰਜ ਵਿੱਚ ਸਿਲਵਰ ਜਿਊਲਰੀ ਦੇ 10 ਸ਼ਾਨਦਾਰ ਗਿਫ਼ਟ ਦਿੱਤੇ ਗਏ, ਤੇ ਤਿੰਨ ਹੋਰ ਸਰਪ੍ਰਾਇਜ਼ ਗਿਫ਼ਟ ਵੀ ਦਿੱਤੇ ਗਏ, ਇਕੱਤਰ ਹੋਈਆਂ ਧੀਆਂ ਭੈਣਾਂ ਨੇ ਖ਼ੂਬ ਮਨੋਰੰਜਨ ਕੀਤਾ ਤੇ ਸੋਨੀ ਜਿਊਲਰਜ ਮਾਣੂੰਕੇ ਵੱਲੋਂ ਤੀਆਂ ਦਾ ਤਿਉਹਾਰ ਅੱਗੇ ਹੋ ਕੇ ਅਤੇ ਅੱਛੇ ਪ੍ਰਬੰਧ ਕਰਕੇ ਮਨਾਉਣ ਲਈ ਸ਼ਲਾਘਾ ਕੀਤੀ, ਸੋਨੀ ਜਿਊਲਰਜ ਮਾਣੂੰਕੇ ਵੱਲੋਂ ਤੀਆਂ ਦੇ ਤਿਉਹਾਰ ਤੇ ਇਕੱਤਰ ਹੋਈਆਂ ਧੀਆਂ ਭੈਣਾਂ ਵਾਸਤੇ ਚਾਹ ਪਕੌੜਿਆਂ ਅਤੇ ਕੋਲਡਰਿੰਕ ਸਮੇਤ ਹੋਰ ਖਾਣ ਪੀਣ ਵਾਲੀਆਂ ਵਸਤੂਆਂ ਦੇ ਖ਼ਾਸ ਪ੍ਰਬੰਧ ਕਰਕੇ ਚੰਗੀ ਮਹਿਮਾਨ ਨਿਵਾਜੀ ਕੀਤੀ, ਅੰਤ ਵਿੱਚ ਸੋਨੀ ਜਿਊਲਰਜ ਤੋਂ ਮੈਡਮ ਰਿੰਪੀ ਵਰਮਾ ਮਾਣੂੰਕੇ ਅਤੇ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਤੋਂ ਮੈਡਮ ਗੁਰਪ੍ਰੀਤ ਕੌਰ ਪਤਨੀ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਸਾਰੀਆਂ ਸਤਿਕਾਰਯੋਗ ਧੀਆਂ ਭੈਣਾਂ ਮਾਤਾਵਾਂ ਦਾ ਤੀਆਂ ਦੇ ਤਿਉਹਾਰ ਵਿੱਚ ਸ਼ਾਮਲ ਹੋਣ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਤੇ ਅੰਤ ਵਿੱਚ ਇਹ ਤੀਆਂ ਦਾ ਤਿਉਹਾਰ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਇਸ ਮੌਕੇ ਸੋਨੀ ਜਿਊਲਰਜ ਤੋਂ ਸੋਨੀ ਵਰਮਾ, ਮੈਡਮ ਰਿੰਪੀ ਵਰਮਾ, ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਮੈਡਮ ਗੁਰਪ੍ਰੀਤ ਕੌਰ ਦੀਵਾਨਾ, ਨੂਰ ਖ਼ਾਨ, ਰਾਮ ਰਤਨ, ਗੁਰਪ੍ਰੀਤ ਵਰਮਾ, ਬਿੱਲਾ ਦੇਹੜਕਾ, ਬਾਲੀ ਗਰਗ, ਮੋਲਕ ਦੇਹੜਕਾ, ਅਮਨ ਮਾਣੂੰਕੇ, ਸਤਨਾਮ ਸਿੰਘ ਸੱਤੀ, ਜਸਪਾਲ ਸਿੰਘ ਫੌਜੀ, ਬੰਟੀ ਜਗਰਾਉਂ, ਸਮੇਤ ਵੱਡੀ ਗਿਣਤੀ ਵਿੱਚ ਧੀਆਂ ਭੈਣਾਂ ਮਾਤਾਵਾਂ ਅਤੇ ਬੱਚੀਆਂ ਹਾਜ਼ਰ ਸਨ।

### ਕ੍ਰਾਂਤੀਕਾਰੀ ਲੋਕ ਚੇਤਨਾ ਮੰਚ (ਰਜਿ:) ਭਾਰਤ ਦਾ ਪੰਜਾਬ ਦੇ

# ਹਰ ਬਲਾਕ ਅੰਦਰ ਵਿਸਥਾਰ ਕੀਤਾ ਜਾਵੇਗਾ-ਵਿੱਕੀ ਪਰੋਚਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਮੁੱਖ ਦਫਤਰ ਸੰਗਰੂਰ ਬਾਈਪਾਸ ਧੂਰੀ ਵਿਖੇ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ ਦੀ ਅਗਵਾਈ ਵਿੱਚ ਇੱਕ ਅਹਿਮ ਮੀਟਿੰਗ ਕੀਤੀ ਗਈ। ਵਿੱਕੀ ਪਰੋਚਾ ਧੂਰੀ ਨੇ ਬੋਲਦਿਆਂ ਕਿਹਾ ਕਿ ਪੰਜਾਬ ਅੰਦਰ ਗਰੀਬ ਲੋਕਾਂ ਨਾਲ ਦਿਨ ਪ੍ਰਤੀ ਦਿਨ ਅੱਤਿਆਚਾਰ ਵੱਧਦੇ ਜਾ ਰਹੇ ਹਨ ਉਹਨਾਂ ਦੇ ਹੱਕ ਮਾਰੇ ਜਾ ਰਹੇ ਹਨ ਇਸ ਨੂੰ ਰੋਕਣ ਲਈ ਜਥੇਬੰਦੀ ਨੂੰ ਪੰਜਾਬ ਅੰਦਰ ਬਲਾਕ ਪੱਧਰ ਤੇ ਮਜਬੂਤ ਕਰਨ ਲਈ ਆਉਣ ਵਾਲੇ ਸਮੇਂ ਵਿੱਚ ਹਰ ਬਲਾਕ ਅੰਦਰ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਜਥੇਬੰਦੀ ਵਿੱਚ ਹੋਰ ਨਵੇਂ ਮੈਂਬਰ ਸ਼ਾਮਿਲ ਕੀਤੇ ਜਾਣਗੇ ।ਇਸ ਮੌਕੇ ਬਾਬਾ ਜੀਵਨ ਸਿੰਘ (ਭਾਈ ਜੈਤਾ) ਜੀ ਦੇ ਜਨਮ ਦਿਹਾੜੇ ਦੀ ਪੰਜਾਬ ਸਰਕਾਰ ਤੋਂ ਗਜ਼ਿਟਡ ਛੁੱਟੀ ਦੀ ਮੰਗ ਕੀਤੀ ਗਈ। ਬਾਬਾ ਜੀਵਨ ਸਿੰਘ ਜੀ ਨੇ ਆਪਣਾ ਪੂਰਾ ਪਰਿਵਾਰ ਸਿੱਖ ਧਰਮ ਲਈ ਕੁਰਬਾਨ ਕਰ ਦਿੱਤਾ,ਉਹਨਾਂ ਦੀ ਮਹਾਨ ਕੁਰਬਾਨੀ ਨੂੰ ਭੁਲਾਇਆ ਨਹੀਂ ਜਾ ਸਕਦਾ।ਸੰਗਰੂਰ ਵਿਖੇ ਛੇਤੀ ਹੀ ਐਕਸ਼ਨ ਕਮੇਟੀ ਪੰਜਾਬ ਦੀ ਮੀਟਿੰਗ ਰੱਖੀ ਜਾਵੇਗੀ ਜਿਸ ਵਿੱਚ ਪੰਜਾਬ ਦੀਆਂ ਸਮੂਹ ਜਥੇਬੰਦੀਆਂ ਦੇ ਆਗੂ ਪਹੁੰਚਣਗੇ ।ਇਸ ਮੌਕੇ ਲੈਫਟੀਨੈਂਟ ਦਰਸ਼ਨ ਸਿੰਘ, ਅਜੇ ਕੁਮਾਰ ਐਮ ਸੀ,ਆਵਾ ਸਿੰਘ ਜ਼ਿਲ੍ਹਾ ਪ੍ਰਧਾਨ ਸੰਗਰੂਰ, ਰਵਿੰਦਰ ਰਾਜਨ ਪ੍ਰਧਾਨ ਵਾਲਮੀਕਿ ਸਰੋਵਰ ਸੰਗਰੂਰ,ਸਕਤੀਜੀਤ ਸਿੰਘ, ਰਾਹੁਲ ਕਾਂਗੜਾ (ਮੁੰਨਾ), ਰਜਿੰਦਰ ਕੁਮਾਰ, ਗੱਬਰ ਵਿੱਕੀ, ਹੈਪੀ, ਰੌਕੀ, ਆਕਾਸ਼,ਦੀਪੂ, ਟਿੰਕੂ, ਵਿਕਾਸ, ਲਾਡੀ ਅਤੇ ਹੋਰ ਮੈਂਬਰ ਹਾਜਰ ਸਨ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਵਿਦਿਆਰਥੀਆਂ ਨੇ ਚਮਕਾਇਆ ਬਾਸਕਟਬਾਲ ਦੇ ਹੋਏ ਮੁਕਾਬਲਿਆਂ ਵਿੱਚ ਨਾਮ

# ਜੇਤੂ ਟੀਮਾਂ ਨੂੰ ਬਹੁਤ ਬਹੁਤ ਮੁਬਾਰਕਾਂ : ਪ੍ਰਧਾਨ ਚਰਨ ਸਿੰਘ



ਬਿਲਾਸਪੁਰ/ਮੋਗਾ –(ਵਰਿਆਮ ਹਠੂਰ) ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਪੰਜਾਬ ਸਕੂਲਾਂ ਦੇ ਚੱਲ ਰਹੇ ਜੋਨਲ ਮੁਕਾਬਲੇ ਕਰਵਾਏ ਗਏ ।ਇਹ ਮੁਕਾਬਲੇ ਬਾਸਕਟਬਾਲ ਖੇਡਾਂ ਦੇ ਕਰਵਾਏ ਗਏ। ਜਿਸ ਵਿੱਚ ਟੀਮਾਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ, ਜਿਸ ਵਿੱਚ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ (ਮੀਰੀ ਪੀਰੀ) ਕੁੱਸਾ ਅਤੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੀਆਂ ਅੰਡਰ 14 ਲੜਕੀਆਂ, ਅੰਡਰ 17 ਲੜਕੀਆਂ, ਅੰਡਰ 19 ਲੜਕੀਆਂ, ਅੰਡਰ 17 ਲੜਕੇ, ਅੰਡਰ 19 ਲੜਕਿਆਂ ਨੇ ਭਾਗ ਲਿਆ। ਜਿਸ ਵਿੱਚ ਸੁਪਰੀਮ ਕੌਨਵੈਂਟ ਬਿਲਾਸਪੁਰ ਦੀਆਂ ਅੰਡਰ 14, ਅੰਡਰ 17 ਅਤੇ 19 ਲੜਕੀਆਂ ਨੇ ਪਹਿਲਾ ਦਰਜਾ ਹਾਸਿਲ ਕੀਤਾ ਅਤੇ ਅੰਡਰ 17, ਅੰਡਰ 19 ਮੀਰੀ ਪੀਰੀ ਕੁੱਸਾ ਸਕੂਲ ਦੇ ਖਿਡਾਰੀਆਂ ਨੇ ਜਿੱਤ ਦਰਜ ਕੀਤੀ। ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾਂ ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਅ ਅਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਬੱਚਿਆਂ ਨਾਲ ਜਾਣ ਪਹਿਚਾਣ ਕੀਤੀ ਅਤੇ ਬੱਚਿਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਤੇ ਜੇਤੂ ਟੀਮਾਂ ਨੂੰ ਮੁਬਾਰਕਾਂ ਦਿੱਤੀਆਂ।

### ਨੌਜਵਾਨ ਗੱਭਰੂ ਨਸ਼ਿਆਂ ਤੋਂ ਦੂਰ ਰਹਿਣ ਅਤੇ

# ਖੇਡਾਂ ਨਾਲ ਜੁੜਕੇ ਤਰੱਕੀਆਂ ਕਰਨ : ਪ੍ਰਧਾਨ ਚਰਨ ਸਿੰਘ



**ਮੋਗਾ -(ਵਰਿਆਮ ਹਠੂਰ)** -ਮਾਨਸਿਕ ਅਤੇ ਸਰੀਰਕ ਵਿਕਾਸ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਖੇਡਾਂ ਖੇਡਣ ਨਾਲ ਜਿੱਥੇ ਸਾਡੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੁੰਦਾ ਹੈ। ਉੱਥੇ ਖਿਡਾਰੀ ਖੇਡਾਂ ਵਿੱਚ ਚੰਗੀਆਂ ਉੱਚ ਪੱਧਰੀ ਪੁਜੀਸ਼ਨਾਂ ਹਾਸਲ ਕਰਕੇ ਅਤੇ ਸਨਮਾਨ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ, ਕਾਲਜ ਅਤੇ ਪੰਜਾਬ ਦਾ ਵੀ ਨਾਮ ਰੌਸ਼ਨ ਕਰਦੇ ਹਨ। ਇਸ ਲਈ ਚੰਗੀ ਵਿੱਦਿਆ ਦੇ ਨਾਲ ਨਾਲ ਨੌਜਵਾਨਾਂ ਨੂੰ ਖੇਡਾਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਗਰਾਊਂਡਾਂ ਨਾਲ ਜੁੜਕੇ ਚੰਗੀ ਮਿਹਨਤ ਕਰਨ ਤੇ ਖੇਡ ਮੁਕਾਬਲਿਆਂ ਲਈ ਆਪਣੇ ਆਪ ਨੂੰ ਕਾਬਲ ਬਣਾਉਣ ਤੇ ਵੱਖ ਵੱਖ ਥਾਵਾਂ ਤੇ ਖੇਡ ਮੁਕਾਬਲਿਆਂ ਵਿੱਚ ਮਾਨ ਸਨਮਾਨ ਹਾਸਲ ਕਰਨ ਤਾਂ ਜ਼ੋ ਤੁਹਾਡੇ ਮਾਪੇ ਵੀ ਤੁਹਾਡੇ ਤੇ ਮਾਣ ਕਰਨ, ਪ੍ਰਧਾਨ ਚਰਨ ਸਿੰਘ ਨੇ ਅੱਗੇ ਕਿਹਾ ਕਿ ਪੰਜਾਬ ਦੇ ਨੌਜਵਾਨ ਗਲਤ ਸੰਗਤ ਵਿੱਚ ਜਾਂ ਨਸ਼ਿਆਂ ਦੀ ਲਪੇਟ ਵਿੱਚ ਆਉਣ ਤੋਂ ਬਚਣ, ਉਨ੍ਹਾਂ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਘਾਤਕ ਨਸ਼ਿਆਂ ਦੀ ਦਲਦਲ ਵਿੱਚ ਫਸਣ ਤੋਂ ਆਪਣੇ ਆਪ ਨੂੰ ਬਚਾਉਣ, ਤੇ ਨਸ਼ਿਆਂ ਤੋਂ ਦੂਰੀਆਂ ਬਣਾ ਕੇ ਰੱਖਣ, ਨਸ਼ਿਆਂ ਦੇ ਨਾਲ ਜਿੱਥੇ ਇਨਸਾਨ ਦਾ ਪੈਸਾ ਬਰਬਾਦ ਹੁੰਦਾ ਹੈ। ਉੱਥੇ ਨਸ਼ਿਆਂ ਕਾਰਨ ਇਨਸਾਨ ਸਮਾਜ ਵਿੱਚ ਵੀ ਆਪਣੀ ਕਦਰ ਘਟਾ ਬੈਠਦਾ ਹੈ। ਇਸ ਲਈ ਖੇਡ ਗਰਾਊਂਡਾਂ ਨਾਲ ਜੁੜਨਾ ਅਤੇ ਮਿਹਨਤ ਕਰਨਾ ਸਮੇਂ ਦੀ ਮੁੱਖ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੀ ਹੈ ਡੋਪ ਟੈਸਟ ?

ਆਧੁਨਿਕ ਸਮਾਜਿਕ ਯੁੱਗ ਵਿੱਚ ਮੁਕਾਬਲੇਬਾਜ਼ੀ ਦਾ ਚਲਨ ਪੁਰਾਤਨ ਸਮਿਆਂ ਨਾਲੋਂ ਜ਼ਿਆਦਾ ਪ੍ਰਚਲਿਤ ਹੋਇਆ ਹੈ ਜਿੱਥੇ ਸ਼੍ਰੇਸ਼ਠਤਾ ਨੂੰ ਵੱਡੇ ਪੱਧਰ 'ਤੇ ਮਾਣ ਸਤਿਕਾਰ ਅਤੇ ਵਿੱਤੀ ਇਨਾਮ ਮਿਲਦਾ ਹੈ, ਜਿਸ ਨਾਲ ਮਾਲੀ ਫਾਇਦੇ ਦੇ ਨਾਲ-ਨਾਲ ਨਾਮ ਅਤੇ ਖਿਆਤੀ ਦਾ ਵੀ ਵੱਡਾ ਹਿੱਸਾ ਹੁੰਦਾ ਹੈ। ਇਸ ਪ੍ਰਕਾਰ ਦੇ ਹਾਲਾਤਾਂ ਵਿੱਚ ਜਿੱਥੇ ਇਕ ਜਿੱਤ ਵਿਸ਼ਵ ਪੱਧਰ ਤੇ ਨਾਮ ਚਮਕਾਉਣ ਨੂੰ ਯਕੀਨੀ ਬਣਾਉਂਦੀ ਹੈ, ਇਹ ਭਾਵਨਾ ਕਾਮਯਾਬੀ ਦੇ ਛੋਟੇ ਰਾਹ ਲੈਣ ਦਾ ਲਾਲਚ ਵੀ ਵਧਾਉਂਦੀ ਰਹੀ ਹੈ। ਇਸ ਲਈ ਖੇਡਾਂ ਅਤੇ ਸਰਕਾਰੀ ਸੇਵਾਵਾਂ ਦੇ ਖੇਤਰਾਂ ਵਿੱਚ, ਪ੍ਰਤੀਬੰਧਿਤ ਕੀਤੇ ਗਏ ਪਦਾਰਥਾਂ ਜਾਂ ਪ੍ਰਦਰਸ਼ਨ ਵਧਾਉਣ ਵਾਲੀਆਂ ਦਵਾਈਆਂ ਦੀ ਵਰਤੋਂ ਨਾ ਸਿਰਫ ਅਨੈਤਿਕ ਹੈ, ਸਗੋਂ ਇਸਨੂੰ ਖ਼ਤਰਨਾਕ ਅਤੇ ਸੰਭਵਤ: ਅਪਰਾਧਿਕ ਗਤੀਵਿਧੀ ਵੀ ਬਣਾਉਂਦੀ ਹੈ। ਇੱਕ ਵਿਗਿਆਨਕ ਤੌਰ 'ਤੇ ਡਿਜ਼ਾਇਨ ਕੀਤਾ ਗਿਆ ਡੋਪ ਟੈਸਟ ਨਿਆਂ, ਸਿਹਤ ਅਤੇ ਸੰਸਥਾਗਤ ਇਮਾਨਦਾਰੀ ਨੂੰ ਬਚਾਉਣ ਵਿੱਚ ਇੱਕ ਮਹੱਤਵਪੂਰਣ ਚੈਕਪੋਇੰਟ ਦੇ ਤੌਰ 'ਤੇ ਖੜਾ ਹੈ।

**ਡੋਪ ਟੈਸਟ ਕੀ ਹੈ ?**

ਡੋਪ ਟੈਸਟ, ਜਿਸਨੂੰ ਦਵਾਈ ਟੈਸਟਿੰਗ ਜਾਂ ਐਂਟੀ-ਡੋਪਿੰਗ ਟੈਸਟ ਵੀ ਕਿਹਾ ਜਾਂਦਾ ਹੈ, ਇੱਕ ਜੀਵ ਰਸਾਇਣਕ ਪ੍ਰਕਿਰਿਆ ਹੈ ਜੋ ਸਰੀਰ ਵਿੱਚ ਪ੍ਰਤੀਬੰਧਿਤ ਕੀਤੇ ਗਏ ਪਦਾਰਥਾਂ ਦੀ ਮੌਜੂਦਗੀ ਦਾ ਪਤਾ ਲਗਾਉਂਦੀ ਹੈ। ਇਹ ਟੈਸਟ ਨਿਯੰਤਰਿਤ ਹਾਲਾਤਾਂ ਵਿੱਚ ਕੀਤੇ ਜਾਂਦੇ ਹਨ ਅਤੇ ਇਹਨਾਂ ਲਈ ਮੂਤਰ, ਖ਼ੂਨ ਜਾਂ ਲਾਰ ਦੀਆਂ ਨਮੂਨੇ ਦੀ ਲੋੜ ਹੁੰਦੀ ਹੈ।ਡੋਪ ਟੈਸਟ ਐਨਾਬੋਲਿਕ ਸਟੀਰਾਇਡ, ਉਤੇਜਕ ਦਵਾਈਆਂ, ਹਾਰਮੋਨ ਵਧਾਉਣ ਵਾਲੀਆਂ ਦਵਾਈਆਂ ਅਤੇ ਨਾਰਕੋਟਿਕਸ ਨੂੰ ਪਛਾਣ ਸਕਦੇ ਹਨ ਜੋ ਪ੍ਰਦਰਸ਼ਨ ਨੂੰ ਵਧਾਉਂਦੇ ਹਨ ਜਾਂ ਸ਼ਾਮਲ ਵਿਅਕਤੀ ਦੀਆਂ ਭਾਵਨਾਵਾਂ ਅਤੇ ਮਨੋਵਿਗਿਆਨਕ ਹਾਲਤਾਂ ਨੂੰ ਬਦਲਦੇ ਹਨ।

ਡੋਪ ਟੈਸਟ ਕੱਟਿੰਗ-ਏਜ ਤਕਨੀਕ ਜਿਵੇਂ ਕਿ ਗੈਸ ਕ੍ਰੋਮੈਟੋਗ੍ਰਾਫੀ-ਮਾਸ ਸਪੈਕਟ੍ਰੋਮੀਟਰੀ ਅਤੇ ਲਿਕਵਿਡ ਕ੍ਰੋਮੈਟੋਗ੍ਰਾਫੀ-ਮਾਸ ਸਪੈਕਟ੍ਰੋਮੀਟਰੀ ਦੀ ਵਰਤੋਂ ਕਰਦਾ ਹੈ ਤਾਂ ਜੋ ਰੋਕੀ ਗਈ ਪਦਾਰਥਾਂ ਦੇ ਹਲਕੇ ਨਿਸ਼ਾਨਾਂ ਦਾ ਪਤਾ ਲਗਾਇਆ ਜਾ ਸਕੇ ਅਤੇ ਇਹਨਾਂ ਦੀ ਸਹੀ ਪਛਾਣ ਕੀਤੀ ਜਾ ਸਕੇ। ਅੰਤਰਰਾਸ਼ਟਰੀ ਏਜੰਸੀਆਂ ਜਿਵੇਂ ਕਿ WADA (ਵਿਸ਼ਵ ਐਂਟੀ-ਡੋਪਿੰਗ ਏਜੰਸੀ) ਅਤੇ ਰਾਸ਼ਟਰੀ ਸੰਸਥਾਵਾਂ ਜਿਵੇਂ ਕਿ ©141 (ਰਾਸ਼ਟਰਲੀ ਐਂਟੀ-ਡੋਪਿੰਗ ਏਜੰਸੀ) ਇਨ੍ਹਾਂ ਮਿਆਰਾਂ ਦੀ ਨਿਗਰਾਨੀ ਕਰਦੀਆਂ ਹਨ।

**ਇਹ ਕਿਉਂ ਮਹੱਤਵਪੂਰਣ ਹੈ ?**

☛ ਖੇਡਾਂ ਵਿੱਚ ਨਿਆਂ ਯਕੀਨੀ ਬਣਾਉਣਾ

ਜਿਹੜੇ ਖਿਡਾਰੀ ਪ੍ਰਦਰਸ਼ਨ ਵਧਾਉਣ ਵਾਲੀਆਂ ਦਵਾਈਆਂ ਦੀ ਵਰਤੋਂ ਕਰਦੇ ਹਨ, ਉਹ ਖੇਡਾਂ ਅਤੇ ਮੁਕਾਬਲੇਬਾਜ਼ੀ ਦੀ ਮੂਲ ਭਾਵਨਾ ਨੂੰ ਖ਼ਤਮ ਕਰਦੇ ਹਨ। ਡੋਪ ਟੈਸਟ ਇੱਕ ਸਮਾਨ ਖੇਡ ਦੇ ਮੈਦਾਨ ਨੂੰ ਯਕੀਨੀ ਬਣਾਉਂਦੇ ਹਨ ਕਿ ਜਿੱਤ ਕਠੋਰ ਮਿਹਨਤ ਨਾਲ ਪ੍ਰਾਪਤ ਕੀਤੀ ਜਾਂਦੀ ਹੈ ਅਤੇ ਰਸਾਇਣਿਕ ਦਵਾਈਆਂ ਦੇ ਦੁਆਰਾ ਨਹੀਂ।

☛ ਸਿਹਤ ਅਤੇ ਸੁਰੱਖਿਆ

ਪ੍ਰਤੀਬੰਧਿਤ ਕੀਤੀਆਂ ਗਈਆਂ ਦਵਾਈਆਂ ਮਨੁੱਖੀ ਸਿਹਤ 'ਤੇ ਖ਼ਤਰਨਾਕ ਪ੍ਰਭਾਵ ਪਾ ਸਕਦੀਆਂ ਹਨ ਅਤੇ ਇਹ ਪ੍ਰਭਾਵ ਗੰਭੀਰ ਦਿਲ ਦੇ ਰੋਗ ਅਤੇ ਹਾਰਮੋਨਲ ਅਸੰਤੁਲਨ ਤੋਂ ਲੈ ਕੇ ਗੰਭੀਰ ਮਨੋਵਿਗਿਆਨਕ ਬਿਮਾਰੀਆਂ ਤੱਕ ਹੋ ਸਕਦੇ ਹਨ। ਐਸੀਆਂ ਘਟਨਾਵਾਂ ਦੀ ਪਹਿਲਾਂ ਹੀ ਪਛਾਣ ਅਤੇ ਰੋਕਥਾਮ ਡੋਪ ਟੈਸਟਿੰਗ ਦੁਆਰਾ ਕੀਤੀ ਜਾ ਸਕਦੀ ਹੈ ਅਤੇ ਇਸ ਲਈ ਇਹ ਅਸਲ ਰੂਪ ਵਿੱਚ ਜੀਵਨ-ਬਚਾਉਣ ਵਾਲਾ ਉਪਾਅ ਹੋ ਸਕਦਾ ਹੈ।

☛ ਸਰਕਾਰੀ ਨੌਕਰੀਆਂ ਵਿੱਚ ਇਮਾਨਦਾਰੀ

ਸਰਕਾਰੀ ਸੇਵਾ ਕਰਨ ਵਾਲੇ ਲੋਕ ਜੋ ਕਿ ਰੱਖਿਆ, ਪੁਲਿਸ, ਨਿਆਂ ਅਤੇ ਸਿਵਿਲ ਸੇਵਾਵਾਂ ਵਿੱਚ ਹਨ, ਉਨ੍ਹਾਂ 'ਤੇ ਭਾਰੀ ਜ਼ਿੰਮੇਵਾਰੀ ਹੁੰਦੀ ਹੈ ਜੋ ਕਿ ਕਰੋੜਾਂ ਲੋਕਾਂ 'ਤੇ ਪ੍ਰਭਾਵ ਪਾ ਸਕਦੀ ਹੈ। ਉਨ੍ਹਾਂ ਵਿੱਚ ਦਵਾਈਆਂ ਦੀ ਵਰਤੋਂ ਗਲਤ ਫੈਸਲੇ, ਭ੍ਰਿਸ਼ਟਾਚਾਰ, ਹਿੰਸਾ ਜਾਂ ਲਾਪਰਵਾਹੀ ਦਾ ਕਾਰਨ ਬਣ ਸਕਦੀ ਹੈ। ਕਰਮਚਾਰੀਆਂ ਦੇ ਵਿਅਕਤੀਗਤ ਪੱਖ 'ਤੇ ਐਸੀ ਲਾਪਰਵਾਹੀਆਂ ਰਾਸ਼ਟਰ ਦੇ ਹਿੱਤ ਨੂੰ ਖ਼ਤਰੇ ਵਿੱਚ ਪਾ ਸਕਦੀਆਂ ਹਨ।

☛ ਜਨਤਾ ਦਾ ਵਿਸ਼ਵਾਸ

ਜਿਹੜੀਆਂ ਸੰਸਥਾਵਾਂ ਨਿਯਮਿਤ ਦਵਾਈ ਟੈਸਟ ਕਰਦੀਆਂ ਹਨ ਉਹ ਇਹ ਦਰਸ਼ਾਉਂਦੀਆਂ ਹਨ ਕਿ ਉਹ ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਵਰਗੇ ਗੁੱਣਾਂ ਦੀ ਕਦਰ ਕਰਦੀਆਂ ਹਨ। ਇਹ ਜਨਤਾ ਵਿੱਚ ਵੱਡਾ ਵਿਸ਼ਵਾਸ ਬਣਾਉਣ ਵਿੱਚ ਮਦਦ ਕਰਦਾ ਹੈ।

☛ ਡੋਪ ਟੈਸਟਿੰਗ ਦੀ ਲਾਗਤ

ਜਦੋਂ ਕਿ ਵਿਸ਼ਾਲ ਪੱਧਰ 'ਤੇ ਡੋਪ ਟੈਸਟਿੰਗ ਲਾਗੂ ਕਰਨ ਲਈ ਵਿੱਤੀ ਨਿਵੇਸ਼ ਦੀ ਲੋੜ ਹੁੰਦੀ ਹੈ, ਪਰ ਇਹ ਲਾਗਤ ਦਵਾਈਆਂ ਦੇ ਦੁਰਵਿਵਹਾਰ ਨਾਲ ਹੋਣ ਵਾਲੇ ਸਮਾਜਿਕ ਅਤੇ ਨੈਤਿਕ ਨੁਕਸਾਨ ਦੇ ਮੁਕਾਬਲੇ ਵਿੱਚ ਘੱਟ ਹੁੰਦੀ ਹੈ।

ਟੈਸਟ ਦੀ ਕਿਸਮ ਅੰਦਾਜ਼ਿਤ ਲਾਗਤ (INR)

ਬੁਨਿਆਦੀ ਮੂਤਰ ਟੈਸਟ ਰੁ. 2,000 - ਰੁ. 5,000

ਖ਼ੂਨ ਦਾ ਟੈਸਟ ਰੁ. 7,000 - 15,000 ਰੁ.

ਵਾਲਾਂ ਦਾ ਫੋਲਿਕਲ ਟੈਸਟ (ਦੁਰਲਭ) ਰੁ. 15,000 – ਰੁ. 25,000

ਪਰ ਜੇਕਰ ਡੋਪ ਟੈਸਟਿੰਗ ਸਮੂਹਿਕ ਟੈਸਟਿੰਗ ਲਈ ਵਿਚਾਰਿਆ ਜਾਵੇ ਤਾਂ ਇਸ ਹਾਲਤ ਵਿੱਚ ਪ੍ਰਮਾਣਿਤ ਲੈਬਾਂ ਨਾਲ ਕਰਾਰ ਕਰਨ ਨਾਲ ਲਾਗਤ ਹੋਰ ਵੀ ਘਟਾਈ ਜਾ ਸਕਦੀ ਹੈ।

ਸਾਫ਼ ਸੁਥਰੀ ਮੁਕਾਬਲੇਬਾਜ਼ੀ ਲਈ ਜ਼ਰੂਰੀ ਟੈਸਟਿੰਗ

ਖੇਡਾਂ ਵਿੱਚ ਮਿਹਨਤੀ ਖਿਡਾਰੀਆਂ ਅਤੇ ਖਿਡਾਰੀਆਂ ਨੂੰ ਧੋਖਾਧੜੀ ਕਰਨ ਵਾਲਿਆਂ ਤੋਂ ਬਚਾਉਂਦਾ ਹੈ।

ਨੌਜਵਾਨ ਖਿਡਾਰੀਆਂ ਵਿਚ ਸ਼ੁਰੂਆਤੀ ਅਸੁਰੱਖਿਅਤ ਭਾਵਨਾ ਨੂੰ ਰੋਕਦਾ ਹੈ ਜੋ ਸਦਾ ਵਧੀਆ ਪ੍ਰਦਰਸ਼ਨ ਕਰਨ ਲਈ ਦਬਾਅ ਵਿੱਚ ਹੁੰਦੇ ਹਨ।

ਰਾਸ਼ਟਰ ਦੀ ਛਵੀ ਨੂੰ ਬਚਾਉਂਦਾ ਹੈ ਕਿਉਂਕਿ ਡੋਪੀਗ ਸਕੈਂਡਲ ਵਿਸ਼ਵ ਪੱਧਰ 'ਤੇ ਹਾਸਿਲ ਕੀਤੀ ਗਈ ਇੱਜ਼ਤ ਨੂੰ ਤਬਾਹ ਕਰ ਸਕਦੇ ਹਨ।

ਲੰਬੀ ਉਮਰ ਅਤੇ ਸੁੱਖ-ਸਿਹਤ ਨੂੰ ਪ੍ਰਚਾਰਿਤ ਕਰਦਾ ਹੈ ਜਿਸ ਨਾਲ ਸਭ ਖਿਡਾਰੀ ਅਤੇ ਖਿਡਾਰੀਆਂ ਨੂੰ ਸਿਹਤਮੰਦ ਅਤੇ ਨੈਤਿਕ ਤਰੀਕੇ ਨਾਲ ਮੁਕਾਬਲਾ ਕਰਨ ਦਾ ਮੌਕਾ ਮਿਲਦਾ ਹੈ।

ਸਰਕਾਰੀ ਅਤੇ ਸਿਵਿਲ ਸੇਵਾਵਾਂ ਵਿੱਚ ਸੱਚਾਈ ਅਤੇ ਅਨੁਸ਼ਾਸਨ ਦਾ ਉਦਾਹਰਣ ਸਥਾਪਿਤ ਕਰਨਾ

☛ ਕਾਨੂੰਨੀ ਅਤੇ ਨੈਤਿਕ ਢਾਂਚਾ

ਡੋਪ ਟੈਸਟਿੰਗ ਕਈ ਕਾਨੂੰਨੀ ਪ੍ਰਾਵਧਾਨਾਂ ਅਤੇ ਸੇਵਾ ਨਿਯਮਾਂ ਦੁਆਰਾ ਸਮਰਥਿਤ ਕੀਤੀ ਜਾਂਦੀ ਹੈ। ਹਾਲਾਂਕਿ, ਨੈਤਿਕ ਪ੍ਰੋਟੋਕੋਲਾਂ ਦੀ ਪਾਲਣਾ ਵੀ ਕੀਤੀ ਜਾਣੀ ਚਾਹੀਦੀ ਹੈ:

ਜਾਣੂਕਾਰੀ ਸਹਿਮਤੀ

ਨਤੀਜਿਆਂ ਦੀ ਗੋਪਨੀਯਤਾ

ਦੂਜੀ ਰਾਏ ਜਾਂ ਵਿਆਖਿਆ ਲਈ ਅਪੀਲ ਕਰਨ ਦਾ ਹੱਕ

ਇਹ ਵਿਅਕਤੀਆਂ ਦੇ ਹੱਕਾਂ ਦੀ ਸੁਰੱਖਿਆ ਕਰਦੇ ਹਨ ਜਦੋਂ ਕਿ ਕਠੋਰ ਮਿਆਰਾਂ ਨੂੰ ਬਰਕਰਾਰ ਰੱਖਦੇ ਹਨ।

ਆਖਿਰ ਵਿੱਚ ਅਸੀਂ ਇਹ ਕਹਿ ਸਕਦੇ ਹਾਂ ਕਿ ਖੇਡਾਂ ਦੇ ਖੇਤਰ ਜਾਂ ਸਰਕਾਰੀ ਦਫਤਰਾਂ ਵਿੱਚ, ਸੱਚਾਈ ਪ੍ਰਦਰਸ਼ਨ ਦਾ ਮੂਲ ਹੈ। ਡੋਪ ਟੈਸਟ ਨੂੰ ਸਜ਼ਾ ਦੇ ਕਾਰਵਾਈ ਦੇ ਤੌਰ 'ਤੇ ਨਹੀਂ ਦੇਖਣਾ ਚਾਹੀਦਾ ਬਲਕਿ ਇਹ ਇਕ ਰੱਖਿਆਕਾਰੀ ਉਪਾਅ ਹੈ ਜੋ ਸੱਚੀ ਖੇਡ ਭਾਵਨਾ ਅਤੇ ਮੁਕਾਬਲੇਬਾਜ਼ੀ ਨੂੰ ਯਕੀਨੀ ਬਣਾਉਣ ਲਈ ਲਾਜ਼ਮੀ ਹੈ। ਇਹ ਇੱਕ ਵਿਗਿਆਨਕ ਛਾਣ-ਬਿਨਾਂ ਵਜੋਂ ਵੀ ਦੇਖਿਆ ਜਾ ਸਕਦਾ ਹੈ ਜੋ ਮਿਹਨਤ ਨਾਲ ਪ੍ਰਾਪਤ ਕੀਤੀ ਗਈ ਮਹਾਨਤਾ ਨੂੰ ਕ੍ਰਿਤ੍ਰਿਮ ਪ੍ਰਾਪਤ ਕੀਤੀਆਂ ਲਾਭਾਂ ਤੋਂ ਵੱਖਰਾ ਕਰਦਾ ਹੈ।



ਵੱਧ ਰਹੀ ਮੁਕਾਬਲੇ ਦੀ ਭਾਵਨਾ, ਦਬਾਅ ਅਤੇ ਲਾਲਚ ਦੇ ਨਾਲ, ਜ਼ਰੂਰੀ ਅਤੇ ਨਿਯਮਤ ਡੋਪ ਟੈਸਟਿੰਗ ਹੁਣ ਵਿਕਲਪੀ ਨਹੀਂ ਰਹੀ, ਬਲਕਿ ਇਹ ਇਕ ਜ਼ਰੂਰਤ ਵਜੋਂ ਆਪਣੀ ਮਹੱਤਤਾ ਪ੍ਰਾਪਤ ਕਰ ਰਹੀ ਹੈ। ਨਿਆਂ, ਜਨਤਾ ਦੀ ਸਿਹਤ ਅਤੇ ਰਾਸ਼ਟਰ ਦੀ ਸ਼ਾਨ ਨੂੰ ਬਚਾਉਣ ਦੇ ਲਾਏ, ਚੈਂਪੀਅਨ ਬਣਾਉਣ ਲਈ ਇੱਕ ਪ੍ਰਤੀਬੰਧਿਤ ਦਵਾਈਆਂ ਮੁਕਤ ਸੰਸਕਾਰ ਦੀ ਸਿਰਜਣਾ ਕਰਨ ਲਈ ਕਦਮ ਉਠਾਉਣੇ ਚਾਹੀਦੇ ਹਨ ਅਤੇ ਇਹ ਹਰ ਖੇਤਰ ਲਈ ਸਭ ਤੋਂ ਵੱਡੀ ਜ਼ਰੂਰਤ ਹੋਣੀ ਚਾਹੀਦੀ ਹੈ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

### ਭਰਾ ਮਾਰੂ ਜੰਗ ਸੁਖਬੀਰ ਬਾਦਲ ਨੇ ਸ਼ੁਰੂ ਕੀਤੀ ਅਤੇ

# ਧਾਮੀ ਸਾਹਿਬ ਤੁਸੀਂ ਉਸ ਦਾ ਸਾਥ ਦਿੱਤਾ : ਸ਼੍ਰੋਮਣੀ ਕਮੇਟੀ ਮੈਂਬਰ





**ਚੰਡੀਗੜ੍ਹ 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਕਮੇਟੀ ਮੈਂਬਰਾਂ ਮਾਸਟਰ ਮਿੱਠੂ ਸਿੰਘ ਕਾਹਨੇਕੇ, ਜਥੇਦਾਰ ਮਲਕੀਤ ਸਿੰਘ ਚੰਗਾਲ, ਜਥੇਦਾਰ ਸਤਵਿੰਦਰ ਸਿੰਘ ਟੌਹੜਾ ਅਤੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਉਸ ਬਿਆਨ ਤੇ ਤਿੱਖੀ ਪ੍ਰਤਿਕਿਰਿਆ ਕਰਦਿਆਂ ਕਿਹਾ ਕਿ ਧਾਮੀ ਸਾਹਿਬ ਭਰਾ ਮਾਰੂ ਜੰਗ ਸੁਖਬੀਰ ਸਿੰਘ ਬਾਦਲ ਨੇ ਸ਼ੁਰੂ ਕੀਤੀ ਅਤੇ ਤੁਸੀਂ ਉਸ ਦਾ ਸਾਥ ਦਿੱਤਾ ਉਹਨਾਂ ਕਿਹਾ ਕਿ ਧਾਮੀ ਸਾਹਿਬ ਤੁਹਾਨੂੰ ਸਭ ਤੋਂ ਵੱਡਾ ਸਵਾਲ ਹੈ ਕਿ ਭਰਾ ਮਾਰੂ ਜੰਗ ਉਥੋਂ ਸ਼ੁਰੂ ਹੋਈ ਕਿ ਜਦੋਂ ਪਾਰਟੀ ਦੇ ਵਿੱਚ ਲੋਕਤੰਤਰ ਲਿਆਉਣ ਲਈ ਬਾਰ-ਬਾਰ ਪਾਰਟੀ ਦੇ ਹਾਰਨ ਦੇ ਕਾਰਨ ਸੁਖਬੀਰ ਸਿੰਘ ਬਾਦਲ ਤੋਂ ਅਸਤੀਫਾ ਮੰਗਿਆ ਗਿਆ ਤਾਂ ਉਹਨਾਂ ਆਪਣੇ ਸਾਥੀਆਂ ਨੂੰ ਬਾਹਰ ਦਾ ਰਸਤਾ ਦਿਖਾਉਣਾ ਸੁਰੂ ਕੀਤਾ। ਉਹ ਭਰਾ ਮਾਰੂ ਜੰਗ ਦੀ ਸ਼ੁਰੂਆਤ ਸੀ। ਉਹਨਾਂ ਕਿਹਾ ਕਿ ਅਸੀਂ ਤੁਹਾਨੂੰ ਪੁੱਛਣਾ ਚਾਹੁੰਦੇ ਆ ਕਿ ਜਿਸ ਦਿਨ ਸਿੰਘ ਸਾਹਿਬ ਹਟਾਏ ਗਏ ਜਾਂ ਸਿੰਘ ਸਾਹਿਬ ਦੂਜੇ ਬਦਲੇ ਗਏ ਤਾਂ ਤੁਸੀਂ ਅਸਤੀਫਾ ਦੇ ਕੇ ਚਲੇ ਗਏ ਸੀ ਕਿਉਂਕਿ ਤੁਹਾਨੂੰ ਵੀ ਕਾਰਵਾਈ ਸਹੀ ਨਹੀ ਸੀ ਲੱਗੀ ਉਸ ਵੇਲੇ ਤੁਸੀਂ ਜਥੇਦਾਰ ਸਾਹਿਬਾਨ ਦੇ ਹੱਕ ਦੇ ਵਿੱਚ ਹਾਅ ਦਾ ਨਾਰਾ ਮਾਰਿਆ ਸੀ ਇਹ ਵੱਖਰੀ ਗੱਲ ਹੈ ਕਿ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਤੇ ਜਥੇਦਾਰ ਕੇਸਗੜ੍ਹ ਸਾਹਿਬ ਦੀ ਤੁਸੀਂ ਮੰਨ ਕੇ ਵਾਪਸ ਨਹੀਂ ਆਏ ਪਰ ਸੁਖਬੀਰ ਸਿੰਘ ਬਾਦਲ ਦੇ ਦਬਾਅ ਥੱਲੇ ਆ ਕੇ ਤੁਸੀਂ ਵਾਪਸ ਆ ਗਏ ਅੱਜ ਤੁਹਾਡੇ ਮੂੰਹੋਂ ਅਜਿਹੀਆਂ ਗੱਲਾਂ ਨਹੀਂ ਸ਼ੋਭਦੀਆਂ। ਤੁਸੀਂ ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੋਂ ਆਕੀ ਹੋ ਕੇ ਬਾਗੀ ਹੋ ਕੇ ਸੱਤ ਮੈਂਬਰੀ ਕਮੇਟੀ ਦੇ ਵਿੱਚੋਂ ਵੀ ਅਸਤੀਫਾ ਦਿੱਤਾ ਦਿੱਤਾ ਅਤੇ ਹੁਕਮਨਾਮਾ ਸਾਹਿਬ ਨੂੰ ਦਰਕਿਨਾਰ ਕੀਤਾ ਇਸ ਕਰਕੇ ਭਰਾ ਮਾਰੂ ਜੰਗ ਦੇ ਲਈ ਸਭ ਤੋਂ ਵੱਡੇ ਜਿੰਮੇਵਾਰ ਤੁਸੀਂ ਹੋ ਅਤੇ ਤੁਹਾਡਾ ਆਕਾ ਸੁਖਬੀਰ ਬਾਦਲ ਹੈ। ਉਹਨਾਂ ਕਿਹਾ ਕਿ ਇਸ ਤੋਂ ਵੀ ਵੱਡੀ ਗੱਲ ਹੈ ਕਿ ਜਦੋਂ ਝੂੰਦਾ ਕਮੇਟੀ ਖੁਦ ਬਣਾਈ ਅਤੇ ਜਦੋਂ ਝੂੰਦਾ ਕਮੇਟੀ ਨੇ ਆਪਣੀ ਰਿਪੋਰਟ ਦੇ ਦਿੱਤੀ ਤਾਂ ਸੁਖਬੀਰ ਸਿੰਘ ਬਾਦਲ ਉਸ ਰਿਪੋਰਟ ਨੂੰ ਲਾਗੂ ਕਰਨ ਤੋਂ ਵੀ ਭੱਜ ਗਏ। ਇਸ ਕਰਕੇ ਸਾਡੇ ਪੁਰਖਿਆਂ ਦੀ ਪਾਰਟੀ ਨੂੰ ਸਾਹਮਣੇ ਮਰਦਾ ਵੇਖ ਪਾਰਟੀ ਦੇ ਵਿੱਚ ਪਾਰਟੀ ਪ੍ਰਧਾਨ ਦੀ ਤਬਦੀਲੀ ਜਾਂ ਪਾਰਟੀ ਦੀ ਲੀਡਰਸ਼ਿਪ ਦੀ ਤਬਦੀਲੀ ਦੀ ਮੰਗ ਕਰਨਾ ਕੋਈ ਭਰਾ ਮਾਰੂ ਜੰਗ ਨਹੀਂ ਹੈ ਸਗੋਂ ਇਹ ਤੁਹਾਡੀ ਕਬਜ਼ਾਧਾਰੀ ਨੀਤੀ ਹੈ। ਸੁਖਬੀਰ ਸਿੰਘ ਬਾਦਲ ਨੇ ਉਹ ਕਬਜ਼ਾ ਛੱਡ ਕੇ ਕਿਉਂ ਨਾ ਕੋਈ ਸਰਬ ਪ੍ਰਵਾਨਤ ਪਰਜੀਡੀਅਮ ਬਣਦੀ ਜਾਂ ਕੋਈ ਨਾ ਕੋਈ ਹੋਰ ਪ੍ਰਧਾਨ ਬਣਦਾ ਜਾਂ ਸੱਤ ਮੈਂਬਰੀ ਕਮੇਟੀ ਰਾਹੀਂ ਭਰਤੀ ਹੋ ਕੇ ਪ੍ਰਧਾਨ ਚੁਣਿਆ ਜਾਂਦਾ ਤਾਂ ਅੱਜ ਇਹ ਦਿਨ ਦੇਖਣੇ ਨਾ ਦੇਖਣੇ ਪੈਂਦੇ। ਉਹਨਾਂ ਕਿਹਾ ਕਿ ਐਸਜੀਪੀਸੀ ਚੋਣਾਂ ਦੇ ਸੰਬੰਧ ਵਿੱਚ ਵੀ ਤੁਹਾਡੀ ਗੱਲ ਹਾਸੋਹੀਣੀ ਲੱਗਦੀ ਹੈ ਕਿਉਂਕਿ ਐਸਜੀਪੀਸੀ ਚੋਣਾਂ ਦੇ ਲਈ ਤੁਹਾਡਾ ਹਰਿਆਣਾਂ ਵਿੱਚ ਪਾਰਟੀ ਦਾ ਸਿਪਾਸਲਾਰ ਹੋਣ ਦੇ ਨਾਲ ਬਲਦੇਵ ਸਿੰਘ ਕਾਇਮਪੁੱਰੀ ਜੋ ਇਸ ਸਮੇਂ ਅੰਤ੍ਰਿੰਗ ਕਮੇਟੀ ਮੈਂਬਰ ਵੀ ਹੈ ਅਤੇ ਹਰਿਆਣਾਂ ਕਮੇਟੀ ਦਾ ਮੇਬਰ ਵੀ ਬਣਿਆਂ ਹੈ ਤੁਸੀ ਉਸ ਤੋ ਕੇਸ ਪੁਆ ਕੇ ਹਾਈਕੋਰਟ ਤੋਂ ਸਟੇਅ ਲਿਆ ਹੋਇਆ ਇਸ ਕਰਕੇ ਤੁਰੰਤ ਆਪਣੇ ਬੰਦੇ ਨੂੰ ਕਹੋ ਕਿ ਹਾਈਕੋਰਟ ਦੇ ਵਿੱਚੋਂ ਕੇਸ ਵਾਪਸ ਲਵੇ ਤੇ ਲੋਕਾਂ ਦੀ ਕਚਹਿਰੀ ਦੇ ਵਿੱਚ ਜਾਈਏ ਤੇ ਲੋਕਾਂ ਦੀ ਕਚਹਿਰੀ ਸਾਫ ਕਰ ਦੇਵੇਗੀ ਕਿ ਸਿੱਖ ਪੰਥ ਕਿਸ ਨਾਲ ਹੈ ਤੇ ਕਿਸ ਨਾਲ ਨਹੀਂ ਹੈ। ਕੱਲ ਗਿਆਨੀ ਹਰਪ੍ਰੀਤ ਸਿੰਘ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸੇ ਸੰਦਰਭ ਵਿੱਚ ਕਿਹਾ ਗਿਆ ਹੈ ਕਿ ਕੇਸ ਵਾਪਸ ਲਓ ਤੇ ਜਦ ਚੋਣਾਂ ਆਉਣਗੀਆਂ ਤਾਂ ਲੋਕ ਜਵਾਬ ਦੇਣਗੇ ਤੇ ਐਸਜੀਪੀਸੀ ਚੋਣਾਂ ਅਸੀ ਜਿੱਤਾਂਗੇ ਤਾਂ ਪਾਰਟੀ ਨਿਸ਼ਾਨ ਤੇ ਦਫ਼ਤਰ ਖੁੱਦ ਬ ਖੁੱਦ ਸਾਨੂੰ ਮਿਲੇਗਾ ਨਾ ਕਿ ਉਹਨਾਂ ਕੋਈ ਜ਼ਬਰਦਸਤੀ ਕਬਜ਼ਾ ਕਰਨ ਦੀ ਗੱਲ ਕੀਤੀ ਹੈ। ਸੋ ਲੋਕਾਂ ਨੂੰ ਗੁੰਮਰਾਹ ਨਾ ਕਰੋ।

> ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕਤਾਤਰਿਕ ਤਰੀਕੇ ਨਾਲ ਐਸਜੀਪੀਸੀ ਲੈਣ ਦੀ ਗੱਲ ਕਹੀ ਨਾ ਕਿ ਜ਼ੋਰ ਜਬਰ ਨਾਲ ਕਬਜ਼ਾ ਕਰਨ ਦੀ

ਆਵਾਜ਼ਿ ਕੌਮ AWAZE QAUM International Newspaper & WEB TV

# ਨਿਊ ਐਮਪੀ ਏਪੀ 100 ਦੇ ਦੂਸਰੀ ਵਾਰ ਸੂਬਾ ਪ੍ਰਧਾਨ ਚੁਣੇ ਜਾਣ ਤੇ ਬਲਾਕ ਝਬਾਲ ਵੱਲੋਂ ਡਾ. ਢਿੱਲੋਂ ਦਾ ਸਨਮਾਨ

**ਮੀਟਿੰਗ ਦੇ ਸਮਾਪਤੀ ਭਾਸ਼ਣ ਵਿੱਚ ਬੋਲਦੇ ਹੋਏ ਦੂਜੀ ਵਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਚੁਣੇ ਗਏ ਡਾਕਟਰ ਤੇਜਿੰਦਰ ਸਿੰਘ ਜੀ ਢਿੱਲੋ ਨੇ ਬਲਾਕ ਝਬਾਲ ਦੇ ਸਾਥੀਆਂ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤੇ ਜਾਣ ਤੇ ਬਹੁਤ ਧੰਨਵਾਦ ਅਤੇ ਬੇਹੱਦ ਸ਼ੁਕਰਾਨਾ ਕੀਤਾ! ਡਾਕਟਰ ਢਿੱਲੋ ਜੀ ਨੇ ਕਿਹਾ ਕਿ ਇਹ ਸਭ .....**





ਸਰਾਏ ਅਮਾਨਤ ਖਾਂ, 12 ਅਗਸਤ (ਆਵਾਜ਼ਿ ਕੌਮ ਬਿਊਰੋ)- ਨਿਊ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਰਜਿਸਟਰਡ ਨੰਬਰ 100 ਦੇ ਜਿਲ੍ਹਾ ਤਰਨ ਤਾਰਨ ਦੇ ਬਲਾਕ ਝਬਾਲ ਦੀ ਮਹੀਨਾਵਾਰ ਮੀਟਿੰਗ ਬਾਬਾ ਬੁੱਢਾ ਸਾਹਿਬ ਜੀ ਦੀਵਾਨ ਹਾਲ ਠੱਠਾ ਵਿਖੇ ਹੋਈ ਸੀ ਜਿਸ ਵਿੱਚ ਫਿਰ ਤੋਂ ਦੂਜੀ ਵਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਚੁਣੇ ਗਏ ਡਾਕਟਰ ਤੇਜਿੰਦਰ ਸਿੰਘ ਜੀ ਢਿੱਲੋ ਅਤੇ ਸਹਾਇਕ ਸੂਬਾ ਕੈਸ਼ੀਅਰ ਚੁਣੇ ਗਏ ਡਾਕਟਰ ਪਲਵਿੰਦਰ ਸਿੰਘ ਜੀ ਬਾਊ ਢਿੱਲੋ ਨੂੰ ਬਲਾਕ ਝਬਾਲ ਦੇ ਸਾਥੀਆਂ ਵੱਲੋਂ ਬੜੇ ਉਤਸ਼ਾਹ, ਪ੍ਰੇਮ ਪਿਆਰ ਅਤੇ ਖੁਸ਼ੀ ਭਰੇ ਪਲਾਂ ਵਿੱਚ ਸਨਮਾਨਿਤ ਕੀਤਾ ਗਿਆ! ਨਵ ਨਿਯੁਕਤ ਹੋਏ ਸਹਾਇਕ ਸੂਬਾ ਕੈਸ਼ੀਅਰ ਡਾਕਟਰ ਪਲਵਿੰਦਰ ਸਿੰਘ ਜੀ ਬਾਊ ਨੇ ਸਭਨਾ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਡੇ ਲਈ ਬੜੇ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਸਾਡੀ ਯੂਨੀਅਨ ਨਿਊ ਐਮਪੀ ਏਪੀ 100 ਦੇ ਸਾਥੀਆਂ ਨੇ ਸਾਨੂੰ ਇਸ ਦੇ ਯੋਗ ਸਮਝਦੇ ਹੋਏ ਅਤੇ ਸਾਡੇ ਵੱਲੋਂ ਪਿਛਲੇ ਦੋ ਸਾਲਾਂ ਵਿੱਚ ਦਿੱਤੀਆਂ ਗਈਆਂ ਸੇਵਾਵਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਸਾਡੇ ਵਿੱਚ ਭਰੋਸੇ ਯੋਗਤਾ ਪ੍ਰਗਟਾਈ ਹੈ! ਇਸ ਲਈ ਅਸੀਂ ਸੂਬਾ ਭਰ ਦੇ ਡਾਕਟਰ ਸਾਥੀਆਂ ਦੇ ਬੇਹੱਦ ਧੰਨਵਾਦੀ ਹਾਂ! ਅਸੀਂ ਵਿਸ਼ਵਾਸ ਦਿਵਾਉਂਦੇ ਹਾਂ ਕਿ ਸਰਬ ਸੰਮਤੀ ਨਾਲ ਚੁਣੀ ਗਈ ਸਾਡੀ 15 ਮੈਂਬਰੀ ਸੂਬਾ ਟੀਮ; ਬਲਾਕਾ ਅਤੇ ਜ਼ਿਲਾ ਕਮੇਟੀਆਂ ਦੇ ਸਹਿਯੋਗ ਨਾਲ ਤੁਹਾਡੀ ਸੇਵਾ ਵਿੱਚ ਹਰ ਵੇਲੇ ਹਾਜ਼ਰ ਰਹੇਗੀ ਅਤੇ ਯੂਨੀਅਨ ਦੇ ਵਿਕਾਸ ਲਈ ਤਾਲਮੇਲ ਅਤੇ ਸਹਿਯੋਗ ਨਾਲ ਰਹਿੰਦੇ ਕਾਰਜਾਂ ਨੂੰ ਪੂਰਾ ਕਰੇਗੀ ਅਤੇ ਜਥੇਬੰਦੀ ਨੂੰ ਸੰਗਠਿਤ ਕਰਨ ਲਈ ਪੂਰਾ ਯੋਗਦਾਨ ਪਾਏਗੀ! ਜ਼ਿਲਾ ਤਰਨ ਤਾਰਨ ਦੇ ਪ੍ਰਧਾਨ ਡਾਕਟਰ ਗੁਰਭੇਜ ਸਿੰਘ ਜੀ ਢੋਟੀਆਂ ਨੇ ਭੇਜੇ ਆਪਣੇ ਲਿਖਤੀ ਸੰਦੇਸ਼ ਵਿੱਚ ਕਿਹਾ ਕਿ ਇਹ ਬੇਹੱਦ ਖੁਸ਼ੀ ਵਾਲੀ ਗੱਲ ਹੈ ਕਿ ਸਾਡੇ ਗ੍ਰਹਿ ਜ਼ਿਲ੍ਹਾ ਤਰਨ ਤਾਰਨ ਤੋਂ ਦੋ ਮੈਂਬਰਾਂ ਡਾਕਟਰ ਤੇਜਿੰਦਰ ਸਿੰਘ ਜੀ ਢਿੱਲੋਂ ਨੂੰ ਸੂਬਾ ਪ੍ਰਧਾਨ ਅਤੇ ਡਾਕਟਰ ਪਲਵਿੰਦਰ ਸਿੰਘ ਬਾਊ ਨੂੰ ਸੂਬਾ ਸਹਾਇਕ ਖਜਾਨਚੀ ਚੁਣਿਆ ਗਿਆ ਹੈ! ਅਸੀਂ ਬਲਾਕ ਖਡੂਰ ਸਾਹਿਬ ਅਤੇ ਜਿਲਾ ਕਮੇਟੀ ਤਰਨ ਤਾਰਨ ਵੱਲੋਂ ਪੂਰਨ ਵਿਸ਼ਵਾਸ ਦਵਾਉਂਦੇ ਹਾਂ ਕਿ ਸੂਬਾ ਕਮੇਟੀ ਦੀ ਛਤਰ ਛਾਇਆ ਹੇਠ ਅਤੇ ਸੂਬਾ ਪ੍ਰਧਾਨ ਡਾਕਟਰ ਢਿੱਲੋ ਦੀ ਅਗਵਾਈ ਵਿੱਚ ਜਥੇਬੰਦੀ ਨੂੰ ਪ੍ਰਫੁੱਲਤ ਕਰਨ ਲਈ ਦਿਨ ਰਾਤ ਮਿਹਨਤ ਕਰਦੇ ਰਹਾਂਗੇ! ਸਾਨੂੰ ਪਹਿਲਾਂ ਵੀ ਸੂਬਾ ਕਮੇਟੀ ਦੀ ਬਦੌਲਤ ਦੋ ਸਾਲ ਲਈ ਜ਼ਿਲ੍ਹਾ ਪ੍ਰਧਾਨਗੀ ਕਰਨ ਦਾ ਮੌਕਾ ਮਿਲਿਆ ਸੀ ਅਤੇ ਹੁਣ ਅਗਲੇ ਦੋ ਸਾਲ ਦੇ ਆਪਣੇ ਕਾਰਜਕਾਲ ਦੌਰਾਨ ਅਸੀਂ ਪੂਰੀ ਮਿਹਨਤ; ਇਮਾਨਦਾਰੀ ਅਤੇ ਤਨਦੇਹੀ ਨਾਲ ਸੂਬਾ ਕਮੇਟੀ ਦੇ ਨਕਸ਼ੇ ਕਦਮਾਂ ਤੇ ਚਲਦੇ ਹੋਏ ਆਪਣੀਆਂ ਸੇਵਾਵਾਂ ਸਮਰਪਿਤ ਕਰਦੇ ਰਹਾਂਗੇ! ਅਸੀਂ ਪੰਜਾਬ ਭਰ ਦੇ ਡਾਕਟਰ ਸਾਥੀਆਂ ਦੇ ਬੇਹੱਦ ਧੰਨਵਾਦੀ ਹਾਂ ਜਿਨ੍ਹਾਂ ਨੇ ਡਾਕਟਰ ਢਿੱਲੋ ਅਤੇ ਡਾਕਟਰ ਪਲਵਿੰਦਰ ਸਿੰਘ ਨੂੰ ਮੁੜ ਅਹੁਦਿਆਂ ਤੇ ਬਿਰਾਜਮਾਨ ਕੀਤਾ ਹੈ! ਮੀਟਿੰਗ ਦੇ ਸਮਾਪਤੀ ਭਾਸ਼ਣ ਵਿੱਚ ਬੋਲਦੇ ਹੋਏ ਦੂਜੀ ਵਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਚੁਣੇ ਗਏ ਡਾਕਟਰ ਤੇਜਿੰਦਰ ਸਿੰਘ ਜੀ ਢਿੱਲੋ ਨੇ ਬਲਾਕ ਝਬਾਲ ਦੇ ਸਾਥੀਆਂ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤੇ ਜਾਣ ਤੇ ਬਹੁਤ ਧੰਨਵਾਦ ਅਤੇ ਬੇਹੱਦ ਸ਼ੁਕਰਾਨਾ ਕੀਤਾ! ਡਾਕਟਰ ਢਿੱਲੋ ਜੀ ਨੇ ਕਿਹਾ ਕਿ ਇਹ ਸਭ ਤੁਹਾਡੇ ਸਾਥੀ ਭਰਾਵਾਂ ਦੀ ਕਿਰਪਾ ਸਦਕਾ ਹੀ ਹੈ ਕਿ ਤੁਸੀਂ ਮੈਨੂੰ ਪ੍ਰਧਾਨਗੀ ਦੇ ਯੋਗ ਸਮਝਦੇ ਹੋਏ ਅਗਲੇ ਦੋ ਸਾਲਾਂ ਲਈ ਜਥੇਬੰਦੀ ਦੀ ਵਾਗ ਡੋਰ ਮੇਰੇ ਹੱਥਾਂ ਵਿੱਚ ਸੌਂਪੀ ਹੈ! ਵਰਨਾ ਦੂਜੀਆਂ ਜਥੇਬੰਦੀਆਂ ਵਿੱਚ ਇਸ ਪ੍ਰਧਾਨਗੀ ਨੂੰ ਹਾਸਲ ਕਰਨ ਲਈ ਕਈ ਲੋਕ ਤਰਲੋ ਮੱਛੀ ਹੋਏ ਫਿਰਦੇ ਹਨ! ਜਿਵੇਂ ਕਿ ਜਥੇਬੰਦੀ 295 ਵਿੱਚ ਪ੍ਰਧਾਨਗੀ ਨੂੰ ਲੈ ਕੇ ਚੱਲ ਰਹੀ ਕਸ਼ਮਕਸ਼ ਅਤੇ ਸਿੱਟੇ ਵਜੋਂ ਪਾਰਟੀ ਦਾ ਦੁਫਾੜ ਹੋ ਜਾਣਾ ਇਸ ਦੀ ਪ੍ਰਤੱਖ ਮਿਸਾਲ ਤੁਹਾਡੇ ਸਾਹਮਣੇ ਹੈ! ਪਰ ਸਾਡੀ ਜਥੇਬੰਦੀ ਵਿੱਚ ਅਜਿਹਾ ਕੋਈ ਭਿੰਨ ਭੇਦ; ਵਿਤਕਰਾ ਜਾਂ ਰੌਲਾ ਨਹੀਂ ਹੈ! ਤੁਸੀਂ ਸਾਥੀ ਜਿਸ ਨੂੰ ਜਿਸ ਕੰਮ ਵਿੱਚ ਯੋਗ ਸਮਝਦੇ ਹੋ ਉਸ ਦਾ ਮਾਣ ਸਤਿਕਾਰ ਕਰਦੇ ਹੋਏ ਉਸੇ ਅਹੁਦੇ ਤੇ ਬਿਰਾਜਮਾਨ ਕਰਦੇ ਹੋ! ਮੈਂ ਫਿਰ ਤੋਂ ਤੁਹਾਨੂੰ ਯਕੀਨ ਦਿਵਾਉਂਦਾ ਹਾਂ ਕਿ ਜਿਸ ਤਰ੍ਹਾਂ ਪਿਛਲੇ ਦੋ ਸਾਲਾਂ ਵਿੱਚ ਤਨਦੇਹੀ; ਇਮਾਨਦਾਰੀ ਅਤੇ ਲਗਨ ਨਾਲ ਦਿਨ ਰਾਤ ਮਿਹਨਤ ਕਰਕੇ ਆਪਣੀ ਜਥੇਬੰਦੀ ਨਿਊ ਐਮਪੀਏਪੀ 100 ਦੇ ਨਿਰਮਾਣ ਤੋਂ ਲੈ ਕੇ ਸੰਗਠਿਤ ਕਰਨ; ਭਲਾਈ ਦੇ ਕੰਮ ਕਰਨ; ਬਲਾਕ ਅਤੇ ਜ਼ਿਲਾ ਕਮੇਟੀਆਂ ਸਥਾਪਿਤ ਕਰਨ; ਮੈਂਬਰਸ਼ਿਪ ਵਧਾਉਣ; ਅਤੇ ਆਰਥਿਕਤਾ ਵਧਾਉਣ ਵਰਗੇ ਕਈ ਕਾਰਜ ਕੀਤੇ ਹਨ ਉਸੇ ਤਰ੍ਹਾਂ ਆਉਂਦੇ ਦੋ ਸਾਲਾਂ ਵਿੱਚ ਰਹਿ ਗਏ ਅਧੂਰੇ ਕੰਮ ਵੀ ਪੂਰੇ ਕਰਾਂਗੇ! ਸੋਸ਼ਲ ਮੀਡੀਆ ਅਤੇ ਪ੍ਰੈਸ ਦੇ ਹਵਾਲੇ ਨਾਲ ਪੰਜਾਬ ਸਰਕਾਰ ਨੂੰ ਯਾਦ ਦਵਾਉਂਦੇ ਹੋਏ ਸੂਬਾ ਪ੍ਰਧਾਨ ਡਾਕਟਰ ਤੇਜਿੰਦਰ ਸਿੰਘ ਜੀ ਢਿੱਲੋ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਜਨਵਰੀ 2022 ਵਿੱਚ ਆਪਣੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਆਰਐਮਪੀ ਡਾਕਟਰਾਂ ਦੇ 1963 ਤੋਂ ਬੰਦ ਪਏ ਰਜਿਸਟਰੇਸ਼ਨ ਬਹਾਲ ਕਰਨ ਅਤੇ ਹੋਰ ਮਸਲਿਆਂ ਨੂੰ ਹੱਲ ਕਰਨ ਦਾ ਵਿਸ਼ਵਾਸ ਦਵਾਇਆ ਸੀ ਜੋ ਕਿ ਸਾਢੇ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਵੀ ਠੰਡੇ ਬਸਤੇ ਵਿੱਚ ਪਿਆ ਹੈ! ਹੱਲ ਕੱਢਣ ਦੀ ਬਜਾਏ ਪਿਛਲੀਆਂ ਅਕਾਲੀ ਕਾਂਗਰਸੀ ਸਰਕਾਰਾਂ ਵਾਂਗੂੰ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ! ਅਸੀਂ ਪੰਜਾਬ ਦੇ ਸੀਐਮ ਭਗਵੰਤ ਮਾਨ ਜੀ ਨੂੰ ਪੁਰਜ਼ੋਰ ਅਪੀਲ ਕਰਦੇ ਹਾਂ ਕਿ ਸਾਡੇ ਮਸਲੇ ਦਾ ਜਲਦੀ ਤੋਂ ਜਲਦੀ ਹੱਲ ਕੱਢਿਆ ਜਾਵੇ! ਅਸੀਂ ਪੰਜਾਬ ਸਰਕਾਰ ਦੇ ਹਮੇਸ਼ਾ ਰਿਣੀ ਰਹਾਂਗੇ! ਅਸੀਂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਗਈ ਮੁਹਿੰਮ; ਯੁੱਧ ਨਸ਼ਿਆਂ ਵਿਰੁੱਧ ਦਾ ਪੂਰਨ ਸਮਰੱਥਨ ਕਰਦੇ ਹਾਂ!

# ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕੀਤਾ ਸਮੁੱਚੇ ਡੇਲੀਗੇਟਾਂ ਅਤੇ ਲੀਡਰਸ਼ਿੱਪ ਦਾ ਧੰਨਵਾਦ



**ਚੰਡੀਗੜ੍ਹ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੋਮਣੀ ਅਕਾਲੀ ਦਲ ਦੇ ਕੱਲ ਨਵੇ ਚੁੱਣੇ ਪ੍ਰਧਾਨ ਗਿਆਨ ਹਰਪ੍ਰੀਤ ਸਿੰਘ ਨੇ ਉਨ੍ਹਾਂ 'ਤੇ ਭਰੋਸਾ ਜਤਾਉਣ ਦੇ ਲਈ ਸਾਰੇ ਡੇਲੀਗੇਟ ਸਹਿਬਾਨ ਦਾ ਅਤੇ ਸਮੁੱਚੀ ਲੀਡਰਸਿੱਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਲੋਕਤਾਂਤਰਿਕ ਤਰੀਕੇ ਨਾਲ ਚੁਣੇ ਜਾਣ ਅਤੇ ਪੰਜ ਮੈਂਬਰੀ ਭਰਤੀ ਕਮੇਟੀ ਦੀ ਅਗਵਾਈ ਹੇਠ ਜਿਸ ਤਰ੍ਹਾਂ ਲੱਖਾਂ ਦੀ ਗਿਣਤੀ ਵਿਚ ਭਰਤੀ ਹੋਈ, ਉਸ ਨੇ ਸਾਬਤ ਕਰ ਦਿੱਤਾ ਸੀ ਕਿ ਪੰਜਾਬ ਦੇ ਲੋਕ ਪੰਥ ਅਤੇ ਪੰਜਬੀਆਂ ਵੱਲੋਂ ਪ੍ਰਮਾਣਿਤ ਲੀਡਰਸ਼ਿਪ ਚਾਹੁੰਦੇ ਹਨ ਨਾ ਕਿ ਥੋਪੀ ਹੋਈ ਲੀਡਰਸ਼ਿਪ। ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਮੁੱਚੇ ਪੰਜਾਬ ਦੇ ਲੋਕਾਂ ਦੇ ਸਹਿਯੋਗ ਦੇ ਨਾਲ ਭਵਿੱਖ ਵਿਚ ਵੀ ਪੰਜਾਬੀਆਂ ਦੇ ਹਿੱਤਾਂ ਦੀ ਲੜਾਈ ਲੜੀ ਜਾਵੇਗੀ। ਉਨ੍ਹਾਂ ਫੇਰ ਤੋਂ ਸਮੁੱਚੇ ਡੇਲੀਗੇਟਾਂ ਸਹਿਬਾਨ ਦਾ ਅਤੇ ਲੀਡਰਸਿੱਪ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਵਰਕਸ਼ਾਪ ਆੱਨ ਫਲੈਗਸ਼ਿਪ ਸਕੀਮਜ਼ ਅਧੀਨ ਪੋਲੀਟੈਕਨੀਕਲ ਵਿਖੇ ਲਗਾਈ ਵਰਕਸ਼ਾਪ




**ਹੁਸ਼ਿਆਰਪੁਰ, 12 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੇਰਾ ਭਾਰਤ ਹੁਸ਼ਿਆਰਪੁਰ ਦੇ ਜ਼ਿਲ੍ਹਾ ਯੁਵਾ ਅਧਿਕਾਰੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਬਹੁਰੰਗ ਕਲਾਮੰਚ ਹੁਸ਼ਿਆਰਪੁਰ ਵਲੋਂ ਇਕ ਵਰਕਸ਼ਾਪ ਆੱਨ ਫਲੈਗਸ਼ਿਪ ਸਕੀਮਜ਼ ਦਾ ਆਯੋਜਨ ਪੰਡਿਤ ਜੇ.ਆਰ.ਗੌਰਮਿੰਟ ਪੋਲਟੈਕਨਿਕ ਕਾਲਜ ਹੁਸ਼ਿਆਰਪੁਰ ਵਿਖੇ ਕੀਤਾ ਗਿਆ ਜਿਸ ਵਿੱਚ ਐਸ.ਬੀ.ਆਈ. ਬੈਂਕ, ਪੋਸਟ ਆਫਿਸ, ਮਿਊਂਸੀਪਲ ਕਾਰਪੋਰੇਸ਼ਨ ਅਤੇ ਏ.ਡੀ.ਸੀ.ਡਿਵੈਲਪਮੈਂਟ ਦੇ ਦਫ3ਤਰ ਵਿਚੋਂ ਪ੍ਰਧਾਨ ਮੰਤਰੀ ਯੋਜਨਾਵਾਂ ਦੇ ਮਾਹਿਰ ਹਾਜ਼ਰ ਹੋਏ। ਇਸ ਵਰਕਸ਼ਾਪ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਸਨ। ਬਹੁਰੰਗ ਕਲਾਮੰਚ ਹੁਸ਼ਿਆਰਪੁਰ ਵਲੋਂ ਆਯੋਜਿਤ ਇਸ ਵਰਕਸ਼ਾਪ ਦੇ ਸੰਚਾਲਕ ਅਸ਼ੋਕ ਪੁਰੀ ਅਤੇ ਸਤਿ ਸ਼੍ਰੀ ਅਕਾਲ ਦੁਆਬਾ ਦੇ ਪ੍ਰਧਾਨ ਰਮੇਸ਼ ਕੁਮਾਰ ਅਤੇ ਪ੍ਰੋਫੈਸਰ ਡਾ.ਪੰਕਜ ਚਾਵਲਾ ਸਨ। ਫਲੈਗਸ਼ਿਪ ਸਕੀਮਾਂ ਦੀ ਜਾਣਕਾਰੀ ਨੂੰ ਸ਼ੁਰੂ ਕਰਦੇ ਹੋਏ ਸਟੇਟ ਬੈਂਕ ਆਫ ਇੰਡੀਆ ਦੇ ਐਸੋਸੀਏਟ ਅਮਿਤ ਕੁਮਾਰ ਅਤੇ ਅਸਿਸਟੈਂਟ ਮੈਨੇਜਰ ਵਰਿੰਦਰ ਕਸ਼ਿਅਪ ਨੇ ਪ੍ਰਧਾਨਮੰਤਰੀ ਯੋਜਨਾਵਾਂ ਜੋ ਕਿ ਬੈਂਕ ਵਲੋਂ ਦਿੱਤੀਆਂ ਜਾਂਦੀਆਂ ਹਨ, ਦੀ ਜਾਣਕਾਰੀ ਵਿਸਥਾਰ ਵਿੱਚ ਦਿੱਤੀ। ਮਿਊਂਸੀਪਲ ਕਾਰਪੋਰੇਸ਼ਨ ਦੇ ਸੀ.ਐਮ.ਐਮ. ਇੰਦਰਜੀਤ ਸਿੰਘ ਅਤੇ ਐਮ.ਆਈ.ਐਸ. ਸਪੈਸ਼ਿਲਸਟ ਪੁਨੀਤ ਜੋਸ਼ੀ ਨੇ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੇ ਨਾਲ ਹਰੇਕ ਲੋੜਵੰਦ ਅਤੇ ਲੋੜਵੰਦ ਲੋਕਾਂ ਦੇ ਸਹਾਇਕਾ ਨੂੰ ਅੱਗੇ ਆ ਕੇ ਲਾਭ ਉਠਾਉਣ ਦੀ ਅਪੀਲ ਕੀਤੀ। ਇਸ ਮੌਕੇ ਤੇ ਡਾਕਖਾਨੇ ਦੇ ਏ.ਪੀ.ਐਮ. ਸਰਬਜੀਤ ਸਿੰਘ ਨੇ ਭਾਰਤ ਦੇ ਡਾਕਖਾਨਿਆਂ ਵਿੱਚ ਚਲਾਈਆਂ ਜਾਂਦੀਆਂ ਸਕੀਮਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਤੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੇ ਮਾਈ ਭਾਰਤ ਹੁਸ਼ਿਆਰਪੁਰ ਅਤੇ ਬਹੁਰੰਗ ਕਲਾਮੰਚ ਵਲੋਂ ਇਸ ਵਰਕਸ਼ਾਪ ਲਈ ਪੋਲਟੈਕਨਿਕ ਦੀ ਚੋਣ ਕਰਨ ਲਈ ਧੰਨਵਾਦ ਕੀਤਾ ਅਤੇ ਵੱਖ ਵੱਖ ਅਦਾਰਿਆਂ ਦੇ ਪ੍ਰਧਾਨਮੰਤਰੀ ਯੋਜਨਾਵਾਂ ਦੇ ਮਾਹਿਰਾ ਨੂੰ ਜੀ ਆਇਆ ਆਖਿਆ। ਉਨ੍ਹਾਂ ਸਾਰੇ ਚਲਦੇ ਪ੍ਰੋਗਰਾਮ ਵਿੱਚ ਭਾਗ ਲਿਆ ਅਤੇ ਵਿਦਿਆਰਥੀਆਂ ਵਲੋਂ ਉਠਾਏ ਗਏ ਸਵਾਲਾਂ ਦੇ ਜਵਾਬ ਮੰਗੇ। ਜਿਨ੍ਹਾਂ ਦਾ ਮਾਹਿਰਾਂ ਨੇ ਤਸੱਲੀਬਖਸ਼ ਜਵਾਬ ਦਿੱਤਾ। ਇਸ ਮੌਕੇ ਤੇ ਅਸ਼ੋਕ ਪੁਰੀ ਨੇ ਆਖਿਆ ਕਿ ਭਾਰਤ ਵਿੱਚ ਨੌਜਵਾਨਾਂ ਨੂੰ ਸਰਕਾਰੀ ਅਤੇ ਕੋਆਪ੍ਰੇਟਿਵ ਅਦਾਰਿਆਂ ਦੀ ਪੂਰਨ ਜਾਣਕਾਰੀ ਲੈ ਕੇ ਇਸਤੇਮਾਲ ਕਰਨਾ ਕਰਨਾ ਚਾਹੀਦਾ ਹੈ। ਇਸ ਨਾਲ ਹੀ ਅਜੋਕੇ ਯੁੱਗ ਵਿੱਚ ਮਨੁੱਖ ਅਤੇ ਦੇਸ਼ ਦਾ ਕਲਿਆਣ ਹੋ ਸਕੇਗਾ। ਮਾਈ ਭਾਰਤ ਹੁਸ਼ਿਆਰਪੁਰ ਵਲੋਂ ਪੁਨੀਤ ਜੋਸ਼ੀ, ਇੰਦਰਜੀਤ ਸਿੰਘ, ਸਰਬਜੀਤ ਸਿੰਘ, ਅਮਿਤ ਠਾਕੁਰ, ਵਰਿੰਦਰ ਕਸ਼ਿਅਪ ਦੇ ਨਾਲ ਰਾਜੇਸ਼ ਕੁਮਾਰ, ਪ੍ਰੋ.ਡਾ.ਪੰਕਜ ਚਾਵਲਾ ਅਤੇ ਪ੍ਰਿੰਸੀਪਲ ਰਾਜੇਸ਼ ਕੁਮਾਰ ਧੁੰਨਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਜਰਨੈਲ ਸਿੰਘ, ਮਨਜੀਤ ਸਿੰਘ, ਅਵੀਨਾਸ਼ ਚੰਦ ਅਤੇ ਸ਼ਾਹਿਦ ਸ਼ਫੀ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਗੰਡੀਵਿੰਡ ਵਿਖੇ ਬ੍ਰਹਮ ਗਿਆਨੀ ਬਾਬਾ ਹੀਰਾ ਦਾਸ ਜੀ ਦਾ ਸਾਲਾਨਾ ਜੋੜ ਮੇਲਾ 16 ਅਗਸਤ ਨੂੰ



ਸਰਾਏ ਅਮਾਨਤ ਖਾਂ, 12 ਅਗਸਤ ( ਆਵਾਜ਼ਿ ਕੌਮ ਬਿਊਰੋ)-ਬ੍ਰਹਮ ਗਿਆਨੀ ਬਾਬਾ ਹੀਰਾਦਾਸ ਜੀ ਦਾ ਸਲਾਨਾ ਜੋੜ ਮੇਲਾ ਪਿੰਡ ਗੰਡੀ ਵਿੰਡ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ16 ਅਗਸਤ ਦਿਨ ਸ਼ਨੀਵਾਰ 1 ਭਾਦਰੋ ਨੂੰ ਬੜੀ ਧੂਮਧਾਮ ਮਨਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਮੈਨੇਜਰ ਸਰਬਦਿਆਲ ਸਿੰਘ ਘਰਿਆਲਾ ਨੇ ਦੱਸਿਆ ਕਿ ਇਲਾਕੇ ਦੀਆਂ ਸਮੂਹ ਸੰਗਤਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ ਬਾਬਾ ਹੀਰਾ ਦਾਸ ਜੀ ਦਾ ਸਲਾਨਾ ਜੋੜ ਮੇਲਾ ਸ਼ਰਧਾ ਪੂਰਵਕ ਮਨਾਇਆ ਜਾਵੇਗਾ 16 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਧਾਰਮਿਕ ਦੀਵਾਨ ਸੱਜਣਗੇ ਜਿਸ ਵਿੱਚ ਉੱਚ ਕੋਟੀ ਦੇ ਰਾਗੀ ਢਾਡੀ ਕਵੀਸ਼ਰ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਨਗੇ। ਉਹਨਾ ਦੱਸਿਆ ਕਿ ਸ਼ਾਮ ਨੂੰ ਨਾਮਵਰ ਕਬੱਡੀ ਟੀਮਾਂ ਵਿਚਕਾਰ ਕਬੱਡੀ ਸ਼ੋਅ ਮੈਚ ਕਰਾਏ ਜਾਣਗੇ। ਇਸ ਤੋਂ ਇਲਾਵਾ ਗੁਰੂ ਕੇ ਲੰਗਰ ਵੀ ਅਟੁੱਟ ਵਰਤਾਏ ਜਾਣਗੇ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ।ਇਸ ਸਮੇਂ ਗੁਰਜੀਤ ਸਿੰਘ ਮੀਤ ਮੈਨੇਜਰ, ਦਿਲਬਾਗ ਸਿੰਘ ਝਬਾਲ, ਸੁਖਜੀਤ ਸਿੰਘ ਗੰਡੀਵਿੰਡ, ਬਾਬਾ ਪਰਮਜੀਤ ਸਿੰਘ, ਬੇਅੰਤ ਸਿੰਘ ਸਮਰਾ, ਆਦਿ ਹਾਜ਼ਰ ਸਨ। ਉਹਨਾ ਦੱਸਿਆ ਕਿ ਸ਼ਾਮ ਨੂੰ ਨਾਮਵਰ ਕਬੱਡੀ ਟੀਮਾਂ ਵਿਚਕਾਰ ਕਬੱਡੀ ਸ਼ੋਅ ਮੈਚ ਕਰਾਏ ਜਾਣਗੇ। ਇਸ ਤੋਂ ਇਲਾਵਾ ਗੁਰੂ ਕੇ ਲੰਗਰ ਵੀ ਅਟੁੱਟ ਵਰਤਾਏ ਜਾਣਗੇ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਜਾਣਗੀਆਂ।ਇਸ ਸਮੇਂ ਗੁਰਜੀਤ ਸਿੰਘ ਮੀਤ ਮੈਨੇਜਰ, ਦਿਲਬਾਗ ਸਿੰਘ ਝਬਾਲ, ਸੁਖਜੀਤ ਸਿੰਘ ਗੰਡੀਵਿੰਡ, ਬਾਬਾ ਪਰਮਜੀਤ ਸਿੰਘ, ਬੇਅੰਤ ਸਿੰਘ ਸਮਰਾ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV